ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

**International Daily Newspaper & WEB TV**

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7l

awazeqaumtvpunjab@gmail.com

ਬੁੱਧਵਾਰ, 9 ਸਤੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੨੪ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243





## ਕਾਂਗਰਸ ’ਚ ਜਾਣਗੇ ਕੈਪਟਨ ਅਮਰਿੰਦਰ ਸਿੰਘ ?

**ਚੰਡੀਗੜ੍ਹ , 8 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਕਾਂਗਰਸ ’ਚ ਜਾਣ ਦੀਆਂ ਚਰਚਾਵਾਂ ਵਿਚਾਲੇ ਉਨ੍ਹਾਂ ਦੀ ਧੀ ਜੈਇੰਦਰ ਕੌਰ ਦਾ ਵੱਡਾ ਬਿਆਨ ਸਾਹਮਣੇ ਆਇਆ ਹੈ। ਪੰਜਾਬ ਭਾਜਪਾ ਮਹਿਲਾ ਮੋਰਚਾ ਦੀ ਪ੍ਰਧਾਨ ਜੈਇੰਦਰ ਕੌਰ ਨੇ ਸਪੱਸ਼ਟ ਕੀਤਾ ਹੈ ਕਿ ਉਨ੍ਹਾਂ ਦੇ ਪਿਤਾ ਭਾਜਪਾ ’ਚ ਰਹਿਣਗੇ। ਮੀਡੀਆ ਵਲੋਂ ਕੈਪਟਨ ਦੇ ਕਾਂਗਰਸ ’ਚ ਜਾਣ ਦੇ ਸਵਾਲ ਦਾ ਜਵਾਬ ਦਿੰਦਿਆਂ ਉਨ੍ਹਾਂ ਨੇ ਕਿਹਾ ਕਿ ਕੈਪਟਨ ਸਾਹਿਬ ਭਾਜਪਾ ’ਚ ਹਨ ਅਤੇ ਭਾਜਪਾ ’ਚ ਹੀ ਰਹਿਣਗੇ। ਜੈਇੰਦਰ ਕੌਰ ਨੇ ਕਿਹਾ ਕਿ ਕਾਂਗਰਸ ’ਚ ਅੰਦਰੂਨੀ ਕਲੇਸ਼ ਚੱਲ ਰਿਹਾ ਹੈ ਅਤੇ ਉਨ੍ਹਾਂ ਕੋਲ ਜਦੋਂ ਕੋਈ ਹੋਰ ਮੁੱਦਾ ਨਹੀਂ ਹੁੰਦਾ ਤਾਂ ਉਹ ਅਜਿਹੀਆਂ ਅਫ਼ਵਾਹਾਂ ਫੈਲਾ ਦਿੰਦੇ ਹਨ। ਫਿਲਹਾਲ ਕੈਪਟਨ ਅਮਰਿੰਦਰ ਸਿੰਘ ਇਸ ਮਾਮਲੇ ਨੂੰ ਲੈ ਕੇ ਚੁੱਪ ਹਨ ਅਤੇ ਇਸ ਬਾਰੇ ਅਜੇ ਤੱਕ ਉਨ੍ਹਾਂ ਦਾ ਕੋਈ ਵੀ ਬਿਆਨ ਸਾਹਮਣੇ ਨਹੀਂ ਆਇਆ ਹੈ। ਦੱਸਣਯੋਗ ਹੈ ਕਿ 15 ਅਗਸਤ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਲਾਲ ਕਿਲ੍ਹੇ ਤੋਂ ਆਪਣੇ ਭਾਸ਼ਣ ’ਚ ’ਦਿਮਾਗੀ ਨਕਸਲਵਾਦ’ ਨੂੰ ਰੋਕਣ ਦਾ ਸੱਦਾ ਦਿੱਤਾ ਸੀ ਅਤੇ ਕੈਪਟਨ ਨੇ ਆਪਣੇ ਲੇਖ ਰਾਹੀਂ ਪ੍ਰਧਾਨ ਮੰਤਰੀ ਨੂੰ ’ਦਿਮਾਗੀ ਨਕਸਲਵਾਦ’ ਸ਼ਬਦ ਨੂੰ ਸਪੱਸ਼ਟ ਕਰਨ ਲਈ ਕਿਹਾ ਸੀ। ਅਜਿਹੇ ’ਚ ਚਰਚਾ ਛਿੜ ਗਈ ਸੀ ਕਿ ਕੈਪਟਨ ਕਾਂਗਰਸ ਦਾ ਹਿੱਸਾ ਹੋਣਗੇ ਪਰ ਹੁਣ ਇਨ੍ਹਾਂ ਸਾਰੀਆਂ ਚਰਚਾਵਾਂ ਨੂੰ ਲੈ ਕੇ ਜੈਇੰਦਰ ਕੌਰ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਕੈਪਟਨ ਭਾਜਪਾ ਦਾ ਹੀ ਹਿੱਸਾ ਰਹਿਣਗੇ।

## ਗੁਲਜਾਰ ਸਿੰਘ ਦੇ ਖੁਦਕੁਸ਼ੀ ਮਾਮਲੇ ’ਚ ਸਰਪੰਚ ਸਮੇਤ ਪੰਜ ’ਤੇ ਐਫਆਈਆਰ

# ਸਰਕਾਰ ’ਤੇ ਭੜਕੀ ਵਿਰੋਧੀ ਧਿਰ !



**ਚੰਡੀਗੜ੍ਹ, 8 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਸਰਕਾਰੀ ਪ੍ਰੋਗਰਾਮ ਦੌਰਾਨ ਨਸ਼ਿਆਂ ਦੇ ਮੁੱਦੇ ’ਤੇ ਸਵਾਲ ਪੁੱਛਣ ਵਾਲੇ ਇੱਕ ਬਜ਼ੁਰਗ ਕਿਸਾਨ ਗੁਲਜ਼ਾਰ ਸਿੰਘ ਦੀ ਜ਼ਹਿਰੀਲੀ ਚੀਜ਼ ਨਿਗਲਣ ਕਾਰਨ ਮੌਤ ਹੋ ਗਈ ਹੈ। ਲੁਧਿਆਣਾ ਦੇ ਡੀ.ਐੱਮ.ਸੀ.ਐੱਚ. ਹਸਪਤਾਲ ਵਿੱਚ ਇਲਾਜ ਦੌਰਾਨ ਬਜ਼ੁਰਗ ਨੇ ਦਮ ਤੋੜ ਦਿੱਤਾ। ਇਸ ਘਟਨਾ ਤੋਂ ਬਾਅਦ ਪੰਜਾਬ ਦੀ ਰਾਜਨੀਤੀ ਗਰਮਾ ਗਈ ਹੈ ਅਤੇ ਵਿਰੋਧੀ ਧਿਰਾਂ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਖ਼ਿਲਾਫ਼ ਮੋਰਚਾ ਖੋਲ੍ਹ ਦਿੱਤਾ ਹੈ। ਪੁਲਿਸ ਨੇ ਲਖਵਿੰਦਰ ਸਿੰਘ ਉਰਫ਼ ਲੱਖਾ ਪੁੱਤਰ ਗੁਲਜ਼ਾਰ ਸਿੰਘ (ਮ੍ਰਿਤਕ) ਵੱਲੋਂ ਮੌਤ ਤੋਂ ਪਹਿਲਾਂ ਦਿੱਤੇ ਬਿਆਨਾਂ ਦੇ ਆਧਾਰ ’ਤੇ ਵੱਡੀ ਕਾਰਵਾਈ ਕਰਦਿਆਂ 5 ਵਿਅਕਤੀਆਂ ਖ਼ਿਲਾਫ਼ ਐੱਫ.ਆਈ.ਆਰ. ਦਰਜ ਕੀਤੀ ਹੈ। ਨਾਮਜ਼ਦ ਕੀਤੇ ਗਏ ਮੁਲਜ਼ਮਾਂ ਵਿੱਚ ਸਰਪੰਚ ਅਤੇ ਇੱਕ ਪੰਚਾਇਤ ਮੈਂਬਰ ਵੀ ਸ਼ਾਮਲ ਹਨ। 1. ਬਲਜੀਤ ਸਿੰਘ @ ਰਾਜ (ਸਰਪੰਚ) 2. ਸੁਖਦੇਵ ਸਿੰਘ ਉਰਫ ਸੁੱਖਾ, ਕੰਡਕਟਰ 3. ਵਿੱਕੀ ਸਿੰਘ, ਮੈਂਬਰ ਪੰਚਾਇਤ 4. ਗੋਨਾ ਸਿੰਘ ਪੁੱਤਰ ਬਾਬੂ ਸਿੰਘ 5. ਬਲਜਿੰਦਰ ਕੌਰ ਸਰਪੰਚ ਮਿਲੀ ਜਾਣਕਾਰੀ ਮੁਤਾਬਕ ਦਿੜ੍ਹਬਾ ’ਚ ਮੰਤਰੀ ਹਰਪਾਲ ਚੀਮਾ ਦੇ ਇੱਕ ਪ੍ਰੋਗਰਾਮ ਦੌਰਾਨ ਬਜ਼ੁਰਗ ਕਿਸਾਨ ਗੁਲਜ਼ਾਰ ਸਿੰਘ ਨੇ ਖੁੱਲ੍ਹ ਕੇ ਸਵਾਲ ਕੀਤਾ ਸੀ, “ਮੇਰਾ ਪੁੱਤਰ ਸ਼ਰੇਆਮ ਚਿੱਟਾ ਪੀਂਦਾ ਹੈ, ਤੁਸੀਂ ਨਸ਼ਾ ਕਿਉਂ ਨਹੀਂ ਰੋਕਦੇ ?” ਦੋਸ਼ ਹਨ ਕਿ ਸਵਾਲ ਪੁੱਛਣ ਤੋਂ ਬਾਅਦ ਬਜ਼ੁਰਗ ਨੂੰ ਪੁਲਿਸ ਹਿਰਾਸਤ ’ਚ ਲਿਆ ਗਿਆ ਅਤੇ ਆਪ ਕਰਮਚਾਰੀਆਂ, ਪੰਚਾਇਤ ਮੈਂਬਰਾਂ ਤੇ ਮੰਤਰੀ ਦੇ ਸਮਰਥਕਾਂ ਵੱਲੋਂ ਕਥਿਤ ਤੌਰ ’ਤੇ ਉਸ ’ਤੇ ਮੰਤਰੀ ਤੋਂ ਮਾਫ਼ੀ ਮੰਗਣ ਲਈ ਭਾਰੀ ਦਬਾਅ ਪਾਇਆ ਗਿਆ। ਇਸ ਤੋਂ ਪਰੇਸ਼ਾਨ ਹੋ ਕੇ ਬਜ਼ੁਰਗ ਨੇ ਜ਼ਿਹਰੀਲੀ ਚੀਜ਼ ਨਿਗਲ ਲਈ। ਸੋਸ਼ਲ ਮੀਡੀਆ ’ਤੇ ਵਾਇਰਲ ਹੋ ਰਹੀ ਇੱਕ ਵੀਡੀਓ ਵਿੱਚ, ਜੋ ਕਿ ਮੌਤ ਤੋਂ ਪਹਿਲਾਂ ਰਿਕਾਰਡ ਕੀਤੀ ਗਈ ਦੱਸੀ ਜਾ ਰਹੀ ਹੈ, ਗੁਲਜ਼ਾਰ ਸਿੰਘ ਨੇ ਇਸ ਪੂਰੇ ਘਟਨਾਕ੍ਰਮ ਲਈ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਪਿੰਡ ਤੂਰ ਬੰਜਾਰਾ ਦੇ ਸਰਪੰਚ ਨੂੰ ਜ਼ਿੰਮੇਵਾਰ ਠਹਿਰਾਇਆ ਹੈ। ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਨੇ ਇਸ ਨੂੰ ਖ਼ੁਦਕੁਸ਼ੀ ਨਹੀਂ ਬਲਕਿ ਸਰਕਾਰੀ ਕਤਲ ਕਰਾਰ ਦਿੱਤਾ। ਉਨ੍ਹਾਂ ਮੰਗ ਕੀਤੀ ਕਿ ਬਜ਼ੁਰਗ ਦੀ ਆਖ਼ਰੀ ਇੱਛਾ ਮੁਤਾਬਕ ਸ਼ਰਾਬ ਮੰਤਰੀ (ਹਰਪਾਲ ਚੀਮਾ) ਖ਼ਿਲਾਫ਼ ਪਰਚਾ ਦਰਜ ਕੀਤਾ ਜਾਵੇ, ਉਨ੍ਹਾਂ ਨੂੰ ਤੁਰੰਤ ਕੈਬਨਿਟ ਤੋਂ ਬਰਖ਼ਾਸਤ ਕਰਕੇ ਜੇਲ੍ਹ ਭੇਜਿਆ ਜਾਵੇ। ਪ੍ਰਤਾਪ ਸਿੰਘ ਬਾਜਵਾ (ਨੇਤਾ ਵਿਰੋਧੀ ਧਿਰ): ਬਾਜਵਾ ਨੇ ਕਿਹਾ ਕਿ ਪੰਜਾਬ ’ਚ ਹੁਣ ਨਸ਼ਿਆਂ ’ਤੇ ਸਵਾਲ ਪੁੱਛਣ ਦੀ ਕੀਮਤ ਜਾਨ ਦੇ ਕੇ ਚੁਕਾਉਣੀ ਪੈ ਰਹੀ ਹੈ।

## ਸਿੱਖ ਵਿਦਿਆਰਥੀ ਨਾਲ ਰੈਗਿੰਗ ਮਾਮਲੇ ’ਚ ਡਗਸ਼ਾਈ ਪਬਲਿਕ ਸਕੂਲ ਦੇ 5 ਵਿਦਿਆਰਥੀ ਮੁਅੱਤਲ

**ਸੋਲਨ, 8 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਹਿਮਾਚਲ ਦੇ ਸੋਲਨ ਜ਼ਿਲ੍ਹੇ ਦੇ ਵੱਕਾਰੀ ਡਗਸ਼ਾਈ ਪਬਲਿਕ ਸਕੂਲ ਵਿੱਚ ਹੋਈ ਰੈਗਿੰਗ ਘਟਨਾ ਦੇ ਸਬੰਧ ਵਿੱਚ ਇੱਕ ਮਹੱਤਵਪੂਰਨ ਕਦਮ ਚੁੱਕਦੇ ਹੋਏ, ਸਾਰੇ ਪੰਜ ਦੋਸ਼ੀ ਵਿਦਿਆਰਥੀਆਂ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ। ਮੁਲਜ਼ਮ ਵਿਦਿਆਰਥੀ ਪੰਜਾਬ ਦੇ ਰਹਿਣ ਵਾਲੇ ਹਨ, ਜੋ 11ਵੀਂ ਅਤੇ 12ਵੀਂ ਜਮਾਤ ਵਿੱਚ ਪੜ੍ਹਦੇ ਹਨ, ਜਦਕਿ ਪੀੜਤ ਦੇ ਪੰਜਾਬ ਦੇ ਰਹਿਣ ਵਾਲੇ ਹੋਣ ਦੀ ਵੀ ਸੂਚਨਾ ਹੈ। ਡਗਸ਼ਾਈ ਪੁਲਿਸ ਨੇ ਪੀੜਤ ਤਲਵਿੰਦਰ ਮਨੇਸ਼ ਅਤੇ ਹੋਰਾਂ ਰਾਹੀਂ ਦਰਜ ਸ਼ਿਕਾਇਤ ਦੇ ਆਧਾਰ ’ਤੇ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ ਅਤੇ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਿਸ ਮੁਲਜ਼ਮ ਵਿਦਿਆਰਥੀਆਂ, ਹੋਸਟਲ ਵਾਰਡਨ ਅਤੇ ਹੋਰ ਸਬੰਧਤ




ਵਿਅਕਤੀਆਂ ਤੋਂ ਪੁੱਛਗਿੱਛ ਕਰਨ ਲਈ ਸਕੂਲ ਦਾ ਦੌਰਾ ਕਰੇਗੀ। ਸਕੂਲ ਦੇ ਪ੍ਰਿੰਸੀਪਲ ਰਵਿੰਦਰ ਵੋਹਰਾ ਦਾ ਬਿਆਨ ਪਹਿਲਾਂ ਹੀ ਦਰਜ ਕੀਤਾ ਜਾ ਚੁੱਕਾ ਹੈ। ਸ਼ਿਕਾਇਤ ਦੇ ਅਨੁਸਾਰ, 5 ਸਤੰਬਰ ਨੂੰ, ਪੰਜ ਸੀਨੀਅਰ ਵਿਦਿਆਰਥੀ ਨੌਵੀਂ ਜਮਾਤ ਦੇ ਇੱਕ ਵਿਦਿਆਰਥੀ ਨੂੰ ਹੋਸਟਲ ਦੇ ਕਮਰੇ ਵਿੱਚ ਲੈ ਗਏ ਅਤੇ ਉਸ ਨਾਲ ਹਮਲਾ ਕੀਤਾ। ਘਟਨਾ ਦਾ ਇੱਕ ਵੀਡੀਓ ਸੋਸ਼ਲ ਮੀਡੀਆ ’ਤੇ ਵਾਇਰਲ ਹੋ ਗਿਆ ਹੈ, ਜਿਸ ਵਿੱਚ ਇੱਕ ਵਿਦਿਆਰਥੀ ਪੀੜਤ ਨੂੰ ਥੱਪੜ ਮਾਰਦਾ ਅਤੇ ਅਪਮਾਨਜਨਕ ਭਾਸ਼ਾ ਦੀ ਵਰਤੋਂ ਕਰਦਾ ਦਿਖਾਈ ਦੇ ਰਿਹਾ ਹੈ। ਡਗਸ਼ਾਈ ਪਬਲਿਕ ਸਕੂਲ ਵਿੱਚ ਹੋਈ ਰੈਗਿੰਗ ਘਟਨਾ ’ਤੇ ਟਿੱਪਣੀ ਕਰਦੇ ਹੋਏ, ਸੋਲਨ ਦੇ ਐਸਪੀ ਟੀਐਸਡੀ ਵਰਮਾ ਨੇ ਕਿਹਾ ਕਿ ਰੈਗਿੰਗ ਵਿਰੁੱਧ ਸਖ਼ਤ ਕਾਨੂੰਨੀ ਪ੍ਰਬੰਧ ਹਨ ਅਤੇ ਅਜਿਹੀਆਂ ਘਟਨਾਵਾਂ ਨੂੰ ਕਿਸੇ ਵੀ ਪੱਧਰ ’ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

## ਸੁਖਬੀਰ ਸਿੰਘ ਬਾਦਲ ਨੂੰ ਐੱਸ. ਆਈ. ਟੀ. ਨੇ ਮੁੜ ਕੀਤਾ ਤਲਬ

**ਚੰਡੀਗੜ੍ਹ, 8 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ ਨੂੰ ਬੇਅਦਬੀ ਅਤੇ ਗੋਲੀ ਕਾਂਡ ਮਾਮਲੇ ਦੀ ਜਾਂਚ ਕਰ ਰਹੀ ਐੱਸ. ਆਈ. ਟੀ. (ਸਪੈਸ਼ਲ ਜਾਂਚ ਟੀਮ) ਨੇ ਮੁੜ ਤਲਬ ਕੀਤਾ ਹੈ। ਐੱਸ. ਆਈ. ਟੀ. ਨੇ ਸੁਖਬੀਰ ਬਾਦਲ ਨੂੰ 11 ਸਤੰਬਰ ਨੂੰ ਚੰਡੀਗੜ੍ਹ ਵਿਚ ਪੁੱਛਗਿੱਛ ਲਈ ਬੁਲਾਇਆ ਹੈ। ਇਥੇ ਇਹ ਵੀ ਦੱਸਣਯੋਗ ਹੈ ਕਿ ਇਸ ਤੋਂ ਪਹਿਲਾਂ 20 ਜੁਲਾਈ ਨੂੰ ਐੱਸ. ਆਈ. ਟੀ. ਨੇ ਸੁਖਬੀਰ ਸਿੰਘ ਬਾਦਲ ਨੂੰ ਪੁੱਛਗਿੱਛ ਲਈ ਬੁਲਾਇਆ ਸੀ। ਦੂਜੇ ਪਾਸੇ ਸੁਖਬੀਰ ਬਾਦਲ ਨੂੰ ਜਾਰੀ ਹੋਏ ਐੱਸ. ਆਈ. ਟੀ. ਦੇ ਸੰਮਨ ਨੂੰ ਲੈ ਕੇ ਅਕਾਲੀ ਦਲ ਦੇ ਸੀਨੀਅਰ ਆਗੂ ਅਰਸ਼ਦੀਪ ਸਿੰਘ ਕਲੇਰ ਨੇ ਕਿਹਾ ਕਿ ਸਰਕਾਰ ਬਹੁਤ ਮੁੱਦਿਆਂ ’ਤੇ ਘਿਰ ਚੁੱਕੀ ਹੈ, ਭਾਵੇਂ ਉਹ ਜਬਰ-ਜ਼ਿਨਾਹ ਰਿਸ਼ਵਤ ਕਾਂਡ ਹੋਵੇ, ਨਸ਼ੇ ਦਾ ਮੁੱਦਾ ਹੋਵੇ ਜਾਂ ਮੁੱਖ ਮੰਤਰੀ ਦਾ ਵਿਰੋਧ ਕਰਨ ’ਤੇ ਨੌਜਵਾਨ ਦੀ ਕੁੱਟਮਾਰ ਦਾ ਮਾਮਲਾ ਹੋਵੇ, ਇਨ੍ਹਾਂ ਸਾਰੇ ਮੁੱਦਿਆਂ ਤੋਂ ਧਿਆਨ ਭਟਕਾਉਣ ਲਈ ਇਹ ਸੰਮਨ ਕੱਢਿਆ ਗਿਆ ਹੈ। ਅਜਿਹੀਆਂ ਕਾਰਵਾਈਆਂ ਨਾਲ ਪੰਜਾਬ ਦੇ ਅਸਲ ਮੁੱਦਿਆਂ ਤੋਂ ਧਿਆਨ ਨਹੀਂ ਭਟਕਾਇਆ ਜਾ ਸਕਦਾ। ਅੱਜ ਪੰਜਾਬ ਵਿਚ ਲੋਕ ਨਸ਼ੇ ਨਾਲ ਪੀੜਤ ਹਨ, ਲੋਕਾਂ ਨੂੰ ਕੁੱਟਿਆ ਜਾ ਰਿਹਾ ਹੈ, ਖੁਦਕੁਸ਼ੀਆਂ ਹੋ ਰਹੀਆਂ ਹਨ। ਅਜਿਹੇ ਜਿੰਨੇ ਮਰਜ਼ੀ ਸੰਮਨ ਭੇਜ ਲੈਣ, ਇਹ ਸਿਰਫ ਸਿਆਸਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ 11 ਸਾਲ ਤੋਂ ਇਹ ਮੁੱਦਾ ਜਿਉਂ ਦਾ ਤਿਉਂ ਖੜ੍ਹਾ ਹੈ, ਜਾਂਚ ਕਿੱਥੇ ਹੈ, ਇਸ ਮੁੱਦੇ ਨੂੰ ਸਿਰਫ ਤੇ ਸਿਰਫ ਸਿਆਸੀ ਮੁੱਦੇ ਦੇ ਤੌਰ ’ਤੇ ਜਿਉਂਦਾ ਰੱਖਿਆ ਜਾ ਰਿਹ ਹੈ।



## ਸ਼੍ਰੋਮਣੀ ਅਕਾਲੀ ਦਲ ਨੇ ਸਾਰੇ ਜ਼ਿਲ੍ਹਿਆਂ ’ਚ ਕੀਤੀਆਂ ਨਵੀਆਂ ਨਿਯੁਕਤੀਆਂ

**ਚੰਡੀਗੜ੍ਹ:** ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪਾਰਟੀ ਦੇ ਜਥੇਬੰਦਕ ਢਾਂਚੇ ਵਿਚ ਵਾਧਾ ਕਰਦਿਆਂ ਪਾਰਟੀ ਦੇ ਜਨਰਲ ਕੌਂਸਲ ਮੈਂਬਰਾਂ ਦੀ ਮਾਝੇ ਅਤੇ ਦੁਆਬੇ ਦੇ 8 ਜ਼ਿਲ੍ਹਿਆਂ ਦੀ ਆਖਰੀ ਤੀਜੀ ਸੂਚੀ ਜਾਰੀ ਕਰ ਦਿੱਤੀ। ਪਾਰਟੀ ਦੇ ਮੁੱਖ ਦਫਤਰ ਤੋਂ ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪਾਰਟੀ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਸਕੱਤਰ ਡਾ. ਦਲਜੀਤ ਸਿੰਘ ਚੀਮਾ ਨੇ ਦੱਸਿਆ ਕਿ ਅੱਜ ਮਾਝੇ ਅਤੇ ਦੁਆਬੇ ਦੇ 8 ਜ਼ਿਲ੍ਹਿਆਂ ਦੇ ਜਨਰਲ ਕੌਂਸਲ ਦੇ ਮੈਂਬਰਾਂ ਦਾ ਐਲਾਨ ਕੀਤਾ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਇਸ ਤੋਂ ਪਹਿਲਾਂ 15 ਜਿਲਿਆਂ ਦੇ ਜਨਰਲ ਕੌਂਸਲ ਮੈਬਰਾਂ ਦਾ ਐਲਾਨ ਕੀਤਾ ਜਾ ਚੁੱਕਾ ਹੈ। ਡਾ. ਚੀਮਾ ਨੇ ਦੱਸਿਆ ਕਿ ਜਿਹੜੇ 8 ਜ਼ਿਲ੍ਹਿਆਂ ਦੇ ਜਨਰਲ ਕੌਂਸਲ ਦੇ ਮੈਂਬਰ ਨਿਯੁਕਤ ਕੀਤੇ ਗਏ ਹਨ।

## ਪ੍ਰਧਾਨ ਮੰਤਰੀ ਦਾ ਮੁੰਬਈ ਦੌਰਾ; ਪੀਐਮਓ ਅਧਿਕਾਰੀ ਬਣ ਕੇ ਪਹੁੰਚਿਆ ਸ਼ਖਸ, ਨਕਲੀ ID ਤੇ ਪਿਸਤੌਲ ਨਾਲ ਸਾਥੀ ਸਮੇਤ ਗ੍ਰਿਫ਼ਤਾਰ

**ਨਵੀਂ ਦਿੱਲੀ, 8 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸਮਾਗਮ ਤੋਂ ਠੀਕ ਪਹਿਲਾਂ ਮੁੰਬਈ ਵਿੱਚ ਸੁਰੱਖਿਆ ਦਾ ਡਰ ਪੈਦਾ ਹੋ ਗਿਆ, ਜਦੋਂ ਪੁਲਿਸ ਨੇ ਦੋ ਸ਼ੱਕੀਆਂ ਨੂੰ ਹਿਰਾਸਤ ਵਿੱਚ ਲੈ ਲਿਆ। ਇੱਕ ਵਿਅਕਤੀ ਨੇ ਪ੍ਰਧਾਨ ਮੰਤਰੀ ਦਫ਼ਤਰ ਦਾ ਅਧਿਕਾਰੀ ਹੋਣ ਦਾ ਦਾਅਵਾ ਕੀਤਾ, ਪਰ ਜਾਂਚ ਵਿੱਚ ਸਾਹਮਣੇ ਆਇਆ ਕਿ ਉਸ ਕੋਲ ਜੋ ਪਛਾਣ ਪੱਤਰ ਸੀ ਉਹ ਫਰਜ਼ੀ ਸੀ। ਉਸ ਦੇ ਨਾਲ ਆਏ ਦੂਜੇ ਵਿਅਕਤੀ ਨੇ ਖੁਦ ਨੂੰ ਇੱਕ ਬਾਡੀਗਾਰਡ ਹੋਣ ਦਾ ਦਾਅਵਾ ਕੀਤਾ, ਜਿਸ ਕੋਲੋਂ ਇੱਕ ਪਿਸਤੌਲ ਵੀ ਬਰਾਮਦ ਕੀਤੀ ਗਈ। ਮੁੱਖ ਸ਼ੱਕੀ ਦੀ ਪਛਾਣ 24 ਸਾਲਾ ਰੋਹਨ ਪਾਰੇਖ ਵਜੋਂ ਹੋਈ ਹੈ। ਸੁਰੱਖਿਆ ਜਾਂਚ ਦੌਰਾਨ ਉਸਦੀ ਪਛਾਣ ਅਤੇ ਦਾਅਵਿਆਂ ਦੇ ਸ਼ੱਕੀ ਹੋਣ ਕਾਰਨ ਦੋਵਾਂ ਵਿਅਕਤੀਆਂ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ। ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਮੁੰਬਈ ਕ੍ਰਾਈਮ ਬ੍ਰਾਂਚ ਹੁਣ ਪੂਰੀ ਘਟਨਾ ਦੀ ਜਾਂਚ ਕਰ ਰਹੀ ਹੈ। ਪੁਲਿਸ ਦੇ ਅਨੁਸਾਰ, ਸ਼ੱਕੀ ਨੇ ਪੀਐਮਓ ਅਧਿਕਾਰੀ ਵਜੋਂ ਪੇਸ਼ ਹੋ ਕੇ ਪ੍ਰੋਗਰਾਮ ਸਥਾਨ ਵਿੱਚ ਦਾਖਲ ਹੋਣ ਦੀ ਕੋਸ਼ਿਸ਼ ਕੀਤੀ। ਹਾਲਾਂਕਿ ਉਸ ਕੋਲ ਇੱਕ ਆਈਡੀ ਕਾਰਡ ਸੀ, ਪਰ ਸੁਰੱਖਿਆ ਜਾਂਚਾਂ ਨੇ ਇਸਦੀ ਪ੍ਰਮਾਣਿਕਤਾ ਬਾਰੇ ਸ਼ੱਕ ਪੈਦਾ ਕੀਤਾ। ਸਥਿਤੀ ਹੋਰ ਵੀ ਗੰਭੀਰ ਹੋ ਗਈ ਜਦੋਂ ਉਸਦੇ ਸਾਥੀ ਨੇ ਇੱਕ ਬਾਡੀਗਾਰਡ ਹੋਣ ਦਾ ਦਾਅਵਾ ਕੀਤਾ ਅਤੇ ਇੱਕ ਹਥਿਆਰ ਲੈ ਕੇ ਜਾਂਦੇ ਹੋਏ ਪਾਇਆ ਗਿਆ। ਹੁਣ ਜਾਂਚ ਦਾ ਇੱਕ ਮਹੱਤਵਪੂਰਨ ਹਿੱਸਾ ਇਹ ਨਿਰਧਾਰਤ ਕਰਨਾ ਹੈ ਕਿ ਦੋਵੇਂ ਸਥਾਨ ’ਤੇ ਕਿਵੇਂ ਪਹੁੰਚੇ ਅਤੇ ਕੀ ਉਨ੍ਹਾਂ ਦਾ ਕੋਈ ਹੋਰ ਇਰਾਦਾ ਸੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਮੰਗਲਵਾਰ ਸ਼ਾਮ ਲਗਭਗ 5:45 ਵਜੇ ਮੁੰਬਈ ਵਿੱਚ ਗਲੋਬਲ ਫਿਨਟੈਕ ਫੈਸਟ 2026 ਦੇ ਸੱਤਵੇਂ ਐਡੀਸ਼ਨ ਦਾ ਉਦਘਾਟਨ ਕਰਨਗੇ। ਇਹ ਕਾਨਫਰੰਸ ਡਿਜੀਟਲ ਭੁਗਤਾਨ, ਵਿੱਤੀ ਤਕਨਾਲੋਜੀ ਅਤੇ ਵਿੱਤੀ ਸਮਾਵੇਸ਼ ਨਾਲ ਸਬੰਧਤ ਵਿਸ਼ਵਵਿਆਪੀ ਮੁੱਦਿਆਂ ’ਤੇ ਕੇਂਦ੍ਰਿਤ ਹੈ। ਇਸ ਸਾਲ, ਵਿਚਾਰ-ਵਟਾਂਦਰੇ ਏਜੰਟਿਕ ਏਆਈ, ਪ੍ਰੋਗਰਾਮੇਬਲ ਵਿੱਤੀ ਯੰਤਰਾਂ ਅਤੇ ਕੁਆਂਟਮ ਤਕਨਾਲੋਜੀ ਵਰਗੀਆਂ ਉੱਭਰ ਰਹੀਆਂ ਤਕਨਾਲੋਜੀਆਂ ਰਾਹੀਂ ਵਿੱਤੀ ਖੇਤਰ ਵਿੱਚ ਭਰੋਸੇਯੋਗ ਅਤੇ ਸਮਾਵੇਸ਼ੀ ਹੱਲਾਂ ਨੂੰ ਉਤਸ਼ਾਹਿਤ ਕਰਨ ’ਤੇ ਕੇਂਦਰਿਤ ਹੋਣਗੇ।



## ਪੰਜਾਬ ਆਉਣਗੇ ਪ੍ਰਧਾਨ ਮੰਤਰੀ ਮੋਦੀ !

ਪੰਜਾਬ ਵਿਧਾਨ ਸਭਾ ਚੋਣਾਂ ’ਚ ਸਿਰਫ 6 ਮਹੀਨੇ ਬਾਕੀ ਰਹਿਣ ਕਾਰਨ ਭਾਜਪਾ ਪੂਰੀ ਤਰ੍ਹਾਂ ਚੋਣ ਮੋਡ ’ਚ ਆ ਗਈ ਹੈ। ਇਹੀ ਵਜ੍ਹਾ ਹੈ ਕਿ ਪਾਰਟੀ ਨੇ ਸਤੰਬਰ ਅਤੇ ਅਕਤੂਬਰ ’ਚ ਚੋਟੀ ਦੇ 3 ਆਗੂਆਂ ਦੇ ਪ੍ਰੋਗਰਾਮ ਪੰਜਾਬ ’ਚ ਰੱਖਣ ਦਾ ਫ਼ੈਸਲਾ ਕੀਤਾ ਹੈ। ਉੱਚ ਪੱਧਰੀ ਸੂਤਰਾਂ ਦੀ ਮੰਨੀਏ ਤਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਕਤੂਬਰ ’ਚ ਪੰਜਾਬ ਦਾ ਤਿੰਨ ਰੋਜ਼ਾ ਦੌਰਾ ਕਰਨਗੇ। ਫਿਲਹਾਲ ਉਨ੍ਹਾਂ ਦੇ ਇਸ ਪ੍ਰੋਗਰਾਮ ਦੀ ਤਾਰੀਖ਼ ਤੈਅ ਨਹੀਂ ਹੋਈ ਹੈ ਪਰ ਪਾਰਟੀ ਦਾ ਅੰਮ੍ਰਿਤਸਰ, ਜਲੰਧਰ, ਲੁਧਿਆਣਾ ਅਤੇ ਪਟਿਆਲਾ ਦੇ ਆਸ-ਪਾਸ ਹੀ ਮੋਦੀ ਦਾ ਪ੍ਰੋਗਰਾਮ ਰੱਖਣ ਦਾ ਵਿਚਾਰ ਹੈ। ਮੋਦੀ ਪਹਿਲੇ ਦਿਨ ਮਾਝੇ ਦੇ ਕਈ ਵਿਧਾਨ ਸਭਾ ਹਲਕਿਆਂ ’ਚ ਰੋਡ ਸ਼ੋਅ ਕਰਨਗੇ ਅਤੇ ਰਾਤ ਨੂੰ ਰਾਧਾ ਸੁਆਮੀ ਸਤਿਸੰਗ ਬਿਆਸ ਦੇ ਮੁੱਖ ਦਫ਼ਤਰ ’ਚ ਆਰਾਮ ਕਰਨਗੇ।

## ਮੁੱਖ ਮੰਤਰੀ ਭਗਵੰਤ ਮਾਨ ਖਿਲਾ.ਫ ਮਾਣਹਾਨੀ ਮਾਮਲੇ ਦੀ ਸੁਣਵਾਈ 25 ਸਤੰਬਰ ਤੱਕ ਮੁਅੱਤਲ

**ਮਾਨਸਾ, 8 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਮਾਨਸਾ ਦੇ ਸਾਬਕਾ ਵਿਧਾਇਕ ਨਾਜ਼ਰ ਸਿੰਘ ਮਾਨਸ਼ਾਹੀਆ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਿਰੁੱਧ ਮਾਨਸਾ ਦੀ ਅਦਾਲਤ ਵਿੱਚ ਦਾਇਰ ਮਾਣਹਾਨੀ ਦੇ ਮਾਮਲੇ ਸਬੰਧੀ ਅੱਜ ਕੋਈ ਸੁਣਵਾਈ ਨਹੀਂ ਹੋਈ। ਸਾਬਕਾ ਵਿਧਾਇਕ ਨਾਜ਼ਰ ਸਿੰਘ ਮਾਨਸ਼ਾਹੀਆ ਨੇ ਕਿਹਾ ਕਿ ਵਕੀਲ ਹੜਤਾਲ ’ਤੇ ਸਨ ਅਤੇ ਜੱਜ ਛੁੱਟੀ ’ਤੇ ਸਨ, ਜਿਸ ਦੇ ਨਤੀਜੇ ਵਜੋਂ ਅੱਜ ਕੋਈ ਕਾਰਵਾਈ ਨਹੀਂ ਹੋ ਸਕੀ। ਅਦਾਲਤ ਨੇ ਹੁਣ ਅਗਲੀ ਸੁਣਵਾਈ 25 ਸਤੰਬਰ, 2026 ਨੂੰ ਤੈਅ ਕੀਤੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਮਾਨਸਾ ਦੀ ਅਦਾਲਤ ਵਿੱਚ ਪੇਸ਼ ਨਾ ਹੋਣ ’ਤੇ ਟਿੱਪਣੀ ਕਰਦਿਆਂ ਨਾਜ਼ਰ ਸਿੰਘ ਮਾਨਸ਼ਾਹੀਆ ਨੇ ਟਿੱਪਣੀ ਕੀਤੀ ਕਿ ਕਾਨੂੰਨ ਤਹਿਤ ਅਦਾਲਤ ਵਿੱਚ ਪੇਸ਼ ਹੋਣਾ ਲਾਜ਼ਮੀ ਹੈ, ਪਰ ਇਸ ਮਾਮਲੇ ਬਾਰੇ ਫੈਸਲਾ ਅਦਾਲਤ ਦਾ ਹੀ ਹੈ। ਉਨ੍ਹਾਂ ਕਿਹਾ ਕਿ ਉਹ ਹਰ ਨਿਰਧਾਰਤ ਮਿਤੀ ’ਤੇ ਨਿੱਜੀ ਤੌਰ ’ਤੇ ਅਦਾਲਤ ਵਿੱਚ ਪੇਸ਼ ਹੁੰਦੇ ਹਨ; ਜੇਕਰ ਉਹ ਕਦੇ ਗੈਰ-ਹਾਜ਼ਰ ਰਹਿੰਦੇ ਹਨ, ਤਾਂ ਅਦਾਲਤ ਉਨ੍ਹਾਂ ਵਿਰੁੱਧ ਕਾਰਵਾਈ ਸ਼ੁਰੂ ਕਰੇਗੀ ਜਾਂ ਨਿਰਦੇਸ਼ ਜਾਰੀ ਕਰੇਗੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅਦਾਲਤ ਦਾ ਪਹੁੰਚ ਸ਼ਿਕਾਇਤਕਰਤਾ ਅਤੇ ਪ੍ਰਤੀਵਾਦੀ ਦੋਵਾਂ ਲਈ ਇਕਸਾਰ ਹੋਣਾ ਚਾਹੀਦਾ ਹੈ। ਨਾਜ਼ਰ ਸਿੰਘ ਮਾਨਸ਼ਾਹੀਆ ਨੇ ਦੱਸਿਆ ਕਿ ਹਾਈ ਕੋਰਟ ਨੇ ਇਸ ਵੇਲੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਅੰਤਰਿਮ ਰਾਹਤ ਦੇ ਦਿੱਤੀ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਨੇ ਅਦਾਲਤ ਵਿੱਚ ਨਿੱਜੀ ਪੇਸ਼ੀ ਤੋਂ ਛੋਟ ਲਈ ਹਾਈ ਕੋਰਟ ਵਿੱਚ ਅਰਜ਼ੀ ਦਿੱਤੀ ਸੀ। ਹਾਈ ਕੋਰਟ ਨੇ ਉਨ੍ਹਾਂ ਦੀ ਪਟੀਸ਼ਨ ਦੇ ਨਿਪਟਾਰੇ ਤੱਕ ਇੱਕ ਅੰਤਰਿਮ ਉਪਾਅ ਵਜੋਂ ਇਹ ਛੋਟ ਦਿੱਤੀ। ਹਾਲਾਂਕਿ, ਕੇਸ ਦੀ ਹਰੇਕ ਨਿਰਧਾਰਤ ਮਿਤੀ ’ਤੇ ਅਦਾਲਤੀ ਪ੍ਰਕਿਰਿਆਵਾਂ ਅਨੁਸਾਰ ਸਥਿਤੀ ਦੀ ਸਮੀਖਿਆ ਕੀਤੀ ਜਾਵੇਗੀ। ਆਪਣੇ ਮਾਣਹਾਨੀ ਦੇ ਮਾਮਲੇ ਬਾਰੇ, ਮਾਨਸ਼ਾਹੀਆ ਨੇ ਕਿਹਾ ਕਿ ਅਪ੍ਰੈਲ 2019 ਵਿੱਚ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਤੋਂ ਅਗਲੇ ਦਿਨ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇੱਕ ਪ੍ਰੈਸ ਕਾਨਫਰੰਸ ਕੀਤੀ। ਉਨ੍ਹਾਂ ਦੋਸ਼ ਲਗਾਇਆ ਕਿ ਉਸ ਪ੍ਰੈਸ ਕਾਨਫਰੰਸ ਦੌਰਾਨ ਉਨ੍ਹਾਂ ’ਤੇ ਗੰਭੀਰ ਦੋਸ਼ ਲਗਾਏ ਗਏ ਸਨ, ਜਿਸ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਨਾਜ਼ਰ ਸਿੰਘ ਨੂੰ ਕਾਂਗਰਸ ਵਿੱਚ ਸ਼ਾਮਲ ਕਰਨ ਲਈ ਦਸ ਕਰੋੜ ਰੁਪਏ ਦਿੱਤੇ ਗਏ ਸਨ ਅਤੇ ਉਨ੍ਹਾਂ ਨੂੰ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਸੀ।



# ਇੰਟਰਨੈਸ਼ਨਲ ਪੰਥਕ ਦਲ ਨੇ ਪੰਜਾਬ ਸਰਕਾਰ ਤੇ ਪਿਛਲੀਆਂ ਸਰਕਾਰਾਂ ਨੂੰ ਘੇਰਿਆ; ਵਿਸ਼ੇਸ਼ ਇਜਲਾਸ ਵਿੱਚ ਚੰਡੀਗੜ੍ਹ ’ਤੇ ਠੋਸ ਮਤਾ ਲਿਆਉਣ ਦੀ ਮੰਗ

# ਚੰਡੀਗੜ੍ਹ ਪੰਜਾਬ ਦਾ, ਫਿਰ ਪੰਜਾਬ ਦੀਆਂ ਸਰਕਾਰਾਂ ਦਾਅਵੇ ਤੋਂ ਪਿੱਛੇ ਕਿਉਂ ?

## ☛ ਪੰਜਾਬ ਦੇ ਹੱਕਾਂ ਦੀ ਲੜਾਈ ਸਿਰਫ਼ ਬਿਆਨਾਂ ਤੱਕ ਸੀਮਤ ਨਾ ਰਹੇ: ਪੰਥਕ ਆਗੂ ☛ 2027 ਦੀਆਂ ਚੋਣਾਂ ਲਈ ਪੰਥਕ ਜਥੇਬੰਦੀਆਂ ਨੂੰ ਇੱਕਜੁੱਟ ਹੋ ਕੇ ਇੱਕ ਹਲਕੇ ਤੋਂ ਇੱਕ ਉਮੀਦਵਾਰ ਖੜ੍ਹਾ ਕਰਨ ਦੀ ਅਪੀਲ






**ਇੰਗਲੈਂਡ :** ਪੰਜਾਬ ਦੇ ਹੱਕਾਂ, ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਅਤੇ ਪੰਜਾਬ ਦੇ ਸੂਬਾਈ ਹੱਕਾਂ ਨੂੰ ਲੈ ਕੇ ਇੰਟਰਨੈਸ਼ਨਲ ਪੰਥਕ ਦਲ ਨੇ ਪੰਜਾਬ ਦੀ ਮੌਜੂਦਾ ਆਮ ਆਦਮੀ ਪਾਰਟੀ ਸਰਕਾਰ ਸਮੇਤ ਪਿਛਲੀਆਂ ਸਰਕਾਰਾਂ ਦੀ ਕਾਰਗੁਜ਼ਾਰੀ ’ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਦਲ ਦੇ ਆਗੂਆਂ ਨੇ ਪੁੱਛਿਆ ਹੈ ਕਿ ਜੇਕਰ ਚੰਡੀਗੜ੍ਹ ਪੰਜਾਬ ਦੀ ਰਾਜਧਾਨੀ ਵਜੋਂ ਵਸਾਇਆ ਗਿਆ ਸੀ ਤਾਂ ਪੰਜਾਬ ਦੀਆਂ ਸਰਕਾਰਾਂ ਵੱਲੋਂ ਇਸ ’ਤੇ ਪੰਜਾਬ ਦੇ ਹੱਕ ਦਾ ਦਾਅਵਾ ਲਗਾਤਾਰ ਅਤੇ ਠੋਸ ਢੰਗ ਨਾਲ ਕਿਉਂ ਨਹੀਂ ਉਠਾਇਆ ਗਿਆ ?

ਇੰਗਲੈਂਡ ਤੋਂ ਇੰਟਰਨੈਸ਼ਨਲ ਪੰਥਕ ਦਲ ਦੇ ਪ੍ਰਧਾਨ ਭਾਈ ਰਘਵੀਰ ਸਿੰਘ, ਮੁੱਖ ਬੁਲਾਰੇ ਅਤੇ ਜਨਰਲ ਸਕੱਤਰ ਭਾਈ ਕਪਤਾਨ ਸਿੰਘ, ਅੰਤਰਰਾਸ਼ਟਰੀ ਚੀਫ਼ ਆਰਗੇਨਾਈਜ਼ਰ ਭਾਈ ਪਰਮਜੀਤ ਸਿੰਘ ਢਾਡੀ ਅਤੇ ਧਾਰਮਿਕ ਵਿੰਗ ਦੇ ਜਥੇਦਾਰ ਬਾਬਾ ਬਘੇਲ ਸਿੰਘ ਨੇ ਸਾਂਝੇ ਬਿਆਨ ਰਾਹੀਂ ਕਿਹਾ ਕਿ ਚੰਡੀਗੜ੍ਹ ਦਾ ਮਸਲਾ ਪੰਜਾਬ ਦੀ ਸਿਆਸਤ ਵਿੱਚ ਸਿਰਫ਼ ਬਿਆਨਬਾਜ਼ੀ ਜਾਂ ਅਖ਼ਬਾਰੀ ਸੁਰਖੀਆਂ ਤੱਕ ਸੀਮਤ ਨਹੀਂ ਰਹਿਣਾ ਚਾਹੀਦਾ।

### ‘ਸਿਆਸੀ ਬਿਆਨ ਨਹੀਂ, ਵਿਧਾਨ ਸਭਾ ਵਿੱਚ ਮਤਾ ਚਾਹੀਦਾ’

ਪੰਥਕ ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਕਾਂਗਰਸ ਅਤੇ ਅਕਾਲੀ ਦਲ ਦੀਆਂ ਸਰਕਾਰਾਂ ਸਮੇਤ ਹੁਣ ਤੱਕ ਬਣੀਆਂ ਵੱਖ-ਵੱਖ ਸਰਕਾਰਾਂ ਵੱਲੋਂ ਸਮੇਂ-ਸਮੇਂ ’ਤੇ ਚੰਡੀਗੜ੍ਹ ਨੂੰ ਪੰਜਾਬ ਦਾ ਹੱਕ ਦੱਸਦਿਆਂ ਬਿਆਨ ਜ਼ਰੂਰ ਦਿੱਤੇ ਜਾਂਦੇ ਰਹੇ ਹਨ, ਪਰ ਇਸ ਮੁੱਦੇ ਨੂੰ ਠੋਸ ਰਾਜਨੀਤਕ ਅਤੇ ਵਿਧਾਨਕ ਕਾਰਵਾਈ ਵਿੱਚ ਬਦਲਣ ਲਈ ਲੋੜੀਂਦੀ ਗੰਭੀਰਤਾ ਦਿਖਾਈ ਨਹੀਂ ਦਿੱਤੀ।

ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਵਾਰ-ਵਾਰ ਇਹ ਦੱਸਿਆ ਜਾਂਦਾ ਰਿਹਾ ਹੈ ਕਿ ਚੰਡੀਗੜ੍ਹ ਪੰਜਾਬ ਦਾ ਹੱਕ ਹੈ, ਪਰ ਸਵਾਲ ਇਹ ਹੈ ਕਿ ਇਸ ਹੱਕ ਨੂੰ ਹਾਸਲ ਕਰਨ ਲਈ ਪੰਜਾਬ ਦੀਆਂ ਸਰਕਾਰਾਂ ਨੇ ਕਿਹੜਾ ਸਪੱਸ਼ਟ ਰੋਡਮੈਪ ਤਿਆਰ ਕੀਤਾ ਅਤੇ ਇਸ ਨੂੰ ਕਦੋਂ ਤੱਕ ਅਮਲੀ ਰੂਪ ਦੇਣ ਦੀ ਕੋਸ਼ਿਸ਼ ਕੀਤੀ ?

ਆਗੂਆਂ ਨੇ ਕਿਹਾ ਕਿ ਜੇਕਰ ਪੰਜਾਬ ਦੇ ਪਾਣੀਆਂ, ਕਿਸਾਨੀ, ਪੰਜਾਬੀ ਭਾਸ਼ਾ ਅਤੇ ਹੋਰ ਸੂਬਾਈ ਹੱਕਾਂ ਦੀ ਗੱਲ ਵਿਧਾਨ ਸਭਾ ਵਿੱਚ ਕੀਤੀ ਜਾ ਸਕਦੀ ਹੈ ਤਾਂ ਚੰਡੀਗੜ੍ਹ, ਜੋ ਪੰਜਾਬ ਦੀ ਰਾਜਧਾਨੀ ਨਾਲ ਸਿੱਧੇ ਤੌਰ ’ਤੇ ਜੁੜਿਆ ਮੁੱਦਾ ਹੈ, ਉਸ ’ਤੇ ਵੀ ਸਪੱਸ਼ਟ ਅਤੇ ਠੋਸ ਮਤਾ ਲਿਆਂਦਾ ਜਾਣਾ ਚਾਹੀਦਾ ਹੈ।

### ਵਿਸ਼ੇਸ਼ ਇਜਲਾਸ ਵਿੱਚ ਚੰਡੀਗੜ੍ਹ ’ਤੇ ਮਤਾ ਲਿਆਉਣ ਦੀ ਮੰਗ

ਇੰਟਰਨੈਸ਼ਨਲ ਪੰਥਕ ਦਲ ਦੇ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬੁਲਾਏ ਜਾ ਰਹੇ ਵਿਸ਼ੇਸ਼ ਇਜਲਾਸ ਵਿੱਚ ਕਿਸਾਨੀ, ਪੰਜਾਬ ਦੇ ਪਾਣੀਆਂ ਅਤੇ ਹੋਰ ਅਹਿਮ ਮੁੱਦਿਆਂ ’ਤੇ ਵਿਚਾਰ-ਵਟਾਂਦਰਾ ਕੀਤਾ ਜਾਣਾ ਹੈ। ਇਸ ਲਈ ਇਹ ਮੌਕਾ ਪੰਜਾਬ ਦੇ ਰਾਜਧਾਨੀ ਸਬੰਧੀ ਹੱਕ ਨੂੰ ਵਿਧਾਨ ਸਭਾ ਦੇ ਰਿਕਾਰਡ ’ਤੇ ਸਪੱਸ਼ਟ ਤੌਰ ’ਤੇ ਦਰਜ ਕਰਨ ਲਈ ਵੀ ਵਰਤਿਆ ਜਾਣਾ ਚਾਹੀਦਾ ਹੈ।

ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਵਿਸ਼ੇਸ਼ ਇਜਲਾਸ ਦੌਰਾਨ ਚੰਡੀਗੜ੍ਹ ਨੂੰ ਪੰਜਾਬ ਦੀ ਰਾਜਧਾਨੀ ਵਜੋਂ ਮੁੜ ਸਥਾਪਿਤ ਕਰਨ ਅਤੇ ਪੰਜਾਬ ਦੇ ਹੱਕ ਨੂੰ ਸਪੱਸ਼ਟ ਕਰਨ ਸਬੰਧੀ ਮਤਾ ਪੰਜਾਬ ਵਿਧਾਨ ਸਭਾ ਵਿੱਚ ਪਾਸ ਕੀਤਾ ਜਾਵੇ।

ਆਗੂਆਂ ਨੇ ਕਿਹਾ ਕਿ ਪੰਜਾਬ ਦੇ ਹੱਕਾਂ ਦੀ ਗੱਲ ਕਰਨ ਵਾਲੀ ਕੋਈ ਵੀ ਸਰਕਾਰ ਚੰਡੀਗੜ੍ਹ ਦੇ ਮੁੱਦੇ ਨੂੰ ਨਜ਼ਰਅੰਦਾਜ਼ ਨਹੀਂ ਕਰ ਸਕਦੀ। ਜੇਕਰ ਪੰਜਾਬ ਦੀ ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ ਵਿੱਚ ਵੀ ਪੰਜਾਬ ਦੀ ਰਾਜਧਾਨੀ ਦੇ ਮੁੱਦੇ ਨੂੰ ਗੰਭੀਰਤਾ ਨਾਲ ਨਹੀਂ ਉਠਾਇਆ ਜਾਂਦਾ ਤਾਂ ਫਿਰ ਪੰਜਾਬ ਦੇ ਲੋਕ ਇਹ ਸਵਾਲ ਪੁੱਛਣ ਲਈ ਮਜਬੂਰ ਹੋਣਗੇ ਕਿ ਇਹ ਮੁੱਦਾ ਆਖ਼ਿਰ ਕਦੋਂ ਅਤੇ ਕਿੱਥੇ ਉਠਾਇਆ ਜਾਵੇਗਾ ?

### ‘ਚੰਡੀਗੜ੍ਹ ਸਿਰਫ਼ ਚੋਣੀ ਮੁੱਦਾ ਨਹੀਂ’

ਪੰਥਕ ਆਗੂਆਂ ਨੇ ਕਿਹਾ ਕਿ ਚੰਡੀਗੜ੍ਹ ਦਾ ਮਸਲਾ ਸਿਰਫ਼ ਚੋਣਾਂ ਦੇ ਸਮੇਂ ਉਠਾਇਆ ਜਾਣ ਵਾਲਾ ਮੁੱਦਾ ਨਹੀਂ ਹੈ। ਇਹ ਪੰਜਾਬ ਦੇ ਇਤਿਹਾਸਕ, ਰਾਜਨੀਤਕ ਅਤੇ ਸੂਬਾਈ ਹੱਕਾਂ ਨਾਲ ਜੁੜਿਆ ਮਾਮਲਾ ਹੈ। ਇਸ ਲਈ ਪੰਜਾਬ ਦੀਆਂ ਸਾਰੀਆਂ ਸਿਆਸੀ ਪਾਰਟੀਆਂ ਨੂੰ ਇਸ ਸਬੰਧੀ ਆਪਣੀ ਸਪੱਸ਼ਟ ਨੀਤੀ ਪੰਜਾਬ ਦੇ ਲੋਕਾਂ ਸਾਹਮਣੇ ਰੱਖਣੀ ਚਾਹੀਦੀ ਹੈ।

ਉਨ੍ਹਾਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਸਿਆਸੀ ਪਾਰਟੀਆਂ ਸਿਰਫ਼ ‘ਚੰਡੀਗੜ੍ਹ ਪੰਜਾਬ ਦਾ ਹੱਕ ਹੈ’ ਕਹਿਣ ਤੱਕ ਸੀਮਤ ਨਾ ਰਹਿਣ, ਬਲਕਿ ਇਹ ਵੀ ਦੱਸਣ ਕਿ ਇਸ ਹੱਕ ਨੂੰ ਪ੍ਰਾਪਤ ਕਰਨ ਲਈ ਉਹ ਕਿਹੜੇ ਰਾਜਨੀਤਕ, ਸੰਵਿਧਾਨਕ ਅਤੇ ਵਿਧਾਨਕ ਕਦਮ ਚੁੱਕਣਗੀਆਂ।

### 2027 ਦੀਆਂ ਚੋਣਾਂ ਲਈ ਪੰਥਕ ਏਕਤਾ ਦੀ ਅਪੀਲ

ਇੰਟਰਨੈਸ਼ਨਲ ਪੰਥਕ ਦਲ ਦੇ ਆਗੂਆਂ ਨੇ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਪੰਥਕ ਜਥੇਬੰਦੀਆਂ ਨੂੰ ਵੀ ਇੱਕਜੁੱਟ ਹੋਣ ਦੀ ਅਪੀਲ ਕੀਤੀ। ਚੋਣ ਕਮਿਸ਼ਨ ਦੇ ਅੰਕੜਿਆਂ ਅਨੁਸਾਰ ਪੰਜਾਬ ਦੀ ਮੌਜੂਦਾ ਵਿਧਾਨ ਸਭਾ ਦਾ ਕਾਰਜਕਾਲ 16 ਮਾਰਚ 2027 ਨੂੰ ਸਮਾਪਤ ਹੋਣਾ ਹੈ, ਇਸ ਲਈ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਸਿਆਸੀ ਤਿਆਰੀਆਂ ਦਾ ਦੌਰ ਮਹੱਤਵਪੂਰਨ ਹੋਣ ਜਾ ਰਿਹਾ ਹੈ।

ਪੰਥਕ ਆਗੂਆਂ ਨੇ ਕਿਹਾ ਕਿ ਪੰਜਾਬ ਦੇ ਹੱਕਾਂ ਲਈ ਆਵਾਜ਼ ਉਠਾਉਣ ਵਾਲੀਆਂ ਵੱਖ-ਵੱਖ ਜਥੇਬੰਦੀਆਂ ਨੂੰ ਆਪਣੇ-ਆਪਣੇ ਝੰਡਿਆਂ ਅਤੇ ਨਿੱਜੀ ਸਿਆਸੀ ਹਿੱਤਾਂ ਤੋਂ ਉੱਪਰ ਉੱਠ ਕੇ ਇੱਕ ਸਾਂਝੇ ਮੰਚ ’ਤੇ ਆਉਣਾ ਚਾਹੀਦਾ ਹੈ।

ਉਨ੍ਹਾਂ ਸੁਝਾਅ ਦਿੱਤਾ ਕਿ ਪੰਥਕ ਜਥੇਬੰਦੀਆਂ ਇੱਕਜੁੱਟ ਹੋ ਕੇ ਸਾਂਝੀ ਸਿਆਸੀ ਪਾਰਟੀ ਜਾਂ ਮੰਚ ਬਣਾਉਣ ਅਤੇ ਹਰੇਕ ਵਿਧਾਨ ਸਭਾ ਹਲਕੇ ਤੋਂ ਸਿਰਫ਼ ਇੱਕ ਸਾਂਝਾ ਉਮੀਦਵਾਰ ਚੋਣ ਮੈਦਾਨ ਵਿੱਚ ਉਤਾਰਨ। ਉਨ੍ਹਾਂ ਕਿਹਾ ਕਿ ਵੱਖ-ਵੱਖ ਪੰਥਕ ਧਿਰਾਂ ਵੱਲੋਂ ਇੱਕੋ ਹਲਕੇ ਵਿੱਚ ਵੱਖਰੇ ਉਮੀਦਵਾਰ ਖੜ੍ਹੇ ਕਰਨ ਨਾਲ ਵੋਟਾਂ ਦੀ ਵੰਡ ਹੁੰਦੀ ਹੈ, ਜਿਸ ਦਾ ਸਿੱਧਾ ਨੁਕਸਾਨ ਪੰਜਾਬ ਦੇ ਹੱਕਾਂ ਦੀ ਸਿਆਸਤ ਨੂੰ ਹੋ ਸਕਦਾ ਹੈ।

### ‘ਹਰੇਕ ਪਾਰਟੀ ਦੇ ਮੈਨੀਫੈਸਟੋ ਵਿੱਚ ਹੋਵੇ ਚੰਡੀਗੜ੍ਹ’

ਪੰਥਕ ਆਗੂਆਂ ਨੇ ਕਿਹਾ ਕਿ ਜਿਹੜੀਆਂ ਵੀ ਸਿਆਸੀ ਪਾਰਟੀਆਂ ਪੰਜਾਬ ਦੇ ਹੱਕਾਂ ਦੀ ਗੱਲ ਕਰਦੀਆਂ ਹਨ ਅਤੇ ਆਉਣ ਵਾਲੀਆਂ ਚੋਣਾਂ ਵਿੱਚ ਹਿੱਸਾ ਲੈ ਰਹੀਆਂ ਹਨ, ਉਨ੍ਹਾਂ ਨੂੰ ਆਪਣੇ ਚੋਣ ਮੈਨੀਫੈਸਟੋ ਵਿੱਚ ਚੰਡੀਗੜ੍ਹ ਦੇ ਮੁੱਦੇ ਨੂੰ ਪ੍ਰਮੁੱਖਤਾ ਨਾਲ ਸ਼ਾਮਲ ਕਰਨਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਚੋਣ ਮੈਨੀਫੈਸਟੋ ਵਿੱਚ ਸਪੱਸ਼ਟ ਸ਼ਬਦਾਂ ਵਿੱਚ ਦਰਜ ਹੋਣਾ ਚਾਹੀਦਾ ਹੈ ਕਿ ਚੰਡੀਗੜ੍ਹ ਪੰਜਾਬ ਦਾ ਹੈ, ਪੰਜਾਬ ਦੀ ਰਾਜਧਾਨੀ ਹੈ ਅਤੇ ਪੰਜਾਬ ਦੇ ਹੱਕ ਨੂੰ ਪ੍ਰਾਪਤ ਕਰਨ ਲਈ ਹਰ ਸੰਭਵ ਰਾਜਨੀਤਕ ਅਤੇ ਸੰਵਿਧਾਨਕ ਯਤਨ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਸਿਰਫ਼ ਚੰਡੀਗੜ੍ਹ ਹੀ ਨਹੀਂ, ਸਗੋਂ ਪੰਜਾਬ ਦੇ ਪਾਣੀਆਂ, ਪੰਜਾਬੀ ਬੋਲਦੇ ਇਲਾਕਿਆਂ, ਕਿਸਾਨੀ, ਉਦਯੋਗ, ਰੁਜ਼ਗਾਰ ਅਤੇ ਹੋਰ ਸੂਬਾਈ ਹੱਕਾਂ ਸਬੰਧੀ ਵੀ ਸਿਆਸੀ ਪਾਰਟੀਆਂ ਨੂੰ ਆਪਣੇ ਚੋਣ ਮੈਨੀਫੈਸਟੋ ਵਿੱਚ ਸਪੱਸ਼ਟ ਅਤੇ ਸਮੇਂਬੱਧ ਨੀਤੀ ਪੇਸ਼ ਕਰਨੀ ਚਾਹੀਦੀ ਹੈ।

### ‘ਹੁਣ ਫੈਸਲੇ ਦਾ ਸਮਾਂ ਹੈ’

ਇੰਟਰਨੈਸ਼ਨਲ ਪੰਥਕ ਦਲ ਦੇ ਆਗੂਆਂ ਨੇ ਕਿਹਾ ਕਿ ਪੰਜਾਬ ਦੇ ਲੋਕ ਲੰਮੇ ਸਮੇਂ ਤੋਂ ਆਪਣੇ ਹੱਕਾਂ ਸਬੰਧੀ ਸਿਆਸੀ ਪਾਰਟੀਆਂ ਤੋਂ ਸਪੱਸ਼ਟ ਰੁਖ ਦੀ ਉਮੀਦ ਕਰ ਰਹੇ ਹਨ। ਹੁਣ ਲੋੜ ਇਸ ਗੱਲ ਦੀ ਹੈ ਕਿ ਪੰਜਾਬ ਦੇ ਹੱਕਾਂ ਨਾਲ ਸਬੰਧਤ ਮੁੱਦਿਆਂ ਨੂੰ ਸਿਰਫ਼ ਭਾਵਨਾਤਮਕ ਬਿਆਨਾਂ ਦੀ ਬਜਾਏ ਠੋਸ ਨੀਤੀ, ਵਿਧਾਨਕ ਮਤਿਆਂ ਅਤੇ ਅਮਲੀ ਕਾਰਵਾਈ ਨਾਲ ਜੋੜਿਆ ਜਾਵੇ।

ਉਨ੍ਹਾਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਆਉਣ ਵਾਲੇ ਵਿਸ਼ੇਸ਼ ਇਜਲਾਸ ਵਿੱਚ ਚੰਡੀਗੜ੍ਹ ਦੇ ਮੁੱਦੇ ’ਤੇ ਸਪੱਸ਼ਟ ਮਤਾ ਲਿਆਂਦਾ ਜਾਵੇ ਅਤੇ ਪੰਜਾਬ ਦੀਆਂ ਸਾਰੀਆਂ ਸਿਆਸੀ ਪਾਰਟੀਆਂ ਨੂੰ ਵੀ ਅਪੀਲ ਕੀਤੀ ਕਿ ਉਹ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪੰਜਾਬ ਦੇ ਹੱਕਾਂ ਬਾਰੇ ਆਪਣਾ ਸਪੱਸ਼ਟ ਰੋਡਮੈਪ ਲੋਕਾਂ ਸਾਹਮਣੇ ਰੱਖਣ।

ਪੰਥਕ ਆਗੂਆਂ ਨੇ ਕਿਹਾ ਕਿ ਪੰਜਾਬ ਦੇ ਹੱਕਾਂ ਦੀ ਲੜਾਈ ਨੂੰ ਸਿਰਫ਼ ਬਿਆਨਾਂ ਤੋਂ ਅੱਗੇ ਲਿਜਾਣ, ਪੰਥਕ ਧਿਰਾਂ ਨੂੰ ਇੱਕ ਮੰਚ ’ਤੇ ਇਕੱਠਾ ਕਰਨ ਅਤੇ ਚੋਣ ਮੈਨੀਫੈਸਟੋ ਵਿੱਚ ਪੰਜਾਬ ਦੇ ਹੱਕਾਂ ਨੂੰ ਕੇਂਦਰੀ ਮੁੱਦਾ ਬਣਾਉਣ ਦੀ ਲੋੜ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net




ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ — WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net


ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ

Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

## 1 ਨਵੰਬਰ 2026, ਦਿਨ ਐਤਵਾਰ ਨੂੰ

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ

**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137

ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ

ਸੰਪਰਕ ਨੰਬਰ 84278-66404

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV





### ਹੱਕਾਂ ਦੀ ਆਵਾਜ਼ ਲਈ ਚੰਡੀਗੜ੍ਹ ਵੱਲ ਕੂਚ, ਤਲਵੰਡੀ ਸਾਬੋ ਤੋਂ

# ਕਾਂਗਰਸੀ ਵਰਕਰ ਅਤੇ ਆਗੂ ਧਰਨੇ ਲਈ ਰਵਾਨਾ



ਤਲਵੰਡੀ ਸਾਬੋ, 08 ਸਤੰਬਰ (ਗੁਰਜੰਟ ਸਿੰਘ ਨਥੇਹਾ)- ਲੋਕਾਂ ਦੇ ਹੱਕਾਂ ਦੀ ਆਵਾਜ਼ ਬੁਲੰਦ ਕਰਨ ਅਤੇ ਧੱਕੇਸ਼ਾਹੀ ਦੇ ਖਿਲਾਫ਼ ਸੰਘਰਸ਼ ਨੂੰ ਮਜ਼ਬੂਤ ਕਰਨ ਲਈ ਹਲਕਾ ਤਲਵੰਡੀ ਸਾਬੋ ਤੋਂ ਕਾਂਗਰਸ ਪਾਰਟੀ ਦੇ ਵਰਕਰ ਅਤੇ ਆਗੂ ਚੰਡੀਗੜ੍ਹ ਵਿਖੇ ਹੋਣ ਵਾਲੇ ਧਰਨੇ ਵਿੱਚ ਸ਼ਾਮਲ ਹੋਣ ਲਈ ਰਵਾਨਾ ਹੋਏ। ਬਲਾਕ ਪ੍ਰਧਾਨ ਕ੍ਰਿਸ਼ਨ ਸਿੰਘ ਭਾਗੀਵਾਂਦਰ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰਾਂ ਨੇ ਚੰਡੀਗੜ੍ਹ ਵੱਲ ਕੂਚ ਕੀਤਾ। ਇਸ ਮੌਕੇ ਵਰਕਰਾਂ ਵਿੱਚ ਲੋਕਾਂ ਦੇ ਹੱਕਾਂ ਲਈ ਲੜਨ ਅਤੇ ਆਪਣੀ ਆਵਾਜ਼ ਬੁਲੰਦ ਕਰਨ ਦਾ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਰਵਾਨਗੀ ਮੌਕੇ ਬਲਾਕ ਪ੍ਰਧਾਨ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਲੋਕਾਂ ਦੇ ਹੱਕਾਂ ਅਤੇ ਹਿੱਤਾਂ ਲਈ ਸੰਘਰਸ਼ ਕਰਦੀ ਰਹੀ ਹੈ ਅਤੇ ਅੱਜ ਵੀ ਪਾਰਟੀ ਦਾ ਹਰ ਵਰਕਰ ਲੋਕਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਾ ਹੈ। ਉਨ੍ਹਾਂ ਕਿਹਾ ਕਿ ਜਿੱਥੇ ਵੀ ਆਮ ਲੋਕਾਂ ਨਾਲ ਧੱਕਾ ਜਾਂ ਬੇਇਨਸਾਫ਼ੀ ਹੋਵੇਗੀ, ਉੱਥੇ ਕਾਂਗਰਸ ਪਾਰਟੀ ਦਾ ਹਰ ਵਰਕਰ ਲੋਕਾਂ ਦੀ ਆਵਾਜ਼ ਬਣ ਕੇ ਅੱਗੇ ਆਵੇਗਾ। ਉਨ੍ਹਾਂ ਕਿਹਾ ਕਿ ਚੰਡੀਗੜ੍ਹ ਵਿਖੇ ਹੋਣ ਵਾਲੇ ਧਰਨੇ ਵਿੱਚ ਤਲਵੰਡੀ ਸਾਬੋ ਹਲਕੇ ਦੇ ਕਾਂਗਰਸੀ ਵਰਕਰ ਪੂਰੇ ਜੋਸ਼ ਅਤੇ ਇਕਜੁੱਟਤਾ ਨਾਲ ਸ਼ਮੂਲੀਅਤ ਕਰ ਰਹੇ ਹਨ। ਇਹ ਕੂਚ ਸਿਰਫ਼ ਇੱਕ ਧਰਨੇ ਵਿੱਚ ਸ਼ਮੂਲੀਅਤ ਨਹੀਂ, ਸਗੋਂ ਲੋਕਾਂ ਦੇ ਹੱਕਾਂ, ਇਨਸਾਫ਼ ਅਤੇ ਧੱਕੇਸ਼ਾਹੀ ਦੇ ਖਿਲਾਫ਼ ਸੰਘਰਸ਼ ਦਾ ਪ੍ਰਤੀਕ ਹੈ। ਚੰਡੀਗੜ੍ਹ ਵੱਲ ਜਾਂਦੇ ਹੋਏ ਰਸਤੇ ਦੀਆਂ ਤਸਵੀਰਾਂ ਵੀ ਕਾਂਗਰਸੀ ਵਰਕਰਾਂ ਦੇ ਜਜ਼ਬੇ, ਇਕਜੁੱਟਤਾ ਅਤੇ ਲੋਕਾਂ ਦੇ ਹੱਕਾਂ ਲਈ ਲੜਨ ਦੀ ਦ੍ਰਿੜ੍ਹ ਵਚਨਬੱਧਤਾ ਨੂੰ ਦਰਸਾਉਂਦੀਆਂ ਹਨ। ਵਰਕਰਾਂ ਨੇ ਕਿਹਾ ਕਿ ਉਹ ਹਰ ਸਮੇਂ ਲੋਕਾਂ ਦੀ ਆਵਾਜ਼ ਬਣ ਕੇ ਉਨ੍ਹਾਂ ਦੇ ਹੱਕਾਂ ਦੀ ਰਾਖੀ ਲਈ ਸੰਘਰਸ਼ ਕਰਦੇ ਰਹਿਣਗੇ। ਇਸ ਮੌਕੇ ਹਰਨਾਂ ਤੋਂ ਇਲਾਵਾ ਰਣਬੀਰ ਸਿੰਘ ਸੇਖਪੁਰਾ ਜਿਲਾ ਵਾਈਸ ਪ੍ਰਧਾਨ ਬਠਿੰਡਾ ਦਿਹਾਤੀ, ਰਾਮ ਸਿੰਘ ਲੇਲੇਵਾਲਾ, ਜਗਤਾਰ ਸਿੰਘ ਮੈਨੂੰਆਣਾ, ਮੇਜਰ ਸਿੰਘ ਜਗਾ ਰਾਮ ਤੀਰਥ, ਵਿਕਾਸ ਸ਼ਰਮਾ ਤਲਵੰਡੀ, ਬਲਜੀਤ ਸਿੰਘ ਭਾਗੀਵਾਂਦਰ ਯੂਥ ਆਗੂ ਸ਼ਾਮਿਲ ਸਨ।

**ਬਲਾਕ ਪ੍ਰਧਾਨ ਕ੍ਰਿਸ਼ਨ ਸਿੰਘ ਭਾਗੀਵਾਂਦਰ ਦੀ ਅਗਵਾਈ ਹੇਠ ਵਰਕਰਾਂ ਨੇ ਕੀਤੀ ਸ਼ਮੂਲੀਅਤ**

ਆਵਾਜ਼ਿ ਕੌਮ AWAZE QAUM International Newspaper & WEB TV

## ਮੈਰਿਜ ਪੈਲੇਸਾਂ 'ਚ ਹਥਿਆਰ ਲਿਜਾਣ ਅਤੇ ਫਾਇਰ ਕਰਨ 'ਤੇ ਪੂਰਨ ਮਨਾਹੀ ਦੇ ਹੁਕਮ ਵਧੀਕ ਜ਼ਿਲ੍ਹਾ ਮੈਜਿਸਟਰੇਟ ਸ੍ਰੀ ਪਲਵੀ ਮਿਸ਼ਰਾ



**ਜੰਡਿਆਲਾ ਗੁਰੂ 8 ਸਤੰਬਰ (ਕੁਲਵੰਤ ਸਿੰਘ ਵਿਰਦੀ)**- ਵਧੀਕ ਜ਼ਿਲ੍ਹਾ ਮੈਜਿਸਟਰੇਟ ਅੰਮ੍ਰਿਤਸਰ ਸ੍ਰੀ ਪੱਲਵੀ ਮਿਸ਼ਰਾ ਨੇ ਭਾਰਤੀ ਨਾਗਰਿਕ ਸੁਰੱਕਸ਼ਾ ਸਹਿੰਤਾ, 2023 ਦੀ ਧਾਰਾ 163 ਬੀ.ਐਨ.ਐਸ.ਐਸ. ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੋਇਆਂ ਜਿਲ੍ਹੇ ਦੇ ਦਿਹਾਤੀ ਏਰੀਏ ਵਿੱਚ ਚੱਲ ਰਹੇ ਮੈਰਿਜ ਪੈਲੇਸਾਂ ਵਿਚ ਹਥਿਆਰ ਆਦਿ ਲੈ ਕੇ ਆਉਣ ਅਤੇ ਹਵਾਈ ਫਾਇਰ ਕਰਨ ਅਤੇ ਸ਼ੋਸ਼ਲ ਮੀਡੀਆ ਵਿੱਚ ਅਜਿਹੀ ਕਾਰਵਾਈ 'ਤੇ ਪੂਰਨ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ। ਜਾਰੀ ਹੁਕਮ ਵਿਚ ਜ਼ਿਲ੍ਹਾ ਮੈਜਿਸਟਰੇਟ ਨੇ ਕਿਹਾ ਹੈ ਕਿ ਸੀਨੀਅਰ ਪੁਲਿਸ ਕਪਤਾਨ, ਅੰਮ੍ਰਿਤਸਰ (ਦਿਹਾਤੀ) ਨੇ ਉਨ੍ਹਾਂ ਦੇ ਧਿਆਨ ਵਿਚ ਲਿਆਂਦਾ ਹੈ ਕਿ ਕਾਫੀ ਗਿਣਤੀ ਵਿਚ ਮੈਰਿਜ ਪੈਲੇਸਾਂ, ਧਾਰਮਿਕ ਸਥਾਨਾਂ ਵਿਚ ਹੁੰਦੇ ਸਮਾਰੋਹਾਂ ਦੌਰਾਨ ਕਈ ਲੋਕਾਂ ਵੱਲੋਂ ਹਥਿਆਰ ਨਾਲ ਲੈ ਕੇ ਜਾਣਾ ਅਤੇ ਹਵਾਈ ਫਾਇਰ ਕਰਨਾ ਇਕ ਰਵਾਇਤ ਜਿਹੀ ਬਣ ਗਈ ਹੈ ਅਤੇ ਸ਼ੋਸਲ ਮੀਡੀਆ ਤੇ ਵੀ ਹਥਿਆਰਾਂ ਦੀ ਨੁਮਾਇਸ਼ ਕੀਤੀ ਜਾਂਦੀ ਹੈ, ਜਿਸ ਨਾਲ ਕਈ ਵਾਰ ਅਮਨ ਕਾਨੂੰਨ ਦੀ ਸਥਿਤੀ ਵਿਗੜਨ ਦੀ ਸੰਭਾਵਨਾ ਬਣੀ ਰਹਿੰਦੀ ਹੈ। ਇਸ ਲਈ ਜ਼ਿਲ੍ਹਾ ਦਿਹਾਤੀ ਏਰੀਏ ਵਿਚ ਚੱਲ ਰਹੇ ਮੈਰਿਜ ਪੈਲੇਸਾਂ ਅੰਦਰ ਹਥਿਆਰ ਲੈ ਕੇ ਜਾਣ ਅਤੇ ਹਵਾਈ ਫਾਇਰ ਕਰਨ 'ਤੇ ਰੋਕ ਲਗਾਈ ਜਾਣੀ ਅਤਿ ਜ਼ਰੂਰੀ ਹੈ। ਇਹ ਪਾਬੰਦੀ ਦਾ ਹੁਕਮ 6 ਨਵੰਬਰ 2026 ਤੱਕ ਲਾਗੂ ਰਹੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

### ਸੀਨੀਅਰ ਮੈਡੀਕਲ ਅਫਸਰ ਡਾ. ਰਵੀਕਾਂਤ ਗੁਪਤਾ ਵੱਲੋਂ

# ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਲਹਿਰੀ ਵਿਖੇ ਸਿਹਤ ਜਾਗਰੂਕਤਾ ਸੈਮੀਨਾਰ





**ਤਲਵੰਡੀ ਸਾਬੋ, 08 ਸਤੰਬਰ (ਗੁਰਜੰਟ ਸਿੰਘ ਨਥੇਹਾ)-** ਵਿਦਿਆਰਥੀਆਂ ਨੂੰ ਚੰਗੀ ਸਿਹਤ, ਸਫ਼ਾਈ ਅਤੇ ਸਿਹਤਮੰਦ ਜੀਵਨ ਸ਼ੈਲੀ ਪ੍ਰਤੀ ਜਾਗਰੂਕ ਕਰਨ ਦੇ ਉਦੇਸ਼ ਨਾਲ ਸ਼ਹੀਦ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਦੇ ਸੀਨੀਅਰ ਮੈਡੀਕਲ ਅਫਸਰ ਡਾ. ਰਵੀਕਾਂਤ ਗੁਪਤਾ ਵੱਲੋਂ ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਲਹਿਰੀ ਵਿਖੇ ਸਿਹਤ ਸਬੰਧੀ ਜਾਗਰੂਕਤਾ ਸੈਮੀਨਾਰ ਲਗਾਇਆ ਗਿਆ।ਸੈਮੀਨਾਰ ਦੌਰਾਨ ਡਾ. ਰਵੀਕਾਂਤ ਗੁਪਤਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਚੰਗੀ ਸਿਹਤ ਹੀ ਇੱਕ ਸਫਲ ਅਤੇ ਖੁਸ਼ਹਾਲ ਜੀਵਨ ਦੀ ਬੁਨਿਆਦ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਛੋਟੀ ਉਮਰ ਤੋਂ ਹੀ ਆਪਣੀ ਸਿਹਤ ਅਤੇ ਨਿੱਜੀ ਸਫ਼ਾਈ ਪ੍ਰਤੀ ਸੁਚੇਤ ਰਹਿਣਾ ਚਾਹੀਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਸੰਤੁਲਿਤ ਅਤੇ ਪੌਸ਼ਟਿਕ ਆਹਾਰ ਲੈਣ, ਰੋਜ਼ਾਨਾ ਕਸਰਤ ਕਰਨ, ਸਮੇਂ ਸਿਰ ਸੌਣ ਅਤੇ ਉੱਠਣ ਅਤੇ ਫਾਸਟ ਫੂਡ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਹੱਥਾਂ ਦੀ ਸਫ਼ਾਈ, ਦੰਦਾਂ ਦੀ ਨਿਯਮਿਤ ਸਫ਼ਾਈ ਅਤੇ ਸਾਫ਼-ਸੁਥਰਾ ਵਾਤਾਵਰਨ ਬਿਮਾਰੀਆਂ ਤੋਂ ਬਚਾਅ ਲਈ ਬਹੁਤ ਜ਼ਰੂਰੀ ਹਨ। ਡਾ. ਗੁਪਤਾ ਨੇ ਵਿਦਿਆਰਥੀਆਂ ਨੂੰ ਮੌਸਮੀ ਬਿਮਾਰੀਆਂ ਤੋਂ ਬਚਾਅ ਅਤੇ ਕਿਸੇ ਵੀ ਤਰ੍ਹਾਂ ਦੀ ਸਿਹਤ ਸਮੱਸਿਆ ਹੋਣ 'ਤੇ ਸਮੇਂ ਸਿਰ ਡਾਕਟਰੀ ਸਲਾਹ ਲੈਣ ਬਾਰੇ ਵੀ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਸਿਹਤ ਪ੍ਰਤੀ ਜਾਗਰੂਕਤਾ ਨਾ ਸਿਰਫ਼ ਵਿਅਕਤੀ ਨੂੰ ਤੰਦਰੁਸਤ ਰੱਖਦੀ ਹੈ, ਸਗੋਂ ਇੱਕ ਸਿਹਤਮੰਦ ਸਮਾਜ ਦੀ ਸਿਰਜਣਾ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੀ ਹੈ। ਇਸ ਮੌਕੇ ਸਕੂਲ ਪ੍ਰਿੰਸੀਪਲ ਸ੍ਰ ਲਖਵਿੰਦਰ ਸਿੰਘ ਸਿੱਧੂ ਵੱਲੋਂ ਡਾ. ਰਵੀਕਾਂਤ ਗੁਪਤਾ ਦਾ ਧੰਨਵਾਦ ਕੀਤਾ ਗਿਆ। ਸਕੂਲ ਪ੍ਰਬੰਧਕੀ ਕਮੇਟੀ ਪ੍ਰਧਾਨ ਸ਼੍ਰੀਮਤੀ ਜਸਵਿੰਦਰ ਕੌਰ ਸਿੱਧੂ ਅਤੇ ਸਕੱਤਰ ਸ਼੍ਰੀਮਤੀ ਪਰਮਜੀਤ ਕੌਰ ਸੇਖੋਂ ਨੇ ਕਿਹਾ ਕਿ ਅਜਿਹੇ ਜਾਗਰੂਕਤਾ ਸੈਮੀਨਾਰ ਵਿਦਿਆਰਥੀਆਂ ਨੂੰ ਸਿਹਤ ਪ੍ਰਤੀ ਸੁਚੇਤ ਕਰਨ ਅਤੇ ਉਨ੍ਹਾਂ ਵਿੱਚ ਸਿਹਤਮੰਦ ਆਦਤਾਂ ਵਿਕਸਿਤ ਕਰਨ ਲਈ ਬਹੁਤ ਲਾਹੇਵੰਦ ਸਾਬਤ ਹੁੰਦੇ ਹਨ। ਇਸ ਮੌਕੇ ਸਕੂਲ ਵੱਲੋਂ ਡਾਕਟਰ ਰਵੀ ਕਾਂਤ ਗੁਪਤਾ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।ਸੈਮੀਨਾਰ ਦੌਰਾਨ ਸਕੂਲ ਦੇ ਵਿਦਿਆਰਥੀ ਅਤੇ ਅਧਿਆਪਕ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

### ਐਚਐਮਈਐਲ ਅਤੇ ਏਮਜ਼ ਬਠਿੰਡਾ ਵੱਲੋਂ ਪਿੰਡ ਸੇਖੂ ਵਿੱਚ ਮੈਗਾ ਹੈਲਥ ਕੈਂਪ

# 230 ਤੋਂ ਵੱਧ ਲੋਕਾਂ ਨੇ ਮਾਹਿਰ ਡਾਕਟਰੀ ਸੇਵਾਵਾਂ ਦਾ ਲਿਆ ਲਾਭ



ਤਲਵੰਡੀ ਸਾਬੋ, 08 ਸਤੰਬਰ (ਗੁਰਜੰਟ ਸਿੰਘ ਨਥੇਹਾ)- ਪੇਂਡੂ ਖੇਤਰਾਂ ਵਿੱਚ ਗੁਣਵੱਤਾਪੂਰਨ ਸਿਹਤ ਸੇਵਾਵਾਂ ਦੀ ਪਹੁੰਚ ਨੂੰ ਯਕੀਨੀ ਬਣਾਉਣ ਦੀ ਆਪਣੀ ਵਚਨਬੱਧਤਾ ਨੂੰ ਅੱਗੇ ਵਧਾਉਂਦਿਆਂ ਐਚਐਮਈਐਲ ਵੱਲੋਂ ਏਮਜ਼ ਬਠਿੰਡਾ ਦੇ ਸਹਿਯੋਗ ਨਾਲ ਗੁਰਦੁਆਰਾ ਚਰਨਸਰ ਸਾਹਿਬ, ਪਿੰਡ ਸੇਖੂ ਵਿਖੇ ਇੱਕ ਵਿਸ਼ਾਲ ਮੈਗਾ ਹੈਲਥ ਕੈਂਪ ਲਗਾਇਆ ਗਿਆ। ਇਸ ਸਿਹਤ ਕੈਂਪ ਦੌਰਾਨ 230 ਤੋਂ ਵੱਧ ਲੋਕਾਂ ਨੇ ਮੁਫ਼ਤ ਮਾਹਿਰ ਡਾਕਟਰੀ ਸਲਾਹ ਅਤੇ ਵੱਖ-ਵੱਖ ਸਿਹਤ ਜਾਂਚ ਸੇਵਾਵਾਂ ਦਾ ਲਾਭ ਪ੍ਰਾਪਤ ਕੀਤਾ। ਇਹ ਹੈਲਥ ਕੈਂਪ ਐਚਐਮਈਐਲ ਦੇ ਪ੍ਰਮੁੱਖ ਇੰਟੀਗ੍ਰੇਟਿਡ ਮੋਬਾਈਲ ਮੈਡੀਕਲ ਯੂਨਿਟ (ਐਮਐਮਯੂ) ਵਿਦ ਟੈਲੀਮੈਡੀਸਨ ਪ੍ਰੋਜੈਕਟ ਤਹਿਤ

### ਇੰਟੀਗ੍ਰੇਟਿਡ ਮੋਬਾਈਲ ਮੈਡੀਕਲ ਯੂਨਿਟ ਅਤੇ ਟੈਲੀਮੈਡੀਸਨ ਪ੍ਰੋਜੈਕਟ ਤਹਿਤ ਪਿੰਡ ਵਾਸੀਆਂ ਨੂੰ ਮਿਲੀਆਂ ਮਾਹਿਰ ਡਾਕਟਰੀ ਸਲਾਹ ਅਤੇ ਜਾਂਚ ਸੇਵਾਵਾਂ

ਕਰਵਾਇਆ ਗਿਆ। ਇਸ ਪ੍ਰੋਜੈਕਟ ਦਾ ਮੁੱਖ ਉਦੇਸ਼ ਐਚਐਮਈਐਲ ਦੇ ਕਾਰਜ ਖੇਤਰ ਦੇ ਆਸ-ਪਾਸ ਰਹਿੰਦੇ ਪੇਂਡੂ ਭਾਈਚਾਰਿਆਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਹੀ ਗੁਣਵੱਤਾਪੂਰਨ ਸਿਹਤ ਸੇਵਾਵਾਂ ਅਤੇ ਮਾਹਿਰ ਡਾਕਟਰਾਂ ਦੀ ਸਲਾਹ ਉਪਲਬਧ ਕਰਵਾਉਣਾ ਹੈ। ਹੈਲਥ ਕੈਂਪ ਨੂੰ ਪਿੰਡ ਵਾਸੀਆਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ। ਕੈਂਪ ਦੌਰਾਨ 230 ਤੋਂ ਵੱਧ ਮਰੀਜ਼ਾਂ ਨੇ ਮੁਫ਼ਤ ਮਾਹਿਰ ਡਾਕਟਰੀ ਸਲਾਹ, ਸਿਹਤ ਜਾਂਚ, ਬਿਮਾਰੀਆਂ ਦੀ ਪਛਾਣ ਅਤੇ ਜ਼ਰੂਰੀ ਡਾਕਟਰੀ ਮਾਰਗਦਰਸ਼ਨ ਦਾ ਲਾਭ ਲਿਆ। ਏਮਜ਼ ਬਠਿੰਡਾ ਦੇ ਮਾਹਿਰ ਡਾਕਟਰਾਂ ਵੱਲੋਂ ਆਰਥੋਪੀਡਿਕਸ, ਨੇਤਰ ਰੋਗ, ਦੰਦਾਂ ਦੀ ਜਾਂਚ, ਦਰਦ ਅਤੇ ਪੈਲੀਏਟਿਵ ਕੇਅਰ, ਗਾਇਨੀਕੋਲੋਜੀ, ਜਨਰਲ ਮੈਡੀਸਨ ਅਤੇ ਟੈਲੀਮੈਡੀਸਨ ਸਮੇਤ ਵੱਖ-ਵੱਖ ਮੈਡੀਕਲ ਖੇਤਰਾਂ ਨਾਲ ਸਬੰਧਤ ਸੇਵਾਵਾਂ ਪ੍ਰਦਾਨ ਕੀਤੀਆਂ ਗਈਆਂ। ਕੈਂਪ ਦੌਰਾਨ ਨੇਤਰ ਰੋਗਾਂ ਦੀ ਜਾਂਚ ਕਰਵਾਉਣ ਵਾਲੇ ਮਰੀਜ਼ਾਂ ਦੀ ਗਿਣਤੀ ਸਭ ਤੋਂ ਵੱਧ ਰਹੀ। ਇਹ ਪੇਂਡੂ ਖੇਤਰਾਂ ਵਿੱਚ ਅੱਖਾਂ ਨਾਲ ਸਬੰਧਤ ਬਿਮਾਰੀਆਂ ਅਤੇ ਸਮੱਸਿਆਵਾਂ ਦੀ ਸਮੇਂ ਸਿਰ ਪਛਾਣ, ਨਿਯਮਿਤ ਅੱਖਾਂ ਦੀ ਜਾਂਚ ਅਤੇ ਆਸਾਨੀ ਨਾਲ ਉਪਲਬਧ ਨੇਤਰ ਸਿਹਤ ਸੇਵਾਵਾਂ ਦੀ ਵੱਧ ਰਹੀ ਲੋੜ ਨੂੰ ਦਰਸਾਉਂਦਾ ਹੈ। ਜਾਣਕਾਰੀ ਅਨੁਸਾਰ, ਇਸ ਪ੍ਰੋਜੈਕਟ ਤਹਿਤ ਹੁਣ ਤੱਕ 275 ਮੈਡੀਕਲ ਕੈਂਪ ਲਗਾਏ ਜਾ ਚੁੱਕੇ ਹਨ, ਜਿਨ੍ਹਾਂ ਰਾਹੀਂ 15,121 ਤੋਂ ਵੱਧ ਮਰੀਜ਼ ਸਿਹਤ ਸੇਵਾਵਾਂ ਦਾ ਲਾਭ ਪ੍ਰਾਪਤ ਕਰ ਚੁੱਕੇ ਹਨ। ਹੈਲਥ ਕੈਂਪ ਦੀ ਸਫਲਤਾ ਵਿੱਚ ਸਥਾਨਕ ਭਾਈਚਾਰੇ ਅਤੇ ਵੱਖ-ਵੱਖ ਹਿੱਸੇਦਾਰਾਂ ਦੀ ਸਰਗਰਮ ਭਾਗੀਦਾਰੀ ਮਹੱਤਵਪੂਰਨ ਰਹੀ। ਗ੍ਰਾਮ ਪੰਚਾਇਤ ਸੇਖੂ ਨੇ ਸਰਪੰਚ ਦੀ ਅਗਵਾਈ ਹੇਠ ਕੈਂਪ ਦੇ ਆਯੋਜਨ ਵਿੱਚ ਪੂਰਾ ਸਹਿਯੋਗ ਦਿੱਤਾ। ਇਸ ਤੋਂ ਇਲਾਵਾ ਆਸ਼ਾ ਅਤੇ ਆਂਗਣਵਾੜੀ ਵਰਕਰਾਂ ਨੇ ਪਿੰਡ ਵਾਸੀਆਂ ਨੂੰ ਕੈਂਪ ਬਾਰੇ ਜਾਣਕਾਰੀ ਦੇਣ ਅਤੇ ਉਨ੍ਹਾਂ ਨੂੰ ਸਿਹਤ ਸੇਵਾਵਾਂ ਦਾ ਲਾਭ ਲੈਣ ਲਈ ਪ੍ਰੇਰਿਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ। ਐਚਐਮਈਐਲ ਦੇ ਕਰਮਚਾਰੀਆਂ ਨੇ ਵੀ ਸੀਐਸਆਰ ਵਲੰਟੀਅਰਜ਼ ਵਜੋਂ ਸਰਗਰਮੀ ਨਾਲ ਆਪਣੀਆਂ ਸੇਵਾਵਾਂ ਦਿੱਤੀਆਂ। ਉਨ੍ਹਾਂ ਵੱਲੋਂ ਲਾਭਪਾਤਰੀਆਂ ਦੀ ਰਜਿਸਟ੍ਰੇਸ਼ਨ, ਭੀੜ ਪ੍ਰਬੰਧਨ, ਕੈਂਪ ਕੋਆਰਡੀਨੇਸ਼ਨ ਅਤੇ ਹੋਰ ਪ੍ਰਬੰਧਕੀ ਗਤੀਵਿਧੀਆਂ ਵਿੱਚ ਸਹਿਯੋਗ ਦਿੱਤਾ ਗਿਆ। ਸਵੈ-ਸਹਾਇਤਾ ਸਮੂਹਾਂ ਦੀਆਂ ਮੈਂਬਰਾਂ ਅਤੇ ਸਰਕਾਰੀ ਹਾਈ ਸਕੂਲ ਸੇਖੂ ਦੇ ਪ੍ਰਿੰਸੀਪਲ ਨੇ ਵੀ ਕੈਂਪ ਸਬੰਧੀ ਜਾਗਰੂਕਤਾ ਵਧਾਉਣ ਅਤੇ ਵੱਧ ਤੋਂ ਵੱਧ ਪਿੰਡ ਵਾਸੀਆਂ ਦੀ ਭਾਗੀਦਾਰੀ ਯਕੀਨੀ ਬਣਾਉਣ ਵਿੱਚ ਵਿਸ਼ੇਸ਼ ਸਹਿਯੋਗ ਦਿੱਤਾ। ਇਸ ਦੇ ਨਾਲ ਹੀ ਗੁਰਦੁਆਰਾ ਚਰਨਸਰ ਸਾਹਿਬ, ਸੇਖੂ ਦੀ ਪ੍ਰਬੰਧਕ ਕਮੇਟੀ ਵੱਲੋਂ ਕੈਂਪ ਲਈ ਲੋੜੀਂਦੇ ਪ੍ਰਬੰਧਾਂ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਗਿਆ, ਜਿਸ ਨਾਲ ਮਰੀਜ਼ਾਂ ਅਤੇ ਹੋਰ ਲਾਭਪਾਤਰੀਆਂ ਲਈ ਸੁਚੱਜਾ ਅਤੇ ਸੁਵਿਧਾਜਨਕ ਮਾਹੌਲ ਯਕੀਨੀ ਬਣਾਇਆ ਜਾ ਸਕਿਆ। ਇਸ ਮੈਗਾ ਹੈਲਥ ਕੈਂਪ ਨੇ ਇੱਕ ਵਾਰ ਫਿਰ ਸਾਬਤ ਕੀਤਾ ਕਿ ਐਚਐਮਈਐਲ ਅਤੇ ਏਮਜ਼ ਬਠਿੰਡਾ ਵੱਲੋਂ ਮਿਲ ਕੇ ਕੀਤੇ ਜਾ ਰਹੇ ਯਤਨ ਪੇਂਡੂ ਖੇਤਰਾਂ ਤੱਕ ਮਾਹਿਰ ਅਤੇ ਗੁਣਵੱਤਾਪੂਰਨ ਸਿਹਤ ਸੇਵਾਵਾਂ ਪਹੁੰਚਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੇ ਹਨ।



# ਸਵਾਲ ਕਰਨ ਦੀਆਂ ਸਲਾਹਾਂ ਦੇਣ ਵਾਲੇ 'ਆਪ' ਲੀਡਰ ਹੁਣ ਖੁਦ ਲੋਕ ਸਵਾਲਾਂ ਤੋਂ ਡਰ ਕਿਉਂ ਰਹੇ ਨੇ- ਜੀਤਮਹਿੰਦਰ ਸਿੱਧੂ





**ਤਲਵੰਡੀ ਸਾਬੋ/ਮੌੜ ਮੰਡੀ, 8 ਸਤੰਬਰ (ਗੁਰਜੰਟ ਸਿੰਘ ਨਥੇਹਾ)-** 2022 ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਦੇ ਜਿਹੜੇ ਆਗੂ ਜਨਸਭਾਵਾਂ ਕਰਕੇ ਲੋਕਾਂ ਨੂੰ ਇਹ ਸਲਾਹਾਂ ਦਿੰਦੇ ਸਨ ਕਿ ਉਹ ਲੀਡਰਾਂ ਨੂੰ ਸਵਾਲ ਕਰਿਆ ਕਰਨ ਉਹ ਹੁਣ ਖੁਦ ਲੋਕਾਂ ਦੇ ਸਵਾਲਾਂ ਤੋਂ ਡਰ ਕਿਉਂ ਰਹੇ ਹਨ ਤੇ ਸਵਾਲ ਕਰਨ ਵਾਲਿਆਂ ਖਿਲਾਫ ਪੁਲਿਸ ਦੀ ਦੁਰਵਰਤੋਂ ਕਿਉਂ ਕਰਵਾ ਰਹੇ ਹਨ ਉਕਤ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਮੌੜ ਚ ਕਾਂਗਰਸ ਦੀ ਅਗਵਾਈ ਕਰ ਰਹੇ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਨੇ ਕੀਤਾ। ਸਾਬਕਾ ਵਿਧਾਇਕ ਸਿੱਧੂ ਜੋ ਹਲਕੇ ਦੇ ਪਿੰਡਾਂ ਚ ਵਰਕਰਾਂ ਤੇ ਲੋਕਾਂ ਦੇ ਨਿੱਜੀ ਪ੍ਰੋਗਰਾਮਾਂ ਚ ਹਾਜ਼ਰੀ ਭਰਨ ਪੁੱਜੇ ਸਨ ਨੇ ਬਾਅਦ ਚ ਗੱਲਬਾਤ ਕਰਦਿਆਂ ਕਿਹਾ ਕਿ ਸ਼ਹੀਦ ਭਗਤ ਸਿੰਘ ਦੀ ਪੱਗ ਬੰਨ ਕੇ ਲੋਕਤੰਤਰ ਬਚਾਉਣ ਦੇ ਦਾਅਵੇ ਕਰਨ ਵਾਲੇ ਆਮ ਆਦਮੀ ਪਾਰਟੀ ਦੇ ਲੀਡਰ ਸੱਤਾ ਚ ਆਉਣ ਤੋਂ ਬਾਅਦ ਇੰਨਾ ਰੰਗ ਬਦਲ ਗਏ ਕਿ ਹੁਣ ਉਨਾਂ ਨੂੰ ਕਾਲਾ ਝੰਡਾ ਦਿਖਾਉਣਾ ਜਾਂ ਸਵਾਲ ਕਰਨਾ ਵੀ ਗੁਨਾਹ ਲੱਗਣ ਲੱਗ ਪਿਆ ਹੈ।ਉਨਾਂ ਕਿਹਾ ਕਿ ਮੋਹਨਜੀਤ ਸ਼ੇਰੋਂ ਘਟਨਾਕ੍ਰਮ ਤੋਂ ਬਾਅਦ ਹੁਣ ਸੰਗਰੂਰ ਜਿਲ੍ਹੇ ਦੇ ਪਿੰਡ ਤੂਰਬੰਜ਼ਾਰਾ ਦੇ ਗੁਲਜ਼ਾਰ ਸਿੰਘ ਵੱਲੋਂ ਖਜ਼ਾਨਾ ਮੰਤਰੀ ਨੂੰ ਕੀਤੇ ਸਵਾਲ ਤੋਂ ਬਾਅਦ ਪੁਲਿਸ ਕਾਰਵਾਈ ਦੇ ਡਰੋਂ ਸਲਫਾਸ ਖਾ ਕੇ ਜੀਵਨ ਲੀਲਾ ਖਤਮ ਕਰ ਲੈਣ ਦੀ ਸਾਹਮਣੇ ਆਈ ਘਟਨਾ ਨੇ ਸਭਨੂੰ ਹਿਲਾ ਕੇ ਰੱਖ ਦਿੱਤਾ ਹੈ।ਸਿੱਧੂ ਨੇ ਕਿਹਾ ਕਿ ਮਾਮਲੇ ਦੀ ਉੱਚ ਪੱਧਰੀ ਤੇ ਨਿਰਪੱਖ ਜਾਂਚ ਹੋਣੀ ਚਾਹਿਦੀ ਹੈ ਅਤੇ ਜੇਕਰ ਇਹ ਸੱਚ ਨਿਕਲਦੈ ਕਿ ਖਜਾਨਾ ਮੰਤਰੀ ਨੂੰ ਸਵਾਲ ਕਰਨ ਉਪਰੰਤ ਗੁਲਜ਼ਾਰ ਸਿੰਘ ਖਿਲਾਫ ਪੁਲਿਸ ਕਾਰਵਾਈ ਦੀ ਵਿਉਂਤਬੰਦੀ ਉਲੀਕੀ ਗਈ ਸੀ ਤਾਂ ਇਹ ਲੋਕਤੰਤਰ ਲਈ ਸ਼ਰਮਨਾਕ ਵਰਤਾਰਾ ਹੋ ਨਿੱਬੜੇਗਾ।ਉਨਾਂ ਕਿਹਾ ਕਿ ਮੌਜੂਦਾ ਸਰਕਾਰ ਨੇ ਤਾਨਾਸ਼ਾਹੀ ਦੇ ਸਾਰੇ ਰਿਕਾਰਡ ਤੋੜ ਦਿੱਤੇ ਹਨ ਅਤੇ ਇਸਨੂੰ ਸ਼ਹੀਦ ਭਗਤ ਸਿੰਘ ਜੀ ਦਾ ਨਾਮ ਲੈਣ ਦਾ ਵੀ ਹੱਕ ਨਹੀਂ। ਦੌਰੇ ਦੌਰਾਨ ਸਿੱਧੂ ਨਾਲ ਹਲਕੇ ਦੇ ਕਾਂਗਰਸੀ ਆਗੂ ਵੀ ਮੌਜੂਦ ਨਜ਼ਰ ਆਏ।

# ਪਾਵਰਕੌਮ ਐਂਡ ਟ੍ਰਾਸਕੋ ਏਟਕ ਪੈਨਸ਼ਨ ਯੂਨੀਅਨ ਦੀ ਮੀਟਿੰਗ ਹਰਭਜਨ ਸਿੰਘ ਦਾਉਦ ਦੀ ਪ੍ਰਧਾਨਗੀ ਹੇਠ ਹੋਈ



**ਜੰਡਿਆਲਾ ਗੁਰੂ 8 ਸਤੰਬਰ ( ਕੁਲਵੰਤ ਸਿੰਘ ਵਿਰਦੀ )-**ਅੱਜ ਪਾਵਰਕੌਮ ਐਂਡ ਟ੍ਰਾਸਕੋ ਏਟਕ ਪੈਨਸ਼ਨ ਯੂਨੀਅਨ ਮੰਡਲ ਬਿਆਸ ਦੀ ਮਾਸਕ ਮੀਟਿੰਗ ਹਰਭਜਨ ਸਿੰਘ ਦਾਉਦ ਦੀ ਪ੍ਰਧਾਨਗੀ ਹੇਠ ਬਾਬਾ ਬਕਾਲਾ ਸਾਹਿਬ ਵਿਖੇ ਹੋਈ ਜਿਸ ਵਿੱਚ ਸੁਰਿੰਦਰ ਸਿੰਘ ਦੇ ਜੁਆਈ ਸੁਖਪਾਲ ਸਿੰਘ ਰਾਮਪੁਰ ਅਤੇ ਕਾਮਰੇਡ ਗੁਰਨਾਮ ਸਿੰਘ ਦਾਉਦ ਦੀਆਂ ਬੇਵਕਤ ਮੌਤਾ ਤੇ ਦੋ ਮਿੰਟ ਮੋਨ ਧਾਰਨ ਕੀਤਾ ਗਿਆ ਅਤੇ ਮੀਟਿੰਗ ਦੀ ਆਰੰਭਤਾ ਕੀਤੀ ਗਈ ਇਸ ਮੀਟਿੰਗ ਵਿਚ ਬੋਰਡ ਅਤੇ ਪੰਜਾਬ ਸਰਕਾਰ ਤੋਂ ਪੈਨਸਨ ਤੇ ਰੈਗੂਲਰ ਕਾਮਿਆ ਦਾ 18%ਡੀ, ਏ, ਪੁਰਾਣੀ ਪੈਨਸ਼ਨ ਬਹਾਲ ਕਰਨਾ ਮੈਡੀਕਲ ਭੱਤਾ2000ਰੁਪਏ ਕੱਚੇ ਮੁਲਾਜਮਾਂ ਨੂੰ ਪੱਕੇ ਕਰਨਾ ਆਦਿ ਦੀ ਮੰਗ ਕੀਤੀ ਗਈ ਇਸ ਮੀਟਿੰਗ ਵਿਚ ਮਨਜੀਤ ਸਿੰਘ ਗੁਨੋਵਾਲ ਸਕੱਤਰ ਮੰਡਲ ਬਿਆਸ ਤੋਂ ਇਲਾਵਾ ਮੁਖਤਿਆਰ ਸਿੰਘ ਕੁਲਵੰਤ ਸਿੰਘ ਜਸਵੰਤ ਸਿੰਘ ਕੁਲਵੰਤ ਸਿੰਘ ਸਠਿਆਲਾ ਵੀਰ ਸਿੰਘ ਸਤਿਨਾਮ ਸਿੰਘ ਚਰਨਜੀਤ ਸਿੰਘ ਬਲਦੇਵ ਸਿੰਘ ਸਵਿਦਰ ਬਲਜਿੰਦਰ ਸਿੰਘ ਆਦਿ ਸਾਮਲ ਹੋਏ ਅਤੇ ਆਪਣੇ ਵੀਚਾਰਾਂ ਦੀ ਸਾਂਝ ਪਾਈ ਗਈ !

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

**ਸਰਨਾ ਦੀ ਕਾਲਕਾ ਨੂੰ ਲਲਕਾਰ: 'ਡਿਲੌਇਟ ਰਿਪੋਰਟ ਜਾਰੀ ਕਰੋ ਜਾਂ ਨਵਾਂ ਆਡਿਟ ਕਰਵਾਓ'**

# 'ਕਾਮਯਾਬੀਆਂ ਦਾ ਸਿਹਰਾ ਆਪਣੇ ਸਿਰ, ਨਾਕਾਮੀਆਂ ਦਾ ਦੋਸ਼ ਦੂਜਿਆਂ 'ਤੇ ਕਿਉਂ ?'

**ਨਵੀਂ ਦਿੱਲੀ, 8 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਅਕਾਲੀ ਆਗੂ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ 'ਤੇ ਤਿੱਖਾ ਪਲਟਵਾਰ ਕਰਦਿਆਂ ਦੋਸ਼ ਲਾਇਆ ਹੈ ਕਿ ਕਮੇਟੀ ਦੀ ਵਿੱਤੀ ਹਾਲਤ 'ਤੇ ਉੱਠ ਰਹੇ ਗੰਭੀਰ ਸਵਾਲਾਂ ਦੇ ਜਵਾਬ ਦੇਣ ਦੀ ਬਜਾਏ ਕਾਲਕਾ ਪਿਛਲੀਆਂ ਪ੍ਰਬੰਧਕ ਕਮੇਟੀਆਂ ਨੂੰ ਨਿਸ਼ਾਨਾ ਬਣਾ ਕੇ ਧਿਆਨ ਭਟਕਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਸ. ਸਰਨਾ ਨੇ ਕਿਹਾ ਕਿ ਕਾਲਕਾ ਨੂੰ ਦੂਜਿਆਂ 'ਤੇ ਉਂਗਲ ਚੁੱਕਣ ਤੋਂ ਪਹਿਲਾਂ ਆਪਣੀ ਪ੍ਰਬੰਧਕੀ ਕਾਰਗੁਜ਼ਾਰੀ ਦਾ ਹਿਸਾਬ ਸੰਗਤ ਸਾਹਮਣੇ ਰੱਖਣਾ ਚਾਹੀਦਾ ਹੈ। ਉਨ੍ਹਾਂ ਸਭ ਤੋਂ ਪਹਿਲਾਂ ਡਿਲੌਇਟ ਵੱਲੋਂ ਕੀਤੇ ਗਏ ਆਡਿਟ ਅਤੇ ਉਸ ਦੀ ਰਿਪੋਰਟ ਨੂੰ ਜਨਤਕ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਜੇਕਰ ਵਿੱਤੀ ਪ੍ਰਬੰਧਨ ਵਿੱਚ ਸਭ ਕੁਝ ਪਾਰਦਰਸ਼ੀ ਹੈ ਤਾਂ ਡਿਲੌਇਟ ਰਿਪੋਰਟ ਸੰਗਤ ਤੋਂ ਲੁਕਾਉਣ ਦਾ ਕਾਰਨ ਕੀ ਹੈ। ਪੰਥਕ ਧਿਰ ਵੱਲੋਂ ਦਿੱਲੀ ਕਮੇਟੀ ਦੇ ਅੰਦਰੂਨੀ ਆਡਿਟ, ਲੇਖਾ-ਜੋਖਾ ਰਿਪੋਰਟਾਂ ਅਤੇ ਡਿਲੌਇਟ ਦੀਆਂ ਰਿਪੋਰਟਾਂ ਜਨਤਕ ਕਰਨ ਦੀ ਮੰਗ ਪਹਿਲਾਂ ਵੀ ਕੀਤੀ ਜਾਂਦੀ ਰਹੀ ਹੈ। ਸ. ਸਰਨਾ ਨੇ ਕਾਲਕਾ ਨੂੰ ਸਿੱਧੀ ਚੁਣੌਤੀ ਦਿੰਦਿਆਂ ਕਿਹਾ, "ਡਿਲੌਇਟ ਰਿਪੋਰਟ ਜਾਰੀ ਕਰੋ, ਹਿਸਾਬ-ਕਿਤਾਬ ਦੀਆਂ ਕਿਤਾਬਾਂ ਖੋਲ੍ਹੋ ਅਤੇ ਸੱਚ ਨੂੰ ਸਾਹਮਣੇ ਆਉਣ ਦਿਓ। ਜੇ ਹਿੰਮਤ ਹੈ ਤਾਂ ਪਿਛਲੇ ਪੰਜ ਸਾਲਾਂ ਦੀ ਦਿੱਲੀ ਕਮੇਟੀ ਦੀਆਂ ਸਾਰੀਆਂ ਵਿੱਤੀ ਕਿਤਾਬਾਂ ਦਾ ਨਵਾਂ ਡਿਲੌਇਟ ਆਡਿਟ ਕਰਵਾਓ।" ਉਨ੍ਹਾਂ ਕਾਲਕਾ 'ਤੇ "ਇਤਿਹਾਸ ਨੂੰ ਆਪਣੇ ਮੁਤਾਬਕ ਦੁਬਾਰਾ ਲਿਖਣ" ਦਾ ਦੋਸ਼ ਲਾਉਂਦਿਆਂ ਕਿਹਾ ਕਿ ਪਿਛਲੀਆਂ ਪ੍ਰਬੰਧਕ ਕਮੇਟੀਆਂ ਵੱਲੋਂ ਖੜ੍ਹੀਆਂ ਕੀਤੀਆਂ ਸੰਸਥਾਵਾਂ ਦੀਆਂ ਪ੍ਰਾਪਤੀਆਂ ਦਾ ਸਿਹਰਾ ਆਪਣੇ ਸਿਰ ਲੈਣਾ ਅਤੇ ਮੌਜੂਦਾ ਵਿੱਤੀ ਮੁਸ਼ਕਲਾਂ ਦਾ ਦੋਸ਼ ਪੂਰਵਜਾਂ 'ਤੇ ਮੜ੍ਹਨਾ ਕਿਹੜੀ ਜਵਾਬਦੇਹੀ ਹੈ। ਸ. ਸਰਨਾ ਨੇ ਤਿੱਖੇ ਲਹਿਜ਼ੇ ਵਿੱਚ ਕਿਹਾ, "ਕਾਲਕਾ ਦਾ ਫਾਰਮੂਲਾ ਬਹੁਤ ਸੌਖਾ ਹੈ—ਕਾਮਯਾਬੀਆਂ ਦਾ ਸਿਹਰਾ ਆਪਣੇ ਸਿਰ ਲਓ, ਨਾਕਾਮੀਆਂ ਦਾ ਦੋਸ਼ ਸਰਨਾ 'ਤੇ ਪਾਓ ਅਤੇ ਹਿਸਾਬ-ਕਿਤਾਬ ਲੁਕਾ ਕੇ ਰੱਖੋ। ਸੰਗਤ ਇੰਨੀ ਭੋਲੀ ਨਹੀਂ ਹੈ।" ਬਾਲਾ ਸਾਹਿਬ ਹਸਪਤਾਲ ਸਬੰਧੀ ਕਾਲਕਾ ਵੱਲੋਂ ਕੀਤੀਆਂ ਟਿੱਪਣੀਆਂ 'ਤੇ ਵੀ ਸ. ਸਰਨਾ ਨੇ ਸਖ਼ਤ ਇਤਰਾਜ਼ ਕਰਦਿਆਂ ਕਿਹਾ ਕਿ ਜੇਕਰ ਉਨ੍ਹਾਂ ਕੋਲ ਕੋਈ ਸਬੂਤ ਹੈ ਤਾਂ ਉਹ ਸੰਗਤ ਦੇ ਸਾਹਮਣੇ ਰੱਖਣ। ਉਨ੍ਹਾਂ ਕਾਲਕਾ ਨੂੰ ਚੁਣੌਤੀ ਦਿੱਤੀ ਕਿ ਉਹ ਸੰਗਤ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਇਹ ਸਾਬਤ ਕਰਨ ਕਿ ਸਰਨਾ ਭਰਾਵਾਂ ਨੇ ਬਾਲਾ ਸਾਹਿਬ ਹਸਪਤਾਲ ਅਤੇ ਉਸ ਦੀ ਪਾਰਕਿੰਗ ਵੇਚੀ ਸੀ। ਸ. ਸਰਨਾ ਨੇ ਕਿਹਾ ਕਿ ਇਹ ਬਹੁਤ ਗੰਭੀਰ ਦੋਸ਼ ਹਨ, ਇਸ ਲਈ ਜਾਂ ਤਾਂ ਸਬੂਤ ਪੇਸ਼ ਕੀਤੇ ਜਾਣ ਜਾਂ ਦੋਸ਼ ਵਾਪਸ ਲਏ ਜਾਣ। ਸ. ਸਰਨਾ ਨੇ ਇਸ ਦੇ ਨਾਲ ਹੀ ਵਸੰਤ ਵਿਹਾਰ ਤੋਂ ਪਾਲੀਟੈਕਨਿਕ ਸੰਸਥਾ ਨੂੰ ਰਾਜੌਰੀ ਗਾਰਡਨ ਤਬਦੀਲ ਕੀਤੇ ਜਾਣ 'ਤੇ ਵੀ ਸਵਾਲ ਉਠਾਇਆ ਅਤੇ ਪੁੱਛਿਆ ਕਿ ਇਹ ਫੈਸਲਾ ਕਿਉਂ ਲਿਆ ਗਿਆ। ਉਨ੍ਹਾਂ ਕਿਹਾ ਕਿ ਦਿੱਲੀ ਕਮੇਟੀ ਦੀਆਂ ਸਿੱਖਿਆ ਸੰਸਥਾਵਾਂ ਦੀ ਮੌਜੂਦਾ ਹਾਲਤ ਅਤੇ ਉਨ੍ਹਾਂ ਨਾਲ ਜੁੜੇ ਵਿੱਤੀ ਸੰਕਟ ਲਈ ਜਵਾਬਦੇਹੀ ਤੈਅ ਹੋਣੀ ਚਾਹੀਦੀ ਹੈ। ਸ. ਸਰਨਾ ਨੇ ਦਿੱਲੀ ਕਮੇਟੀ ਦੇ ਕਰਮਚਾਰੀਆਂ ਦੇ ਬਕਾਇਆ ਵੇਤਨਾਂ ਅਤੇ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਤਨਖਾਹ ਸੰਕਟ ਨੂੰ ਲੈ ਕੇ ਵੀ ਕਾਲਕਾ ਨੂੰ ਘੇਰਦਿਆਂ ਪੁੱਛਿਆ ਕਿ ਜੇਕਰ ਕਮੇਟੀ ਦਾ ਵਿੱਤੀ ਪ੍ਰਬੰਧਨ ਮਜ਼ਬੂਤ ਹੈ ਤਾਂ ਕਰਮਚਾਰੀਆਂ ਨੂੰ ਆਪਣੀਆਂ ਤਨਖਾਹਾਂ ਅਤੇ ਬਕਾਏ ਲੈਣ ਲਈ ਵਾਰ-ਵਾਰ ਦਿੱਲੀ ਹਾਈ ਕੋਰਟ ਦਾ ਦਰਵਾਜ਼ਾ ਕਿਉਂ ਖੜਕਾਉਣਾ ਪਿਆ। ਉਨ੍ਹਾਂ ਹਾਈ ਕੋਰਟ ਦੀ ਦਖ਼ਲਅੰਦਾਜ਼ੀ ਅਤੇ ਦਿੱਲੀ ਕਮੇਟੀ ਦੇ ਵਿੱਤੀ ਮਾਮਲਿਆਂ ਦੀ ਫੋਰੈਂਸਿਕ ਜਾਂਚ ਵੱਲ ਇਸ਼ਾਰਾ ਕਰਦਿਆਂ ਕਿਹਾ ਕਿ ਵਿੱਤੀ ਹਾਲਾਤ ਵਿਗੜਨ ਦੇ ਦੋਸ਼ ਉਹ ਪਹਿਲਾਂ ਵੀ ਉਠਾ ਚੁੱਕੇ ਹਨ ਅਤੇ 2024 ਵਿੱਚ ਕਾਲਕਾ ਦੇ ਅਸਤੀਫ਼ੇ ਦੀ ਮੰਗ ਵੀ ਕੀਤੀ ਸੀ। ਸ. ਸਰਨਾ ਨੇ ਕਾਲਕਾ ਦੇ ਸਿੱਖਿਆ ਸਬੰਧੀ ਪਿਛੋਕੜ 'ਤੇ ਵੀ ਟਿੱਪਣੀ ਕਰਦਿਆਂ ਦੋਸ਼ ਲਾਇਆ ਕਿ ਸਿੱਖਿਆ ਸੰਸਥਾਵਾਂ ਦੇ ਪਤਨ ਦੀ ਸ਼ੁਰੂਆਤ ਉਸ ਸਮੇਂ ਹੋਈ ਜਦੋਂ ਕਾਲਕਾ ਨੂੰ ਉਨ੍ਹਾਂ ਵਿਚੋਂ ਇੱਕ ਸੰਸਥਾ ਦਾ ਚੇਅਰਮੈਨ ਬਣਾਇਆ ਗਿਆ ਸੀ। ਇਹ ਨਿਯੁਕਤੀ ਉਸ ਸਮੇਂ ਹੋਈ ਸੀ ਜਦੋਂ ਕਾਲਕਾ ਦੇ ਸਿਆਸੀ ਸਾਥੀ ਸ. ਮਨਜੀਤ ਸਿੰਘ ਜੀ.ਕੇ. ਦਿੱਲੀ ਕਮੇਟੀ ਦੀ ਅਗਵਾਈ ਕਰ ਰਹੇ ਸਨ। ਸਰਨਾ ਨੇ ਇਸ ਨਿਯੁਕਤੀ ਨੂੰ "ਇੱਕ ਗਲਤੀ" ਕਰਾਰ ਦਿੰਦਿਆਂ ਕਿਹਾ ਕਿ ਅੱਜ ਉਹ ਇਸ ਗੱਲ ਨੂੰ ਖੁੱਲ੍ਹ ਕੇ ਮੰਨ ਰਹੇ ਹਨ ਅਤੇ ਇਸ 'ਤੇ ਅਫ਼ਸੋਸ ਹੈ। ਉਨ੍ਹਾਂ ਕਿਹਾ ਕਿ ਕਾਲਕਾ ਵੱਲੋਂ ਉਨ੍ਹਾਂ ਦੀ ਪੰਥਕ ਟੀਮ ਦੇ ਮੈਂਬਰਾਂ ਖ਼ਿਲਾਫ਼ ਕੀਤੀਆਂ ਨਿੱਜੀ ਟਿੱਪਣੀਆਂ ਅਸਲ ਮੁੱਦਿਆਂ ਤੋਂ ਭੱਜਣ ਦੀ ਨਿਸ਼ਾਨੀ ਹਨ। ਸ. ਸਰਨਾ ਨੇ ਕਿਹਾ, "ਜਦੋਂ ਵਿੱਤ, ਸਕੂਲਾਂ, ਹਸਪਤਾਲਾਂ ਅਤੇ ਜਵਾਬਦੇਹੀ ਬਾਰੇ ਕੋਈ ਜਵਾਬ ਨਹੀਂ ਹੁੰਦਾ ਤਾਂ ਵਿਅਕਤੀਆਂ ਦੇ ਨਾਮ ਲੈ ਕੇ ਚਿੱਕੜ ਉਛਾਲਣਾ ਸ਼ੁਰੂ ਕਰ ਦਿੱਤਾ ਜਾਂਦਾ ਹੈ। ਜਦੋਂ ਜਵਾਬ ਨਹੀਂ ਹੁੰਦੇ ਤਾਂ ਨਿੱਜੀ ਹਮਲੇ ਸ਼ੁਰੂ ਹੋ ਜਾਂਦੇ ਹਨ।" ਉਨ੍ਹਾਂ ਕਿਹਾ ਕਿ ਦਿੱਲੀ ਕਮੇਟੀ ਕਿਸੇ ਦੀ ਨਿੱਜੀ ਜਗੀਰ ਨਹੀਂ ਅਤੇ ਸੰਗਤ ਕਿਸੇ ਇੱਕ ਵਿਅਕਤੀ ਵੱਲੋਂ ਸੁਣਾਈ ਜਾ ਰਹੀ ਇਤਿਹਾਸ ਦੀ ਆਪਣੀ ਕਹਾਣੀ ਮੰਨਣ ਲਈ ਪਾਬੰਦ ਨਹੀਂ। ਅਖੀਰ ਵਿੱਚ ਸ. ਸਰਨਾ ਨੇ ਕਾਲਕਾ ਨੂੰ ਨਿੱਜੀ ਹਮਲਿਆਂ ਦੀ ਬਜਾਏ ਸਿੱਧੇ ਸਵਾਲਾਂ ਦੇ ਜਵਾਬ ਦੇਣ ਲਈ ਕਿਹਾ—"ਡਿਲੌਇਟ ਰਿਪੋਰਟ ਕਿੱਥੇ ਹੈ ? ਪੈਸਾ ਕਿੱਥੇ ਹੈ ? ਸਾਡੀਆਂ ਉੱਚ ਸਿੱਖਿਆ ਅਤੇ ਤਕਨੀਕੀ ਸੰਸਥਾਵਾਂ ਦੀ ਮੌਜੂਦਾ ਹਾਲਤ ਕੀ ਹੈ ? ਅਤੇ ਸੰਗਤ ਉਨ੍ਹਾਂ ਦੀ ਗੱਲ 'ਤੇ ਵਿਸ਼ਵਾਸ ਕਿਉਂ ਕਰੇ ?" ਉਨ੍ਹਾਂ ਕਿਹਾ ਕਿ ਹੁਣ ਫੈਸਲਾ ਬਿਆਨਾਂ ਨਾਲ ਨਹੀਂ, ਸਗੋਂ ਦਸਤਾਵੇਜ਼ਾਂ, ਆਡਿਟ ਰਿਪੋਰਟਾਂ, ਵਿੱਤੀ ਰਿਕਾਰਡ ਅਤੇ ਸੰਸਥਾਵਾਂ ਦੀ ਕਾਰਗੁਜ਼ਾਰੀ ਸਾਹਮਣੇ ਰੱਖ ਕੇ ਹੋਣਾ ਚਾਹੀਦਾ ਹੈ ਅਤੇ ਅੰਤਿਮ ਫੈਸਲਾ ਸੰਗਤ ਖੁਦ ਕਰੇਗੀ।



**ਮਹਿੰਗਾਈ ਭੱਤਾ (41) ਕੋਈ ਖੈਰਾਤ ਨਹੀਂ, ਪੈਨਸ਼ਨਰਾਂ ਦਾ ਕਾਨੂੰਨੀ ਹੱਕ: ਪੰਜਾਬ ਸਰਕਾਰ ਦੇ ਦਾਅਵੇ ਨੂੰ**

# ਇਤਿਹਾਸਕ ਤੱਥਾਂ ਦੀ ਖੁੱਲ੍ਹੀ ਚੁਣੌਤੀ — ਇੰਜ: ਮਨਜੀਤ ਸਿੰਘ ਸੈਣੀ

**ਚੌਕ ਮਹਿਤਾ, 8 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਰਕਾਰ ਵੱਲੋਂ ਮਹਿੰਗਾਈ ਭੱਤੇ ਸਬੰਧੀ ਅਦਾਲਤਾਂ ਵਿੱਚ ਪੇਸ਼ ਕੀਤੀ ਜਾ ਰਹੀ ਦਲੀਲ ਦੇ ਨਾਲ-ਨਾਲ, ਲਗਾਤਾਰ ਪ੍ਰੈੱਸ ਕਾਨਫਰੰਸਾਂ ਕਰਕੇ ਅਤੇ ਆਪਣੇ ਚਹੇਤਿਆਂ ਰਾਹੀਂ ਸੋਸ਼ਲ ਮੀਡੀਆ 'ਤੇ ਭਰਮ ਫੈਲਾਉਣ ਵਾਲੀ ਉਸ ਬੇਤੁਕੀ ਦਲੀਲ ਵੱਲ ਜਨਤਾ ਅਤੇ ਸਰਕਾਰ ਦਾ ਧਿਆਨ ਦਿਵਾਉਣਾ ਚਾਹੁੰਦਾ ਹਾਂ, ਜਿਸ ਵਿੱਚ ਕਿਹਾ ਜਾ ਰਿਹਾ ਹੈ ਕਿ "ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ 41 ਦੇਣਾ ਜਾਂ ਨਾ ਦੇਣਾ ਸਰਕਾਰ ਦੀ ਆਪਣੀ ਮਰਜ਼ੀ ਹੈ÷। ਇੱਕ ਪ੍ਰਭਾਵਿਤ ਪੈਨਸ਼ਨਰ ਵਜੋਂ, ਮੈਂ ਸਰਕਾਰ ਦੇ ਇਸ ਗੈਰ-ਸੰਵਿਧਾਨਕ ਅਤੇ ਤਾਨਾਸ਼ਾਹੀ ਦਾਅਵੇ ਨੂੰ ਇਤਿਹਾਸਕ ਅਤੇ ਕਾਨੂੰਨੀ ਤੱਥਾਂ ਦੇ ਆਧਾਰ 'ਤੇ ਚੁਣੌਤੀ ਦਿੰਦਾ ਹਾਂ:



58 ਸਾਲਾਂ ਦਾ ਪ੍ਰਸ਼ਾਸਨਿਕ ਇਤਿਹਾਸ: ਸਾਲ 1968 ਵਿੱਚ ਪਹਿਲੇ ਪੰਜਾਬ ਪੇਅ ਕਮਿਸ਼ਨ ਦੇ ਲਾਗੂ ਹੋਣ ਤੋਂ ਲੈ ਕੇ 6ਵੇਂ ਪੇਅ ਕਮਿਸ਼ਨ ਤੱਕ, ਪਿਛਲੇ 58 ਸਾਲਾਂ ਵਿੱਚ ਪੰਜਾਬ ਦੀ ਕਿਸੇ ਵੀ ਸਰਕਾਰ ਨੇ ਕਦੇ ਇਹ ਨਹੀਂ ਕਿਹਾ ਕਿ ਮਹਿੰਗਾਈ ਭੱਤਾ ਦੇਣਾ ਉਨ੍ਹਾਂ ਦੀ ਮਰਜ਼ੀ 'ਤੇ ਨਿਰਭਰ ਹੈ। ਬੇਸਿਕ ਪੈਨਸ਼ਨ ਅਤੇ ਤਨਖਾਹ ਉੱਪਰ ਕੇਂਦਰੀ ਖਪਤਕਾਰ ਮੁੱਲ ਸੂਚਕਾਂਕ ਦੇ ਆਧਾਰ 'ਤੇ ਹੀ 41 ਦੇਣ ਦਾ ਸਿਲਸਿਲਾ ਨਿਰੰਤਰ ਜਾਰੀ ਰਿਹਾ ਹੈ। ਵਿੱਤੀ ਤੰਗੀ ਕਾਰਨ ਭੁਗਤਾਨ ਵਿੱਚ ਦੇਰੀ ਜ਼ਰੂਰ ਹੁੰਦੀ ਰਹੀ ਹੈ, ਪਰ ਇਸ ਹੱਕ ਤੋਂ ਕਦੇ ਇਨਕਾਰ ਨਹੀਂ ਕੀਤਾ ਗਿਆ।

ਸਰਕਾਰ ਦੀ ਦੋਹਰੀ ਅਤੇ ਪੱਖਪਾਤੀ ਨੀਤੀ (ਧਾਰਾ 14 ਦੀ ਉਲੰਘਣਾ): ਸਰਕਾਰ ਦੀ ਦੋਹਰੀ ਨੀਤੀ ਇਸ ਮਾਮਲੇ ਵਿੱਚ ਪੂਰੀ ਤਰ੍ਹਾਂ ਬੇਪਰਦ ਹੁੰਦੀ ਹੈ। ਸਰਕਾਰ ਨੇ ਖੁਦ 17 ਜੁਲਾਈ 2020 ਤੋਂ ਬਾਅਦ ਭਰਤੀ ਹੋਏ ਆਪਣੇ ਨਵੇਂ ਮੁਲਾਜ਼ਮਾਂ ਲਈ ਕੇਂਦਰੀ ਪੈਟਰਨ ਮੁਤਾਬਕ 60% 41 ਦੇਣਾ ਮੰਨਿਆ ਹੈ, ਜਦਕਿ ਉਨ੍ਹਾਂ ਦਾ ਅਸਲ ਹੱਕ 6ਵੇਂ ਤਨਖਾਹ ਕਮਿਸ਼ਨ ਦੇ ਗ੍ਰੇਡ ਪੇਅ ਅਨੁਸਾਰ ਹੀ ਬਣਦਾ ਹੈ। ਮਹਿੰਗਾਈ ਦਾ ਅਸਰ ਸਾਰੇ ਨਾਗਰਿਕਾਂ 'ਤੇ ਬਰਾਬਰ ਹੁੰਦਾ ਹੈ, ਪਰ ਪੁਰਾਣੇ ਲੱਖਾਂ ਮੁਲਾਜ਼ਮਾਂ ਅਤੇ ਬਜ਼ੁਰਗ ਪੈਨਸ਼ਨਰਾਂ ਨੂੰ 42% 'ਤੇ ਰੋਕ ਕੇ ਰੱਖਣਾ ਅਤੇ ਇਸਨੂੰ ਆਪਣੀ 'ਮਰਜ਼ੀ' ਦੱਸਣਾ, ਭਾਰਤੀ ਸੰਵਿਧਾਨ ਦੀ ਧਾਰਾ 14 (ਸਮਾਨਤਾ ਦਾ ਅਧਿਕਾਰ) ਦੀ ਸਿੱਧੀ ਉਲੰਘਣਾ ਹੈ। ਘੱਟੋ-ਘੱਟ ਮਜ਼ਦੂਰੀ ਦੇ ਅੰਕੜਿਆਂ ਦੀ ਗਵਾਹੀ: ਪੰਜਾਬ ਸਰਕਾਰ ਵੱਲੋਂ ਤੈਅ ਗੈਰ-ਹੁਨਰਮੰਦ ਮਜ਼ਦੂਰਾਂ ਦੀ ਘੱਟੋ-ਘੱਟ ਮਜ਼ਦੂਰੀ 2021-22 ਵਿੱਚ ?361.52 ਸੀ, ਜੋ 2026 ਵਿੱਚ ਵਧ ਕੇ ?518.69 ਹੋ ਗਈ ਹੈ। ਇਹ ?157.17 ਜਾਂ 43.47% ਦਾ ਸਿੱਧਾ ਵਾਧਾ ਹੈ। ਜੇਕਰ ਪੰਜਾਬ ਸਰਕਾਰ ਨੇ ਖ਼ੁਦ ਮੰਨਿਆ ਹੈ ਕਿ ਮਹਿੰਗਾਈ ਕਾਰਨ ਮਜ਼ਦੂਰੀ ਵਿੱਚ 43.47% ਦਾ ਵਾਧਾ ਕਰਨਾ ਪਿਆ ਹੈ, ਤਾਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ ਬਣਦਾ ਮਹਿੰਗਾਈ ਭੱਤਾ ਕਿਉਂ ਰੋਕਿਆ ਜਾ ਰਿਹਾ ਹੈ ? ਦੂਜੇ ਸੂਬਿਆਂ ਨਾਲ ਬੇਤੁਕੀ ਅਤੇ ਗ਼ਲਤ ਤੁਲਨਾ: ਅਕਸਰ ਸਰਕਾਰ ਵੱਲੋਂ ਆਪਣੇ ਬਚਾਅ ਲਈ ਦੂਜੇ ਸੂਬਿਆਂ ਦਾ ਹਵਾਲਾ ਦਿੱਤਾ ਜਾਂਦਾ ਹੈ, ਜੋ ਕਿ ਬਿਲਕੁਲ ਗ਼ਲਤ ਹੈ। ਪੰਜਾਬ ਸ਼ੁਰੂ ਤੋਂ ਹੀ ਇੱਕ ਰਾਇਲ ਅਤੇ ਮੋਹਰੀ ਸੂਬਾ ਰਿਹਾ ਹੈ, ਜਿੱਥੇ ਪ੍ਰਤੀ ਵਿਅਕਤੀ ਆਮਦਨ ਅਤੇ ਰਹਿਣ-ਸਹਿਣ ਦਾ ਖ਼ਰਚਾ ਹੋਰਨਾਂ ਸੂਬਿਆਂ ਮੁਕਾਬਲੇ ਕਾਫ਼ੀ ਵੱਧ ਹੈ। ਇਸ ਲਈ ਹੋਰਾਂ ਸੂਬਿਆਂ ਨਾਲ ਤੁਲਨਾ ਕਰਕੇ ਪੰਜਾਬ ਦੇ ਮੁਲਾਜ਼ਮਾਂ ਦੇ ਹੱਕ ਮਾਰਨੇ ਬਿਲਕੁਲ ਤਰਕਹੀਣ ਹਨ। ਮਾਨਯੋਗ ਸੁਪਰੀਮ ਕੋਰਟ ਦੇ ਹੁਕਮ (ਧਾਰਾ 21 ਦਾ ਹਵਾਲਾ): ਮਾਨਯੋਗ ਸੁਪਰੀਮ ਕੋਰਟ ਨੇ ਆਪਣੇ ਕਈ ਇਤਿਹਾਸਕ ਫੈਸਲਿਆਂ ਵਿੱਚ ਸਪੱਸ਼ਟ ਕੀਤਾ ਹੈ ਕਿ ਮਹਿੰਗਾਈ ਭੱਤਾ ਕੋਈ ਤੋਹਫ਼ਾ ਜਾਂ ਖੈਰਾਤ ਨਹੀਂ ਹੈ। ਇਹ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀ ਅਸਲ ਖਰੀਦਦਾਰੀ ਸ਼ਕਤੀ ਨੂੰ ਬਚਾਉਣ ਦਾ ਇੱਕ ਕਾਨੂੰਨੀ ਸਾਧਨ ਹੈ, ਜੋ ਸੰਵਿਧਾਨ ਦੀ ਧਾਰਾ 21 (ਸਨਮਾਨਜਨਕ ਜੀਵਨ ਜਿਉਣ ਦੇ ਅਧਿਕਾਰ) ਦੇ ਘੇਰੇ ਵਿੱਚ ਆਉਂਦਾ ਹੈ। ਮੈਂ ਪੰਜਾਬ ਸਰਕਾਰ ਨੂੰ ਅਪੀਲ ਕਰਦਾ ਹਾਂ ਕਿ ਬਜ਼ੁਰਗ ਪੈਨਸ਼ਨਰਾਂ ਨੂੰ ਲਗਾਤਾਰ ਅਦਾਲਤੀ ਉਲਝਣਾਂ ਵਿੱਚ ਖੱਜਲ-ਖੁਆਰ ਕਰਨ ਦੀ ਬਜਾਏ, ਤੁਰੰਤ ਕੇਂਦਰੀ ਸੂਚਕ ਅੰਕ ਮੁਤਾਬਕ ਬਣਦਾ ਕੁੱਲ 60% 41 ਸਾਰੇ ਹੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਲਈ ਜਾਰੀ ਕਰਕੇ ਇਨਸਾਫ਼ ਕੀਤਾ ਜਾਵੇ। ਇਸ ਦੇ ਨਾਲ ਹੀ, ਆਊਟਸੋਰਸ ਅਤੇ ਠੇਕੇ 'ਤੇ ਭਰਤੀ ਕਰਨ ਦੀ ਬਜਾਏ, ਮੌਜੂਦਾ ਸਮੇਂ ਤੱਕ ਪੰਜਾਬ ਦੇ ਆਖਰੀ ਤਨਖਾਹ ਕਮਿਸ਼ਨ ਦੁਆਰਾ ਪਾਸ ਕੀਤੇ ਸਕੇਲਾਂ ਸਮੇਤ ਪੈਨਸ਼ਨ ਸਹੂਲਤ ਸਭ 'ਤੇ ਲਾਗੂ ਕੀਤੀ ਜਾਵੇ।

# ਕਾਲਕਾ-ਕਾਹਲੋਂ ਦੂਜਿਆਂ 'ਤੇ ਦੋਸ਼ ਲਾਉਣ ਤੋਂ ਪਹਿਲਾਂ ਆਪਣੀ ਕਾਰਗੁਜ਼ਾਰੀ ਦਾ ਵੇਖਣ ਸ਼ੀਸ਼ਾ: ਸੰਤ ਮੀਤ ਸਿੰਘ

## ਪ੍ਰਬੰਧਕਾਂ ਨੂੰ ਆਪਣੇ ਕਾਰਜਕਾਲ 'ਤੇ ਇੰਨਾ ਹੀ ਮਾਣ ਹੈ ਤਾਂ ਉਹ ਸੰਗਤ ਸਾਹਮਣੇ ਕਿਉਂ ਨਹੀ ਰੱਖਦੇ ਪੂਰਾ ਵਿੱਤੀ ਅਤੇ ਪ੍ਰਬੰਧਕੀ ਹਿਸਾਬ

**ਨਵੀਂ ਦਿੱਲੀ 8 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਮੈਂਬਰ ਅਤੇ ਜਨਕ ਪੁਰੀ ਵਾਰਡ ਨੰਬਰ 32 ਤੋਂ ਚੋਣ ਉਮੀਦਆਰ ਸਰਦਾਰ ਸੰਤ ਮੀਤ ਸਿੰਘ ਨੇ ਹਰਮੀਤ ਸਿੰਘ ਕਾਲਕਾ ਅਤੇ ਜਗਦੀਪ ਸਿੰਘ ਕਾਹਲੋਂ ਵੱਲੋਂ ਸਰਦਾਰ ਪਰਮਜੀਤ ਸਿੰਘ ਸਰਨਾ 'ਤੇ ਕੀਤੇ ਹਮਲੇ ਦਾ ਤਿੱਖਾ ਜਵਾਬ ਦਿੰਦਿਆਂ ਕਿਹਾ ਕਿ ਦੂਜਿਆਂ ਦੇ ਪੁਰਾਣੇ ਹਿਸਾਬ ਖੋਲ੍ਹਣ ਤੋਂ ਪਹਿਲਾਂ ਕਾਲਕਾ-ਕਾਹਲੋਂ ਆਪਣੀ ਸਰਕਾਰ-ਏ-ਕਮੇਟੀ ਦਾ ਹਿਸਾਬ ਸੰਗਤ ਨੂੰ ਦੇਣ। ਉਨ੍ਹਾਂ ਕਿਹਾ ਕਿ ਕਮੇਟੀ ਦੀਆਂ ਨਾਕਾਮੀਆਂ, ਪ੍ਰਬੰਧਕੀ ਕਮੀਆਂ ਅਤੇ ਸੰਗਤ ਨਾਲ ਜੁੜੇ ਗੰਭੀਰ ਸਵਾਲਾਂ ਦਾ ਜਵਾਬ ਦੇਣ ਦੀ ਬਜਾਏ ਵਾਰ-ਵਾਰ ਸਰਨਾ ਦੇ ਨਾਮ 'ਤੇ ਸਿਆਸੀ ਬਿਆਨਬਾਜ਼ੀ ਕਰਨਾ ਇਸ ਗੱਲ ਦਾ ਸਬੂਤ ਹੈ ਕਿ ਮੌਜੂਦਾ ਪ੍ਰਬੰਧ ਆਪਣੇ ਕੰਮਾਂ ਦਾ ਜਵਾਬ ਦੇਣ ਤੋਂ ਬਚ ਰਿਹਾ ਹੈ। ਸੰਤ ਮੀਤ ਸਿੰਘ ਨੇ ਕਿਹਾ ਕਿ ਜੇਕਰ ਕਾਲਕਾ-ਕਾਹਲੋਂ ਨੂੰ ਆਪਣੇ ਕਾਰਜਕਾਲ 'ਤੇ ਇੰਨਾ ਹੀ ਮਾਣ ਹੈ ਤਾਂ ਉਹ ਸੰਗਤ ਸਾਹਮਣੇ ਪੂਰਾ ਵਿੱਤੀ ਅਤੇ ਪ੍ਰਬੰਧਕੀ ਹਿਸਾਬ ਰੱਖਣ ਕਿ ਕਮੇਟੀ ਦੀ ਆਮਦਨ ਕਿੱਥੋਂ ਆਈ, ਕਿੱਥੇ ਖਰਚ ਹੋਈ ਅਤੇ ਗੁਰਦੁਆਰਿਆਂ, ਸਕੂਲਾਂ, ਕਾਲਜਾਂ ਤੇ ਹੋਰ ਸੰਸਥਾਵਾਂ ਦੀ ਅਸਲ ਹਾਲਤ ਕੀ ਹੈ। ਉਨ੍ਹਾਂ ਕਿਹਾ ਕਿ ਕੁਝ ਕੰਮ ਗਿਣਵਾ ਕੇ ਪੂਰੇ ਪ੍ਰਬੰਧ ਨੂੰ ਕਾਮਯਾਬ ਦੱਸਣ ਨਾਲ ਸੰਗਤ ਦੇ ਸਵਾਲ ਖਤਮ ਨਹੀਂ ਹੋਣੇ। ਉਨ੍ਹਾਂ ਕਿਹਾ ਕਿ ਕਾਲਕਾ-ਕਾਹਲੋਂ ਵੱਲੋਂ 123 ਕਰੋੜ ਰੁਪਏ ਅਤੇ ਪੁਰਾਣੇ ਪ੍ਰਬੰਧ ਦੇ ਦਾਅਵਿਆਂ ਨੂੰ ਲੈ ਕੇ ਸਵਾਲ ਚੁੱਕੇ ਜਾ ਰਹੇ ਹਨ, ਪਰ ਸੰਗਤ ਇਹ ਵੀ ਪੁੱਛਣ ਦਾ ਹੱਕ ਰੱਖਦੀ ਹੈ ਕਿ ਮੌਜੂਦਾ ਪ੍ਰਬੰਧ ਦੌਰਾਨ ਕਮੇਟੀ ਦੇ ਪੈਸੇ ਦੀ ਵਰਤੋਂ ਕਿੰਨੀ ਪਾਰਦਰਸ਼ੀ ਰਹੀ। ਸਰਦਾਰ ਸੰਤ ਮੀਤ ਸਿੰਘ ਨੇ ਕਿਹਾ ਕਿ ਜੇਕਰ ਸਟਾਫ਼ ਦੇ ਬਕਾਏ ਜਾਰੀ ਕਰਨ ਨੂੰ ਵੱਡੀ ਪ੍ਰਾਪਤੀ ਦੱਸਿਆ ਜਾ ਰਿਹਾ ਹੈ ਤਾਂ ਇਹ ਵੀ ਦੱਸਿਆ ਜਾਵੇ ਕਿ ਇਹ ਬਕਾਏ ਲੰਬੇ ਸਮੇਂ ਤੱਕ ਲਟਕਣ ਦੀ ਨੌਬਤ ਕਿਉਂ ਆਈ ਅਤੇ ਕਮੇਟੀ ਦੀਆਂ ਸੰਸਥਾਵਾਂ ਵਿਚ ਕਰਮਚਾਰੀਆਂ ਨੂੰ ਕਿਹੜੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਉਨ੍ਹਾਂ ਕਿਹਾ ਕਿ ਬਾਲਾ ਸਾਹਿਬ ਹਸਪਤਾਲ ਜਾਂ ਕਾਲਜਾਂ ਦੀਆਂ ਸਹੂਲਤਾਂ ਦਾ ਹਵਾਲਾ ਦੇ ਕੇ ਬਾਕੀ ਕਮੀਆਂ 'ਤੇ ਪਰਦਾ ਨਹੀਂ ਪਾਇਆ ਜਾ ਸਕਦਾ। ਸੰਗਤ ਹੁਣ ਸਿਰਫ਼ ਦਾਅਵੇ ਨਹੀਂ, ਸਗੋਂ ਨਤੀਜੇ ਅਤੇ ਜਵਾਬਦੇਹੀ ਚਾਹੁੰਦੀ ਹੈ। ਸਰਦਾਰ ਸੰਤ ਮੀਤ ਸਿੰਘ ਨੇ ਕਿਹਾ ਕਿ ਕਾਲਕਾ-ਕਾਹਲੋਂ ਵੱਲੋਂ ਵਾਰ-ਵਾਰ ਪੁਰਾਣੀਆਂ ਵੀਡੀਓਆਂ, ਸਿਆਸੀ ਸਾਂਝਾਂ ਅਤੇ ਵਿਅਕਤੀਗਤ ਇਲਜ਼ਾਮਾਂ ਦੀ ਗੱਲ ਕਰਨਾ ਅਸਲ ਮੁੱਦਿਆਂ ਤੋਂ ਧਿਆਨ ਹਟਾਉਣ ਦੀ ਕੋਸ਼ਿਸ਼ ਹੈ। ਉਨ੍ਹਾਂ ਕਿਹਾ ਕਿ ਦਿੱਲੀ ਦੀ ਸੰਗਤ ਕਿਸੇ ਧੜੇ ਦੀ ਸਿਆਸੀ ਕਹਾਣੀ ਸੁਣਨ ਲਈ ਨਹੀਂ, ਗੁਰੂ ਘਰਾਂ ਦਾ ਇਮਾਨਦਾਰ ਤੇ ਪਾਰਦਰਸ਼ੀ ਪ੍ਰਬੰਧ ਦੇਖਣ ਲਈ ਕਮੇਟੀ ਚੁਣਦੀ ਹੈ। ਉਨ੍ਹਾਂ ਸਿੱਧੇ ਸ਼ਬਦਾਂ ਵਿਚ ਕਿਹਾ, "ਕਾਲਕਾ-ਕਾਹਲੋਂ ਸਰਦਾਰ ਸਰਨਾ ਦੀਆਂ ਪੁਰਾਣੀਆਂ ਫਾਈਲਾਂ ਖੋਲ੍ਹਣ ਤੋਂ ਪਹਿਲਾਂ ਆਪਣੀ ਕਾਰਗੁਜ਼ਾਰੀ ਦੀ ਫਾਈਲ ਸੰਗਤ ਸਾਹਮਣੇ ਖੋਲ੍ਹਣ। ਸੰਗਤ ਨੂੰ ਪੁਰਾਣੀਆਂ ਵੀਡੀਓਆਂ ਨਹੀਂ, ਅੱਜ ਦਾ ਹਿਸਾਬ ਚਾਹੀਦਾ ਹੈ।" ਉਨ੍ਹਾਂ ਕਿਹਾ ਕਿ ਜਿਹੜੇ ਲੋਕ ਅੱਜ ਦੂਜਿਆਂ ਨੂੰ ਸੰਗਤ ਦੇ ਫ਼ੈਸਲੇ ਲਈ ਤਿਆਰ ਰਹਿਣ ਦੀ ਨਸੀਹਤ ਦੇ ਰਹੇ ਹਨ, ਉਹ ਖੁਦ ਵੀ ਸੰਗਤ ਦੇ ਫ਼ੈਸਲੇ ਲਈ ਤਿਆਰ ਰਹਿਣ।



# ਖਾਲਸਾ ਅਕੈਡਮੀ ਮਹਿਤਾ ਵਿਖੇ 10 ਸਤੰਬਰ ਤੋਂ ਨੌਰਥ ਜ਼ੋਨ ਹਾਕੀ ਟੂਰਨਾਮੈਂਟ, ਪੰਜ ਸੂਬਿਆਂ ਦੇ ਸੀ.ਬੀ.ਐੱਸ.ਈ ਸਕੂਲਾਂ ਦੇ ਲੜਕਿਆਂ ਦੀਆਂ ਟੀਮਾਂ ਲੈਣਗੀਆਂ ਭਾਗ



**ਚੌਕ ਮਹਿਤਾ,8 ਸਤੰਬਰ,( ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ ਵਿਖੇ 10 ਸਤੰਬਰ ਤੋਂ ਨੌਰਥ ਜ਼ੋਨ ਹਾਕੀ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਪੰਜਾਬ, ਚੰਡੀਗੜ੍ਹ, ਹਿਮਾਚਲ, ਜੰਮੂ ਕਸ਼ਮੀਰ ਅਤੇ ਹਰਿਆਣਾ ਤੋਂ ਵੱਖ-ਵੱਖ ਸੀ.ਬੀ.ਐੱਸ.ਈ ਸਕੂਲਾਂ ਦੇ ਖਿਡਾਰੀ ਭਾਗ ਲੈਣਗੇ। ਟੂਰਨਾਮੈਂਟ ਵਿੱਚ ਅੰਡਰ-14, ਅੰਡਰ-17 ਅਤੇ ਅੰਡਰ-19 ਵਰਗਾਂ ਦੇ ਮੁਕਾਬਲੇ ਕਰਵਾਏ ਜਾਣਗੇ ਅਤੇ ਹਰ ਉਮਰ ਵਰਗ ਵਿੱਚ ਲਗਭਗ 25-25 ਲੜਕਿਆਂ ਦੀਆਂ ਟੀਮਾਂ ਹਿੱਸਾ ਲੈ ਰਹੀਆਂ ਹਨ।

ਇਸ ਸਬੰਧੀ ਖਾਲਸਾ ਅਕੈਡਮੀ ਦੇ ਪ੍ਰਿੰਸੀਪਲ ਡਾ. ਜਤਿੰਦਰ ਸ਼ਰਮਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਟੂਰਨਾਮੈਂਟ ਵਿੱਚ ਹਿੱਸਾ ਲੈਣ ਲਈ ਵੱਖ-ਵੱਖ ਰਾਜਾਂ ਤੋਂ ਆਉਣ ਵਾਲੇ ਖਿਡਾਰੀਆਂ ਲਈ ਅਕੈਡਮੀ ਵੱਲੋਂ ਬਹੁਤ ਹੀ ਸੁਚੱਜੇ ਅਤੇ ਸ਼ਾਨਦਾਰ ਪ੍ਰਬੰਧ ਕੀਤੇ ਗਏ ਹਨ।ਖਿਡਾਰੀਆਂ ਦੇ ਰਹਿਣ-ਸਹਿਣ, ਖਾਣ-ਪੀਣ, ਸਾਫ਼-ਸਫ਼ਾਈ, ਖੇਡ ਮੈਦਾਨ ਅਤੇ ਹੋਰ ਜ਼ਰੂਰੀ ਸਹੂਲਤਾਂ ਦਾ ਵਿਸ਼ੇਸ਼ ਧਿਆਨ ਰੱਖਿਆ ਜਾ ਰਿਹਾ ਹੈ। ਅਕੈਡਮੀ ਵੱਲੋਂ ਖਿਡਾਰੀਆਂ ਨੂੰ ਘਰ ਵਰਗਾ ਮਾਹੌਲ ਦੇਣ ਲਈ ਹਰ ਸੰਭਵ ਉਪਰਾਲਾ ਕੀਤਾ ਜਾ ਰਿਹਾ ਹੈ।

ਡਾ. ਜਤਿੰਦਰ ਸ਼ਰਮਾ ਨੇ ਕਿਹਾ ਕਿ ਇਨ੍ਹਾਂ ਖੇਡਾਂ ਦਾ ਮੁੱਖ ਮੰਤਵ ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰੱਖਣਾ ਅਤੇ ਉਨ੍ਹਾਂ ਨੂੰ ਖੇਡਾਂ ਨਾਲ ਜੋੜ ਕੇ ਸਹੀ ਦਿਸ਼ਾ ਵੱਲ ਲਿਜਾਣਾ ਹੈ। ਖੇਡਾਂ ਬੱਚਿਆਂ ਵਿੱਚ ਅਨੁਸ਼ਾਸਨ, ਟੀਮ ਭਾਵਨਾ, ਆਤਮ-ਵਿਸ਼ਵਾਸ ਅਤੇ ਖੇਡਾਂ ਪ੍ਰਤੀ ਪਿਆਰ ਪੈਦਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਟੂਰਨਾਮੈਂਟ ਦੌਰਾਨ ਵੱਖ-ਵੱਖ ਦਿਨਾਂ 'ਤੇ ਵੱਖ-ਵੱਖ ਪ੍ਰਮੁੱਖ ਸ਼ਖ਼ਸੀਅਤਾਂ ਵੀ ਪਹੁੰਚਣਗੀਆਂ, ਜੋ ਖਿਡਾਰੀਆਂ ਦੀ ਹੌਂਸਲਾ-ਅਫ਼ਜ਼ਾਈ ਕਰਨਗੀਆਂ ਅਤੇ ਉਨ੍ਹਾਂ ਨੂੰ ਖੇਡਾਂ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕਰਨਗੀਆਂ। ਨੌਰਥ ਜ਼ੋਨ ਪੱਧਰ ਦੇ ਇਸ ਵੱਡੇ ਹਾਕੀ ਟੂਰਨਾਮੈਂਟ ਨੂੰ ਲੈ ਕੇ ਖਿਡਾਰੀਆਂ ਵਿੱਚ ਭਾਰੀ ਉਤਸ਼ਾਹ ਅਤੇ ਇਲਾਕਾ ਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਲੋਕਾਂ ਵੱਲੋਂ ਖਾਲਸਾ ਅਕੈਡਮੀ ਵੱਲੋਂ ਕਰਵਾਏ ਜਾ ਰਹੇ ਇਸ ਉਪਰਾਲੇ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੀ ਕੋਸ਼ਿਸ਼ ਦੀ ਭਰਪੂਰ ਸ਼ਲਾਘਾ ਕੀਤੀ ਜਾ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ


ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)
(ਬੱਕਰਾਂ ਦੇ ਹਾਈ ਕੋਰਟ)

**ਮਿਤੀ 1 ਨਵੰਬਰ 2026 ਦਿਨ ਐਤਵਾਰ**
**ਨੂੰ ਸ੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।**

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ। ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।**



**30 ਅਕਤੂਬਰ 2026 ਦਿਨ ਸ਼ੁੱਕਰਵਾਰ**
ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

**1 ਨਵੰਬਰ 2026 ਦਿਨ ਐਤਵਾਰ ਨੂੰ**
ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137
ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

### ਆਰ.ਐੱਸ.ਐੱਸ. ਮੁਖੀ ਨੂੰ ਯੂਕੇ ਦੇ ਗੁਰਦੁਆਰਾ ਸਾਹਿਬ 'ਚ ਵਿਸ਼ੇਸ਼ ਸਨਮਾਨ ਦੇਣ ਵਾਲਿਆਂ 'ਤੇ

# ਅਮਰੀਕਨ ਸਿੱਖ ਆਗੂਆਂ ਨੇ ਚੁੱਕੇ ਗੰਭੀਰ ਸਵਾਲ

ਨਵੀਂ ਦਿੱਲੀ, 8 ਸਤੰਬਰ (ਮਨਪ੍ਰੀਤ ਸਿੰਘ ਖਾਲਸਾ):- ਸਿੱਖ ਕੋਆਰਡੀਨੇਸ਼ਨ ਕਮੇਟੀ ਈਸਟ ਕੋਸਟ ਦੇ ਕੋਆਰਡੀਨੇਟਰ ਹਿੰਮਤ ਸਿੰਘ, ਮੀਡੀਆ ਬੁਲਾਰੇ ਹਰਜਿੰਦਰ ਸਿੰਘ ਅਤੇ ਅਮੈਰਿਕਨ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਕੋਆਰਡੀਨੇਟਰ ਡਾ. ਪ੍ਰਿਤਪਾਲ ਸਿੰਘ ਨੇ ਆਰ.ਐੱਸ.ਐੱਸ. ਮੁਖੀ ਮੋਹਨ ਭਾਗਵਤ ਦੀ ਯੂਕੇ ਫੇਰੀ ਦੌਰਾਨ ਕੁਝ ਸਿੱਖ ਚਿਹਰਿਆਂ ਵੱਲੋਂ ਕੀਤੀ ਗਈ ਆਓ-ਭਗਤ 'ਤੇ ਸਖ਼ਤ ਰੋਸ ਪ੍ਰਗਟ ਕਰਦਿਆਂ ਇਸ ਨੂੰ ਪੰਥਕ ਭਾਵਨਾਵਾਂ ਅਤੇ ਅਕਾਲ ਤਖ਼ਤ ਸਾਹਿਬ ਦੇ ਹੁਕਮਨਾਮੇ ਦੀ ਅਣਦੇਖੀ ਕਰਾਰ ਦਿੱਤਾ ਹੈ। ਆਗੂਆਂ ਨੇ ਕਿਹਾ ਕਿ ਅਮਰੀਕਾ ਅਤੇ ਕੈਨੇਡਾ ਵਿੱਚ ਭਾਗਵਤ ਦੀ ਫੇਰੀ ਦਾ ਸਿੱਖ ਸੰਗਤਾਂ ਅਤੇ ਵੱਖ-ਵੱਖ ਧਾਰਮਿਕ ਜਥੇਬੰਦੀਆਂ ਵੱਲੋਂ ਭਾਰੀ ਵਿਰੋਧ ਹੋਣ ਤੋਂ ਬਾਅਦ ਯੂਕੇ ਵਿੱਚ ਉਸ ਨੂੰ ਗੁਰਦੁਆਰਾ ਸਾਹਿਬ ਲਿਆਉਣਾ, ਵਿਸ਼ੇਸ਼ ਤੌਰ 'ਤੇ ਕੀਰਤਨੀ ਸਿੰਘਾਂ ਨੂੰ ਸੱਦ ਕੇ ਸ਼ਬਦ ਕੀਰਤਨ ਕਰਵਾਉਣਾ ਅਤੇ ਬੈਠਣ ਲਈ ਕੁਰਸੀ ਦੀ ਵਿਸ਼ੇਸ਼ ਸਹੂਲਤ ਦੇਣਾ ਬੇਹੱਦ ਨਿੰਦਣਯੋਗ ਹੈ। ਉਨ੍ਹਾਂ ਸਵਾਲ ਕੀਤਾ ਕਿ ਆਖ਼ਰ ਅਜਿਹੀ ਕਿਹੜੀ ਮਜਬੂਰੀ ਬਣੀ ਕਿ ਕੁਝ ਸਿੱਖਾਂ ਨੂੰ ਆਰ.ਐੱਸ.ਐੱਸ. ਮੁਖੀ ਦੀ ਇਸ ਤਰ੍ਹਾਂ ਆਓ-ਭਗਤ ਕਰਨੀ ਪਈ.? ਆਗੂਆਂ ਨੇ ਕਿਹਾ ਕਿ ਭਾਗਵਤ ਦੀ ਅਮਰੀਕਾ ਫੇਰੀ ਦੌਰਾਨ ਕੇਵਲ ਸਿੱਖ ਸੰਗਤਾਂ ਅਤੇ ਪੰਥਕ ਜਥੇਬੰਦੀਆਂ ਹੀ ਨਹੀਂ, ਸਗੋਂ ਕਈ ਹਿੰਦੂ, ਮੁਸਲਮਾਨ ਅਤੇ ਈਸਾਈ ਜਥੇਬੰਦੀਆਂ ਵੱਲੋਂ ਵੀ ਵਿਰੋਧ ਪ੍ਰਦਰਸ਼ਨ ਕੀਤੇ ਗਏ ਸਨ ਅਤੇ ਇਸ ਤੋਂ ਬਾਅਦ ਕੈਨੇਡਾ ਵਿੱਚ ਵੀ ਵਿਰੋਧ ਦੀ ਆਵਾਜ਼ ਉੱਠੀ। ਇਸ ਦੇ ਬਾਵਜੂਦ ਯੂਕੇ ਵਿੱਚ ਕੁਝ ਸਿੱਖ ਚਿਹਰਿਆਂ ਵੱਲੋਂ ਉਸ ਨੂੰ ਗੁਰਦੁਆਰਾ ਸਾਹਿਬ ਵਿੱਚ ਲਿਜਾ ਕੇ ਵਿਸ਼ੇਸ਼ ਸਨਮਾਨ ਦੇਣ ਨੇ ਪੰਥਕ ਹਲਕਿਆਂ ਵਿੱਚ ਇਹ ਸਵਾਲ ਖੜ੍ਹਾ ਕਰ ਦਿੱਤਾ ਹੈ ਕਿ ਕੀ ਵਿਦੇਸ਼ਾਂ ਦੇ ਗੁਰਦੁਆਰਾ ਪ੍ਰਬੰਧਾਂ ਵਿੱਚ ਅਜਿਹੀਆਂ ਤਾਕਤਾਂ ਆਪਣਾ ਪ੍ਰਭਾਵ ਬਣਾਉਣ ਵਿੱਚ ਕਾਮਯਾਬ ਹੋ ਰਹੀਆਂ ਹਨ, ਜਿਨ੍ਹਾਂ ਦੇ ਹਿੱਤ ਸਿੱਖ ਪੰਥ ਦੀਆਂ ਭਾਵਨਾਵਾਂ ਨਾਲ ਟਕਰਾਉਂਦੇ ਹਨ। ਆਗੂਆਂ ਨੇ ਦੋਸ਼ ਲਾਇਆ ਕਿ ਆਰ.ਐੱਸ.ਐੱਸ. ਨਾਲ ਨੇੜਤਾ ਰੱਖਣ ਵਾਲੇ ਅਤੇ ਭਾਰਤੀ ਤੰਤਰ ਨਾਲ ਜੁੜੇ ਕੁਝ ਚਿਹਰੇ ਵਿਦੇਸ਼ਾਂ ਵਿੱਚ ਸਿੱਖ ਭਾਈਚਾਰੇ ਅੰਦਰ ਸਰਗਰਮ ਰਹੇ ਹਨ ਅਤੇ ਸਮੇਂ-ਸਮੇਂ 'ਤੇ ਭਾਰਤੀ ਤੰਤਰ ਦੇ ਹਿੱਤਾਂ ਅਨੁਸਾਰ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਭਾਗਵਤ ਦਾ ਸਵਾਗਤ ਕਰਨ ਵਾਲੇ ਕੁਝ ਚਿਹਰੇ ਵੀ ਅਜਿਹੀ ਹੀ ਸੋਚ ਨਾਲ ਜੁੜੇ ਹੋਏ ਦਿਖਾਈ ਦਿੰਦੇ ਹਨ ਅਤੇ ਇਹੋ ਕਿਸਮ ਦੇ ਲੋਕ ਵਿਦੇਸ਼ਾਂ ਵਿੱਚ ਸਿੱਖਾਂ ਵੱਲੋਂ ਆਪਣੇ ਪੰਥਕ ਅਤੇ ਸਿਆਸੀ ਹੱਕਾਂ ਲਈ ਚਲਾਈਆਂ ਜਾ ਰਹੀਆਂ ਮੁਹਿੰਮਾਂ, ਖ਼ਾਸ ਕਰਕੇ ਖ਼ਾਲਿਸਤਾਨ ਦੀ ਮੰਗ, ਦਾ ਵਿਰੋਧ ਕਰਦੇ ਰਹੇ ਹਨ। ਸਿੱਖ ਆਗੂਆਂ ਨੇ ਕਿਹਾ ਕਿ ਸਿੱਖ ਪੰਥ ਵਿੱਚ ਆਰ.ਐੱਸ.ਐੱਸ. ਦੀ ਸਿੱਖ ਇਤਿਹਾਸ, ਸਿੱਖ ਪਹਿਚਾਣ ਅਤੇ ਇਤਿਹਾਸਕ ਗੁਰਦੁਆਰਾ ਸਾਹਿਬਾਨ ਸਬੰਧੀ ਪਹੁੰਚ ਨੂੰ ਲੈ ਕੇ ਪਹਿਲਾਂ ਹੀ ਗੰਭੀਰ ਇਤਰਾਜ਼ ਮੌਜੂਦ ਹਨ। ਉਨ੍ਹਾਂ ਮੰਗੂ ਮੱਠ, ਸ਼ਿਲੌਂਗ, ਡਾਂਗਮਾਰ ਸਾਹਿਬ ਅਤੇ ਹਰਿਦੁਆਰ ਸਥਿਤ ਗੁਰਦੁਆਰਾ ਗਿਆਨ ਗੋਦੜੀ ਸਾਹਿਬ ਵਰਗੇ ਇਤਿਹਾਸਕ ਸਥਾਨਾਂ ਦਾ ਹਵਾਲਾ ਦਿੰਦਿਆਂ ਦੋਸ਼ ਲਾਇਆ ਕਿ ਸਿੱਖਾਂ ਦੀ ਇਤਿਹਾਸਕ ਵਿਰਾਸਤ ਨਾਲ ਸਬੰਧਿਤ ਇਨ੍ਹਾਂ ਸਥਾਨਾਂ ਨਾਲ ਹੋਏ ਵਰਤਾਰੇ ਨੂੰ ਨਜ਼ਰਅੰਦਾਜ਼ ਕਰਕੇ ਆਰ.ਐੱਸ.ਐੱਸ. ਮੁਖੀ ਦੀ ਗੁਰਦੁਆਰਾ ਸਾਹਿਬ ਵਿੱਚ ਵਿਸ਼ੇਸ਼ ਆਓ-ਭਗਤ ਕਰਨਾ ਸਿੱਖ ਸੰਗਤ ਲਈ ਗੰਭੀਰ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਆਰ.ਐੱਸ.ਐੱਸ. ਦੀ ਵਿਚਾਰਧਾਰਾ ਅਤੇ ਸਿੱਖ ਇਤਿਹਾਸ ਦੀ ਪੇਸ਼ਕਾਰੀ 'ਤੇ ਵੀ ਸਵਾਲ ਚੁੱਕਦਿਆਂ ਕਿਹਾ ਕਿ ਸਿੱਖ ਇਤਿਹਾਸ ਅਤੇ ਗੁਰੂ ਸਾਹਿਬਾਨ ਸਬੰਧੀ ਅਪਮਾਨਜਨਕ ਜਾਂ ਮਨਮਾਨੀ ਵਿਆਖਿਆਵਾਂ ਨੂੰ ਸਿੱਖ ਪੰਥ ਕਦੇ ਵੀ ਸਵੀਕਾਰ ਨਹੀਂ ਕਰ ਸਕਦਾ। ਆਗੂਆਂ ਨੇ ਪੰਜਾਬ ਤੋਂ ਲੈ ਕੇ ਵਿਦੇਸ਼ਾਂ ਤੱਕ ਸਿੱਖ ਕਾਰਕੁਨਾਂ ਦੀਆਂ ਹੋਈਆਂ ਹੱਤਿਆਵਾਂ ਸਬੰਧੀ ਭਾਰਤੀ ਹਕੂਮਤ, ਭਾਜਪਾ ਅਤੇ ਆਰ.ਐੱਸ.ਐੱਸ. 'ਤੇ ਲੱਗਦੇ ਦੋਸ਼ਾਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਇਨ੍ਹਾਂ ਮਾਮਲਿਆਂ ਨੇ ਸਿੱਖ ਭਾਈਚਾਰੇ ਵਿੱਚ ਪਹਿਲਾਂ ਹੀ ਡੂੰਘੀ ਬੇਚੈਨੀ ਪੈਦਾ ਕੀਤੀ ਹੋਈ ਹੈ। ਉਨ੍ਹਾਂ ਦੁਨੀਆਂ ਭਰ ਦੀ ਸਿੱਖ ਸੰਗਤ ਅਤੇ ਗੁਰਦੁਆਰਾ ਪ੍ਰਬੰਧਕਾਂ ਨੂੰ ਅਪੀਲ ਕੀਤੀ ਕਿ ਉਹ ਆਰ.ਐੱਸ.ਐੱਸ. ਦੀਆਂ ਸਿੱਖ ਪੰਥ ਸਬੰਧੀ ਨੀਤੀਆਂ ਪ੍ਰਤੀ ਸੁਚੇਤ ਰਹਿਣ ਅਤੇ ਗੁਰਦੁਆਰਾ ਸਾਹਿਬਾਨ ਨੂੰ ਕਿਸੇ ਵੀ ਬਾਹਰੀ ਸਿਆਸੀ ਜਾਂ ਵਿਚਾਰਧਾਰਕ ਪ੍ਰਭਾਵ ਦਾ ਕੇਂਦਰ ਨਾ ਬਣਨ ਦੇਣ। ਉਨ੍ਹਾਂ ਕਿਹਾ ਕਿ ਪੰਥ ਦੀਆਂ ਸੰਸਥਾਵਾਂ ਦੀ ਪਹਿਰੇਦਾਰੀ ਸਿਰਫ਼ ਬਾਹਰੀ ਤਾਕਤਾਂ ਤੋਂ ਨਹੀਂ, ਸਗੋਂ ਸਿੱਖੀ ਦਾ ਭੇਖ ਧਾਰ ਕੇ ਅਜਿਹੀਆਂ ਤਾਕਤਾਂ ਲਈ ਅੰਦਰੋਂ ਰਾਹ ਬਣਾਉਣ ਵਾਲਿਆਂ ਤੋਂ ਵੀ ਕਰਨੀ ਅੱਜ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

### ਤਖ਼ਤ ਸ੍ਰੀ ਪਟਨਾ ਸਾਹਿਬ ਦੇ ਨੁਮਾਇੰਦਿਆਂ ਨੇ

# ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਮੁਲਾਕਾਤ ਕੀਤੀ



ਨਵੀਂ ਦਿੱਲੀ, 8 ਸਤੰਬਰ (ਮਨਪ੍ਰੀਤ ਸਿੰਘ ਖਾਲਸਾ):- ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਜਗਜੋਤ ਸਿੰਘ ਅਤੇ ਮੀਤ ਪ੍ਰਧਾਨ ਸਰਦਾਰ ਗੁਰਵਿੰਦਰ ਸਿੰਘ ਨੇ ਨਵੀਂ ਦਿੱਲੀ ਵਿਖੇ ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨਾਲ ਸ਼ਿਸ਼ਟਾਚਾਰ ਮੁਲਾਕਾਤ ਕੀਤੀ। ਮੁਲਾਕਾਤ ਦੌਰਾਨ ਸਿੱਖ ਸਮਾਜ ਨਾਲ ਜੁੜੇ ਮਹੱਤਵਪੂਰਨ ਮੁੱਦਿਆਂ, ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਵਿਕਾਸ, ਪ੍ਰਬੰਧਕ ਕਮੇਟੀ ਵੱਲੋਂ ਕੀਤੇ ਜਾ ਰਹੇ ਕਾਰਜਾਂ ਅਤੇ ਦੇਸ਼-ਵਿਦੇਸ਼ ਤੋਂ ਆਉਣ ਵਾਲੀ ਸੰਗਤ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਸਬੰਧੀ ਵਿਸਥਾਰ ਨਾਲ ਚਰਚਾ ਹੋਈ। ਇਸ ਦੌਰਾਨ ਪਟਨਾ ਸਾਹਿਬ ਕੌਰੀਡੋਰ, ਕੰਗਨ ਘਾਟ ਵਿਖੇ ਬਹੁ-ਮੰਜ਼ਿਲਾ ਪਾਰਕਿੰਗ, ਹਰਿਮੰਦਰ ਗਲੀ ਦੇ ਵਿਕਾਸ ਸਮੇਤ ਸ਼ਰਧਾਲੂਆਂ ਦੀਆਂ ਸਹੂਲਤਾਂ ਨਾਲ ਜੁੜੇ ਵੱਖ-ਵੱਖ ਵਿਸ਼ਿਆਂ 'ਤੇ ਵੀ ਮਹੱਤਵਪੂਰਨ ਵਿਚਾਰ-ਵਟਾਂਦਰਾ ਹੋਇਆ। ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਪ੍ਰਬੰਧਕ ਕਮੇਟੀ ਵੱਲੋਂ ਕੀਤੇ ਜਾ ਰਹੇ ਕਾਰਜਾਂ ਬਾਰੇ ਜਾਣਕਾਰੀ ਲਈ ਅਤੇ ਚੱਲ ਰਹੀਆਂ ਵਿਕਾਸ ਯੋਜਨਾਵਾਂ ਦੀ ਪ੍ਰਗਤੀ ਸਬੰਧੀ ਵੀ ਚਰਚਾ ਕੀਤੀ। ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਜਗਜੋਤ ਸਿੰਘ ਨੇ ਕਿਹਾ ਕਿ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੀ ਮਰਿਆਦਾ ਅਤੇ ਇਤਿਹਾਸਕ ਮਹੱਤਤਾ ਨੂੰ ਧਿਆਨ ਵਿੱਚ ਰੱਖਦਿਆਂ ਸੰਗਤ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣਾ ਕਮੇਟੀ ਦੀ ਸਭ ਤੋਂ ਵੱਡੀ ਤਰਜੀਹ ਹੈ। ਉਨ੍ਹਾਂ ਕਿਹਾ ਕਿ ਪਟਨਾ ਸਾਹਿਬ ਦੇ ਸਮੁੱਚੇ ਵਿਕਾਸ ਲਈ ਕੇਂਦਰ ਅਤੇ ਸੂਬਾ ਸਰਕਾਰ ਦੇ ਸਹਿਯੋਗ ਨਾਲ ਕੀਤੇ ਜਾ ਰਹੇ ਯਤਨਾਂ ਨੂੰ ਹੋਰ ਤੇਜ਼ੀ ਦੇਣ ਦੀ ਲੋੜ ਹੈ। ਕਮੇਟੀ ਦੇ ਅਹੁਦੇਦਾਰਾਂ ਨੇ ਦੱਸਿਆ ਕਿ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਹੋਈ ਮੁਲਾਕਾਤ ਬੇਹੱਦ ਸਕਾਰਾਤਮਕ ਅਤੇ ਭਰੋਸਾ ਦੇਣ ਵਾਲੀ ਰਹੀ। ਪਟਨਾ ਸਾਹਿਬ ਦੇ ਵਿਕਾਸ ਅਤੇ ਸਿੱਖ ਸਮਾਜ ਨਾਲ ਜੁੜੇ ਵਿਸ਼ਿਆਂ ਨੂੰ ਜਿਸ ਗੰਭੀਰਤਾ ਨਾਲ ਸੁਣਿਆ ਗਿਆ, ਉਸ ਨਾਲ ਸੰਗਤ ਵਿੱਚ ਵੀ ਸਕਾਰਾਤਮਕ ਸੰਦੇਸ਼ ਗਿਆ ਹੈ। ਮੀਤ ਪ੍ਰਧਾਨ ਸਰਦਾਰ ਗੁਰਵਿੰਦਰ ਸਿੰਘ ਨੇ ਕਿਹਾ ਕਿ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਸ਼ਵ ਭਰ ਦੀ ਸਿੱਖ ਸੰਗਤ ਦੀ ਆਸਥਾ ਦਾ ਪ੍ਰਮੁੱਖ ਕੇਂਦਰ ਹੈ। ਸ਼ਰਧਾਲੂਆਂ ਦੀਆਂ ਸਹੂਲਤਾਂ, ਪਟਨਾ ਸਾਹਿਬ ਦੇ ਵਿਕਾਸ ਅਤੇ ਇਤਿਹਾਸਕ ਵਿਰਾਸਤ ਦੀ ਸੰਭਾਲ ਲਈ ਪ੍ਰਬੰਧਕ ਕਮੇਟੀ ਲਗਾਤਾਰ ਯਤਨਸ਼ੀਲ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ: ਸੁਖਵੀਰ ਸਿੰਘ



**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੇ ਪਿੰਡਾਂ ਵਿੱਚ ਖੇਡ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਧੂਰੀ ਵਿਧਾਨ ਸਭਾ ਹਲਕੇ ਦੇ ਸਮੁੰਦਗੜ ਵਿਖੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ ਨੇ ਸਰਪੰਚ ਕੁਲਵਿੰਦਰ ਸਿੰਘ ਦੀ ਅਗਵਾਈ ਹੇਠ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਣ ਲਈ ਪਹੁੰਚੇ। ਇਸ ਮੌਕੇ ਸੰਬੋਧਨ ਕਰਦਿਆਂ ਓ.ਐੱਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਧੂਰੀ ਵਿਧਾਨ ਸਭਾ ਹਲਕੇ ਦੇ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਨੇਪਰੇ ਚਾੜ੍ਹਨ ਲਈ ਟੀਮ ਦੀ ਡਿਊਟੀ ਲਗਾਈ ਗਈ ਹੈ ਅਤੇ ਹਲਕੇ ਦੇ ਲੋਕਾਂ ਦੀਆਂ ਜ਼ਰੂਰਤਾਂ ਅਨੁਸਾਰ ਵਿਕਾਸ ਕਾਰਜ ਕਰਵਾਉਣ ਲਈ ਦਿਨ-ਰਾਤ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਵਿਕਾਸ, ਨਹਿਰੀ ਪਾਣੀ ਸਮੇਤ ਲੋਕਾਂ ਨਾਲ ਜੁੜੇ ਹਰੇਕ ਕੰਮ ਨੂੰ ਪਹਿਲ ਦੇ ਆਧਾਰ 'ਤੇ ਕਰਵਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਦੱਸਿਆ ਕਿ ਧੂਰੀ ਹਲਕੇ ਵਿੱਚ ਖੇਡ ਸਟੇਡੀਅਮ ਵਿੱਚ ਚਾਰਦੀਵਾਰੀ, ਜਾਲੀ, ਵਾਕਿੰਗ ਟਰੈਕ ਅਤੇ ਰਾਤ ਸਮੇਂ ਖੇਡ ਗਤੀਵਿਧੀਆਂ ਲਈ ਲਾਈਟਾਂ ਸਮੇਤ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਸਹੂਲਤਾਂ ਨਾਲ ਪਿੰਡ ਦੇ ਨੌਜਵਾਨਾਂ ਨੂੰ ਖੇਡਾਂ ਨਾਲ ਜੁੜਨ ਲਈ ਬਿਹਤਰ ਮਾਹੌਲ ਮਿਲੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਭਰ ਵਿੱਚ ਵੱਡੀ ਗਿਣਤੀ ਵਿੱਚ ਆਧੁਨਿਕ ਪੇਂਡੂ ਖੇਡ ਮੈਦਾਨ ਵਿਕਸਿਤ ਕੀਤੇ ਜਾ ਰਹੇ ਹਨ, ਜਿਸ ਤਹਿਤ ਧੂਰੀ ਹਲਕੇ ਵਿੱਚ ਵੀ ਨੌਜਵਾਨਾਂ ਨੂੰ ਬਿਹਤਰ ਖੇਡ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਖੇਡ ਮੈਦਾਨ ਸਿਰਫ਼ ਖੇਡਾਂ ਲਈ ਥਾਂ ਨਹੀਂ, ਸਗੋਂ ਨੌਜਵਾਨਾਂ ਨੂੰ ਤੰਦਰੁਸਤ ਜੀਵਨਸ਼ੈਲੀ ਅਪਣਾਉਣ ਅਤੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨ ਦਾ ਪ੍ਰਭਾਵਸ਼ਾਲੀ ਸਾਧਨ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਪਿੰਡ ਪੱਧਰ ਤੋਂ ਖੇਡ ਪ੍ਰਤਿਭਾ ਨੂੰ ਉਤਸ਼ਾਹਿਤ ਕਰਕੇ ਪੰਜਾਬ ਨੂੰ ਖੇਡਾਂ ਦੇ ਖੇਤਰ ਵਿੱਚ ਹੋਰ ਮਜ਼ਬੂਤ ਬਣਾਉਣਾ ਹੈ। ਇਸ ਮੌਕੇ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਰਛਪਾਲ ਸਿੰਘ ਭੁੱਲਰ, ਗਗਨ ਜਵੰਧਾ, ਮੇਜਰ ਸਿੰਘ ਪੰਚ, ਤਰਸੇਮ ਸਿੰਘ ਪੰਚ, ਰਣਜੀਤ ਸਿੰਘ ਪੰਚ, ਕੁਲਵਿੰਦਰ ਸਿੰਘ ਪੰਚ ਸਮੇਤ ਪਿੰਡ ਦੀ ਪੰਚਾਇਤ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਅਤੇ ਨੌਜਵਾਨ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਓ.ਐੱਸ.ਡੀ. ਸੁਖਵੀਰ ਸਿੰਘ ਸਮੇਤ ਹਜ਼ਾਰਾਂ ਸੰਗਤਾਂ ਨੇ ਮਾਣਿਆ ਸ਼ਾਨਦਾਰ ਡਰੋਨ ਸ਼ੋਅ ਦਾ ਆਨੰਦ

## ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਵਿਸ਼ੇਸ਼ ਸਮਾਗਮ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਜਾ ਰਹੇ ਸਮਾਗਮਾਂ ਦੀ ਲੜੀ ਤਹਿਤ ਧੂਰੀ ਵਿਖੇ ਸ਼ਾਨਦਾਰ ਡਰੋਨ ਸ਼ੋਅ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਹਜ਼ਾਰਾਂ ਦੀ ਗਿਣਤੀ ਵਿੱਚ ਪਹੁੰਚੀ ਸੰਗਤ ਨੇ ਆਧੁਨਿਕ ਤਕਨਾਲੋਜੀ ਅਤੇ ਅਧਿਆਤਮਿਕਤਾ ਦੇ ਅਨੋਖੇ ਸੁਮੇਲ ਵਾਲੀ ਇਸ ਪੇਸ਼ਕਾਰੀ ਦਾ ਭਰਪੂਰ ਆਨੰਦ ਮਾਣਿਆ। ਡਰੋਨ ਸ਼ੋਅ ਦੌਰਾਨ 500 ਡਰੋਨਾਂ ਨੇ ਆਕਾਸ਼ ਵਿੱਚ ਵੱਖ-ਵੱਖ ਮਨਮੋਹਕ ਆਕ੍ਰਿਤੀਆਂ ਸਿਰਜ ਕੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਬਾਣੀ ਅਤੇ ਮਹਾਨ ਵਿਚਾਰਧਾਰਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ। ਰੌਸ਼ਨੀਆਂ ਨਾਲ ਸਜੇ ਆਕਾਸ਼ ਵਿੱਚ ਉਭਰਦੀਆਂ ਇਨ੍ਹਾਂ ਆਕ੍ਰਿਤੀਆਂ ਨੇ ਸੰਗਤ ਨੂੰ ਮੰਤਰਮੁਗਧ ਕਰ ਦਿੱਤਾ ਅਤੇ ਸਮਾਗਮ ਨੂੰ ਯਾਦਗਾਰ ਬਣਾ ਦਿੱਤਾ। ਇਸ ਮੌਕੇ ਸੰਗਤ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸਿੱਖਿਆਵਾਂ ਅੱਜ ਵੀ ਸਮੁੱਚੀ ਮਨੁੱਖਤਾ ਲਈ ਪ੍ਰੇਰਣਾ ਦਾ ਸਰੋਤ ਹਨ। ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਅਤੇ ਬੱਚਿਆਂ ਨੂੰ ਗੁਰੂ ਸਾਹਿਬ ਵੱਲੋਂ ਦਰਸਾਏ ਮਾਨਵਤਾ, ਸਮਾਨਤਾ, ਕਿਰਤ ਅਤੇ ਭਾਈਚਾਰਕ ਸਾਂਝ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕਰਨਾ ਸਮੇਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਡਰੋਨ ਸ਼ੋਅ ਰਾਹੀਂ ਸੰਗਤ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਬਾਣੀ ਅਤੇ ਵਿਚਾਰਧਾਰਾ ਨਾਲ ਜੋੜਨ ਦਾ ਨਿਵੇਕਲਾ ਉਪਰਾਲਾ ਕੀਤਾ ਗਿਆ ਹੈ। ਉਨ੍ਹਾਂ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸਿੱਖਿਆਵਾਂ ਅਤੇ ਬਾਣੀ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਪੰਜਾਬ ਦੇ 92 ਵਿਧਾਨ ਸਭਾ ਹਲਕਿਆਂ ਵਿੱਚ ਅਜਿਹੇ ਡਰੋਨ ਸ਼ੋਅ ਕਰਵਾਏ ਜਾ ਰਹੇ ਹਨ। ਇਸ ਮੌਕੇ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਮਹਾਨ ਬਾਣੀ ਅਤੇ ਵਿਚਾਰਧਾਰਾ ਸਮੁੱਚੀ ਮਨੁੱਖਤਾ ਨੂੰ ਬਰਾਬਰੀ, ਸਾਂਝੀਵਾਲਤਾ, ਮਿਹਨਤ ਅਤੇ ਭਾਈਚਾਰਕ ਸਾਂਝ ਦਾ ਸੁਨੇਹਾ ਦਿੰਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਜਾ ਰਹੇ ਸਮਾਗਮ ਗੁਰੂ ਸਾਹਿਬ ਦੀਆਂ ਮਹਾਨ ਸਿੱਖਿਆਵਾਂ ਨੂੰ ਘਰ-ਘਰ ਪਹੁੰਚਾਉਣ ਅਤੇ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਜੀਵਨ ਤੇ ਵਿਚਾਰਧਾਰਾ ਨਾਲ ਜੋੜਨ ਦਾ ਸ਼ਲਾਘਾਯੋਗ ਉਪਰਾਲਾ ਹੈ। ਸਮਾਗਮ ਦੌਰਾਨ ਧਾਰਮਿਕ ਰੰਗ ਨੂੰ ਹੋਰ ਗੂੜ੍ਹਾ ਕਰਦਿਆਂ ਤਰਸੇਮ ਸਿੰਘ ਖੇਤਲਾ ਦੇ ਢਾਡੀ ਜੱਥੇ ਵੱਲੋਂ ਬੁਲੰਦ ਆਵਾਜ਼ ਵਿੱਚ ਵਾਰਾਂ ਪੇਸ਼ ਕੀਤੀਆਂ ਗਈਆਂ। ਢਾਡੀ ਜੱਥੇ ਦੀ ਪੇਸ਼ਕਾਰੀ ਨੇ ਸੰਗਤ ਨੂੰ ਗੁਰੂ ਸਾਹਿਬ ਦੀ ਵਿਚਾਰਧਾਰਕ ਅਤੇ ਅਧਿਆਤਮਿਕ ਵਿਰਾਸਤ ਨਾਲ ਜੋੜਿਆ ਅਤੇ ਸਮਾਗਮ ਵਿੱਚ ਵਿਸ਼ੇਸ਼ ਰੰਗ ਭਰਿਆ। ਇਸ ਮੌਕੇ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ, ਐਸ.ਡੀ.ਐਮ ਧੂਰੀ ਡਾ. ਇਸਮਤ ਵਿਜੈ ਸਿੰਘ, ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ, ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਲੱਖਾ, ਮੈਂਬਰ ਫ਼ੂਡ ਕਮਿਸ਼ਨ ਜਸਬੀਰ ਸਿੰਘ ਸੇਖੋਂ, ਚੇਅਰਮੈਂਨ ਜ਼ਿਲ੍ਹਾ ਪ੍ਰੀਸ਼ਦ ਰਛਪਾਲ ਸਿੰਘ ਭੁੱਲਰ, ਬਲਾਕ ਸੰਮਤੀ ਧੂਰੀ ਦੇ ਚੇਅਰਮੈਨ ਰਣਯੋਧ ਸਿੰਘ, ਨਗਰ ਕੌਂਸਲ ਧੂਰੀ ਦੀ ਪ੍ਰਧਾਨ ਅਮਰਜੋਤ ਕੌਰ, ਚੇਅਰਮੈਨ ਰਣਜੋਧ ਸਿੰਘ ਕਾਂਝਲਾ, ਜ਼ਿਲ੍ਹਾ ਯੋਜਨਾ ਕਮੇਟੀ ਦੇ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਗਗਨ ਜਵੰਧਾ, ਜ਼ਿਲ੍ਹਾ ਯੋਜਨਾ ਕਮੇਟੀ ਦੇ ਮੈਂਬਰ ਨਰੇਸ਼ ਸਿੰਗਲਾ, ਰੂਬਲ ਬਾਜਵਾ ਸਮੇਤ ਵੱਡੀ ਗਿਣਤੀ ਵਿੱਚ ਧੂਰੀ ਵਾਸੀ ਅਤੇ ਸੰਗਤ ਹਾਜ਼ਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

### ਆਂਗਣਵਾੜੀ ਵਰਕਰਾਂ ਹੈਲਪਰਾਂ ਨਾਲ ਕੀਤੇ ਵਾਅਦੇ ਤੋਂ ਮੁਕਰੀ ਸਰਕਾਰ - ਹਰਗੋਬਿੰਦ ਕੌਰ

# ਮੰਤਰੀ ਹਰਭਜਨ ਸਿੰਘ ਈਟੀਓ ਦੇ ਦਫਤਰ ਬਾਹਰ ਰੋਸ ਪ੍ਰਦਰਸ਼ਨ





**ਜੰਡਿਆਲਾ ਗੁਰੂ, 8 ਸਤੰਬਰ ( ਕੁਲਵੰਤ ਸਿੰਘ ਵਿਰਦੀ )**-ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਅੱਜ ਕੈਬਨਿਟ ਮੰਤਰੀ ਸਰਦਾਰ ਹਰਭਜਨ ਸਿੰਘ ਈਟੀਓ ਦੇ ਦਫਤਰ ਜੰਡਿਆਲਾ ਗੁਰੂ ਦੇ ਸਾਹਮਣੇ ਸੜਕ ਦੇ ਕਿਨਾਰੇ ਧਰਨਾ ਲਗਾ ਕਿ ਰੋਸ ਪ੍ਰਦਰਸ਼ਨ ਕੀਤਾ ਗਿਆ। ਅੱਜ ਦੇ ਇਸ ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਨ ਲਈ ਸ਼੍ਰੀਮਤੀ ਹਰਗੋਬਿੰਦ ਕੌਰ ਕੌਮੀ ਪ੍ਰਧਾਨ ਵਿਸ਼ੇਸ਼ ਤੌਰ ਤੇ ਪਹੁੰਚੇ ਉਹਨਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੰਜਾਬ ਸਰਕਾਰ ਆਗਣਵਾੜੀ ਵਰਕਰਾਂ ਹੈਲਪਰਾਂ ਨਾਲ ਕੀਤੇ ਵਾਅਦੇ ਤੋਂ ਭੱਜ ਰਹੀ ਹੈ। ਆਮ ਆਦਮੀ ਪਾਰਟੀ ਨੇ ਵਾਅਦਾ ਕੀਤਾ ਸੀ ਕਿ ਉਹਨਾਂ ਦੀ ਪਾਰਟੀ ਦੀ ਸਰਕਾਰ ਆਉਣ ਤੇ ਆਂਗਣਵਾੜੀ ਵਰਕਰ ਹੈਲਪਰ ਦਾ ਮਾਣ ਭੱਤਾ ਦੁਗਣਾ ਕੀਤਾ ਜਾਵੇਗਾ। ਆਮ ਆਦਮੀ ਪਾਰਟੀ ਦੀ ਸਰਕਾਰ ਆਈ ਨੂੰ ਸਾਢੇ ਚਾਰ ਸਾਲ ਦਾ ਸਮਾਂ ਹੋ ਗਿਆ ਪ੍ਰੰਤੂ ਹੁਣ ਤੱਕ ਸਰਕਾਰ ਵੱਲੋਂ ਆਂਗਣਵਾੜੀ ਵਰਕਰਾਂ ਹੈਲਪਰਾਂ ਦੀ ਮੰਗ ਤੇ ਧਿਆਨ ਹੀ ਨਹੀਂ ਦਿੱਤਾ ਜਾ ਰਿਹਾ ਉਲਟਾ ਜਦੋਂ ਤੋਂ ਇਹ ਸਰਕਾਰ ਆਈ ਹੈ ਮਾਣ ਭੱਤਾ ਦੁਗਣਾ ਕੀ ਕਰਨਾ ਸੀ ਆਂਗਣਵਾੜੀ ਵਰਕਰ ਹੈਲਪਰ ਨੂੰ ਸਮੇਂ ਤੇ ਜੋ ਮਾਣ ਭੱਤਾ ਮਿਲਦਾ ਉਹ ਵੀ ਨਹੀਂ ਦਿੱਤਾ ਜਾ ਰਿਹਾ । ਆਂਗਣਵਾੜੀ ਕੇਂਦਰਾਂ ਦੇ ਵਿੱਚ ਆ ਰਿਹਾ ਰਾਸ਼ਨ ਬੇਹਦ ਘਟੀਆ ਕੁਆਲਿਟੀ ਦਾ ਹੈ ਜੋ ਪ੍ਰਾਈਵੇਟ ਕੰਪਨੀਆਂ ਅਤੇ ਐਨਜੀਓ ਰਾਹੀਂ ਦਿੱਤਾ ਜਾ ਰਿਹਾ ਹੈ। ਮਾਵਾਂ ਤੇ ਬੱਚਿਆਂ ਦੀ ਸਿਹਤ ਨਾਲ ਖਿਲਵਾੜ ਹੋ ਰਿਹਾ ਹੈ ਅਤੇ ਇਸ ਰਾਸ਼ਨ ਵਿੱਚ ਬਹੁਤ ਵੱਡਾ ਸਕੈਮ ਚੱਲ ਰਿਹਾ ਹੈ । ਆਂਗਣਵਾੜੀ ਕੇਂਦਰਾਂ ਵਿੱਚੋਂ ਲੈ ਕੇ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਦਾਖਲ ਕੀਤੇ ਗਏ ਬੱਚੇ ਵਾਪਸ ਆਗਣਵਾੜੀਆਂ ਵਿੱਚ ਨਹੀਂ ਭੇਜੇ ਗਏ, ਉਹਨਾਂ ਨੇ ਕਿਹਾ ਕਿ ਜਥੇਬੰਦੀ ਮੰਗ ਕਰਦੀ ਹੈ ਕਿ ਬੱਚੇ ਆਗਣਵਾੜੀ ਵਿੱਚ ਵਾਪਸ ਭੇਜੇ ਜਾਣ ਅਤੇ ਆਂਗਣਵਾੜੀ ਵਰਕਰ ਨੂੰ ਪ੍ਰੀ ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ ਇਸੇ ਤਰ੍ਹਾਂ ਆਂਗਣਵਾੜੀ ਵਰਕਰਾਂ ਹੈਲਪਰਾਂ ਦੀ ਭਰਤੀ ਲੰਮਾ ਸਮਾਂ ਨਹੀਂ ਕੀਤੀ ਗਈ ਜੇਕਰ ਹੁਣ ਭਰਤੀ ਕੀਤੀ ਗਈ ਹੈ ਤਾਂ ਉਸ ਵਿੱਚ ਇੰਟਰਵਿਊ ਰੱਖ ਕੇ ਆਪਣੇ ਮਨਪਸੰਦੀਆਂ ਨੂੰ ਨੌਕਰੀ ਦਿੱਤੀ ਗਈ ਹੈ। ਭਰਤੀ ਦੇ ਵਿੱਚ ਵੱਡੇ ਪੱਧਰ ਤੇ ਘਪਲਾ ਹੋਇਆ ਹੈ। ਮਾਵਾਂ ਧੀਆਂ ਸਕੀਮ ਵਿੱਚ ਆਂਗਣਵਾੜੀ ਵਰਕਰਾਂ ਕੋਲੋਂ ਕੰਮ ਲੈ ਕੇ ਸਰਕਾਰ ਨੇ ਵਰਕਰ ਨੂੰ ਪ੍ਰਤੀ ਲਾਭਪਾਤਰੀ 25 ਰੁਪਏ ਦਿੱਤੇ ਹਨ ਹੈਲਪਰ ਨੂੰ ਕੁਝ ਨਹੀਂ ਦਿੱਤਾ, ਸਖੀ ਆਪਣੀ ਵਲੰਟੀਅਰ ਲਾਈ ਗਈ ਸਖੀ ਨੂੰ 300 ਰੁਪਏ ਪ੍ਰਤੀ ਫਾਰਮ ਦਿੱਤਾ ਹੈ ਜੋ ਕਿ ਸ਼ਰੇਆਮ ਆਗਣਵਾੜੀ ਵਰਕਰ ਹੈਲਪਰ ਨਾਲ ਧੱਕਾ ਹੈ ਅਤੇ ਸਰਕਾਰੀ ਪੈਸੇ ਦੀ ਆਪਣੀ ਪਾਰਟੀ ਦੇ ਬੰਦਿਆਂ ਨੂੰ ਦੇਕੇ ਦਰਵਰਤੋਂ ਕੀਤੀ ਜਾ ਰਹੀ ਹੈ ਅੱਜ ਦੇ ਇਸ ਰੋਸ ਪ੍ਰਦਰਸ਼ਨ ਵਿੱਚ ਹੋਰਨਾਂ ਸੋ ਇਲਾਵਾ ਦਲਜਿੰਦਰ ਕੌਰ, ਰਜਵੰਤ ਕੌਰ ਜਿਲਾ ਪ੍ਰਧਾਨ ਤਰਨਤਰਨ, ਸੰਤੋਸ਼ ਕੌਰ ਵੇਰਕਾ, ਗੁਰਪ੍ਰੀਤ ਕੌਰ ਪ੍ਰਧਾਨ ਬੇਅੰਤ ਕੌਰ ਭੱਟੀ, ਗੁਰਮੀਤ ਕੌਰ ਸਭਰਾਂ, ਮਨਜੀਤ ਕੌਰ ਪੱਟੀ, ਗੁਰਪ੍ਰੀਤ ਕੌਰ ਰਮਾਣਾ, ਪਰਮਜੀਤ ਕੌਰ ਰਈਆ, ਰਾਜਵਿੰਦਰ ਕੌਰ, ਹਰਪ੍ਰੀਤ ਕੌਰ, ਬਲਵਿੰਦਰ ਕੌਰ, ਅਕਵਿੰਦਰ ਕੌਰ, ਰਜਵੰਤ ਕੌਰ ਚੋਹਲਾ ਸਾਹਿਬ ਆਦਿ ਸ਼ਾਮਿਲ ਸਨ !

ਆਵਾਜ਼ਿ ਕੌਮ AWAZE QAUM International Newspaper & WEB TV

### ਗੋਲਡੀ ਨੇ ਚੇਅਰਮੈਨ ਘੁੱਲੀ ਨੂੰ ਦੁਬਾਰਾ ਮਾਰਕੀਟ ਕਮੇਟੀ ਦੇ

# ਚੇਅਰਮੈਨ ਬਣਨ 'ਤੇ ਕੀਤਾ ਵਿਸ਼ੇਸ਼ ਸਨਮਾਨ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਫਤਰ ਇੰਚਾਰਜ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੂੰ ਦੁਬਾਰਾ ਮਾਰਕੀਟ ਕਮੇਟੀ ਦਾ ਚੇਅਰਮੈਨ ਬਣਨ ਤੇ ਉੱਘੇ ਸਮਾਜ ਸੇਵੀ ਗੋਲਡੀ ਗੋਬਿੰਦਗੜ੍ਹ ਨੇ ਸਾਥੀਆਂ ਸਮੇਤ ਮਾਰਕੀਟ ਕਮੇਟੀ ਵਿੱਚ ਪਹੁੰਚ ਕੇ ਉਹਨਾਂ ਦਾ ਵਿਸ਼ੇਸ਼ ਸਨਮਾਨ ਕੀਤਾ ।ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਚੇਅਰਮੈਨ ਘੁੱਲੀ ਨੇ ਕਿਹਾ ਕਿ ਪਾਰਟੀ ਵੱਲੋਂ ਦਿੱਤੀ ਗਈ ਸੇਵਾ ਨੂੰ ਉਹ ਤਨ ਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ ਜਿਵੇਂ ਹੀ ਪਿਛਲੇ ਤਿੰਨ ਸਾਲਾਂ ਵਿੱਚ ਉਹਨਾਂ ਵੱਲੋਂ ਮਾਰਕੀਟ ਕਮੇਟੀ ਦੇ ਅੰਦਰ ਆਉਂਦੀਆਂ ਮੰਡੀਆਂ ਦੇ ਫੜਾ ਨੂੰ ਪੱਕਾ ਕਰਾਉਣ ਵਿੱਚ ਆਪਣਾ ਅਹਿਮ ਯੋਗਦਾਨ ਪਾਇਆ ਉਸੇ ਹੀ ਤਰਾਂ ਆਉਣ ਵਾਲੀ ਸਮੇਂ ਵਿੱਚ ਰਹਿੰਦੀਆਂ ਮੰਡੀਆਂ ਨੂੰ ਹੋਰ ਸਹੂਲਤਾਂ ਦੇ ਕੇ ਕਾਮਯਾਬ ਬਣਾਉਣ ਵਿੱਚ ਆਪਣਾ ਅਹਿਮ ਯੋਗਦਾਨ ਪਾਉਣਗੇ। ਇਸ ਮੌਕੇ ਅਮਿਤ ਗੋਬਿੰਦਗੜ੍ਹ, ਰਿਸ਼ੀ ਗੋਬਿੰਦਗੜ੍ਹ, ਅਜੈਬ ਸਿੰਘ ਹੈਪੀ ਮੀਤ ਪ੍ਰਧਾਨ ਨਗਰ ਕੌਂਸਲ, ਚੇਅਰਮੈਨ ਜਸਵਿੰਦਰ ਖੁਰਮੀ, ਚੇਅਰਮੈਨ ਸੁਖਪਾਲ ਸਿੰਘ ਪਾਲਾ, ਆਪ ਆਗੂ ਮਾਣਾ ਗਰੇਵਾਲ, ਸਰਪੰਚ ਰਾਜੂ ਬਰੜਵਾਲ, ਆਪ ਆਗੂ ਹਰਦੀਪ ਸਿੰਘ, ਜਸਨ ਕਹੇਰੂ, ਗੁਰਵਿੰਦਰ ਸਿੰਘ ਗੋਗੀ ਭੋਜੋਵਾਲੀ, ਸਰਪੰਚ ਰਾਜ ਸਿੰਘ ਮਾਨਵਾਲਾ, ਚੀਨੂ ਮੁਲਾਜਮ ਮੁੱਖ ਮੰਤਰੀ ਤੀਰਥ ਯੋਜਨਾ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਧੰਨ—ਧੰਨ ਬਾਬਾ ਨੰਦ ਸਿੰਘ ਜੀ ਦੀ ਮਿੱਠੀ ਯਾਦ ਵਿੱਚ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਸਲਾਨਾ ਮਹਾਨ ਗੁਰਮਤਿ ਜਪ ਤਪ ਸਮਾਗਮ 20 ਸਤੰਬਰ ਨੂੰ—ਸੰਤ ਬਾਬਾ ਸੁੱਚਾ ਸਿੰਘ

ਫ਼ਿਰੋਜ਼ਪੁਰ, 08 ਸਤੰਬਰ (ਮਨੋਹਰ ਲਾਲ) :— ਧੰਨ ਧੰਨ ਬਾਬਾ ਨੰਦ ਸਿੰਘ ਜੀ ਦੀ ਬਰਸੀ ਦੀ ਮਿੱਠੀ ਯਾਦ ਵਿੱਚ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਸਲਾਨਾ ਮਹਾਨ ਗੁਰਮਤਿ ਜਪ ਤਪ ਸਮਾਗਮ ਕਰਵਾਏ ਜਾ ਰਹੇ ਹਨ। ਇਹ ਜਾਣਕਾਰੀ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ਼੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ ਭੋਗ ਉਪਰੰਤ ਦੀਵਾਨ ਸਜਾਏ ਜਾਣਗੇ ਜਿਸ ਵਿੱਚ ਸੰਤ ਮਹਾਂਪੁਰਸ਼ ਗੁਣੀ ਗਿਆਨੀ ਵਿਦਵਾਨ ਕਥਾ ਵਾਚਕ ਰਾਗੀ ਢਾਡੀ ਸੰਗਤਾਂ ਨੂੰ ਗੁਰ ਇਤਿਹਾਸ ਸੁਣਾ ਕੇ ਨਿਹਾਲ ਕਰਨਗੇ। ਇਸ ਮੌਕੇ ਤੇ ਮੌਜੂਦਾ ਮੁਖੀ ਸ਼੍ਰੀਮਾਨ ਸੰਤ ਬਾਬਾ ਗੁਰਜੀਤ ਸਿੰਘ ਨਾਨਕਸਰ ਕਲੇਰਾਂ ਵਾਲੇ ਵਿਸ਼ੇਸ਼ ਤੌਰ ਤੇ ਪਹੁੰਚ ਕੇ ਸੰਗਤਾਂ ਨੂੰ ਦਰਸ਼ਨ ਦੇਣਗੇ ਤੇ ਇਸ ਮੌਕੇ ਤੇ ਸਰਬਤ ਦੇ ਭਲੇ ਦੀ ਅਰਦਾਸ ਵੀ ਕੀਤੀ ਜਾਵੇਗੀ। ਇਸ ਮੌਕੇ ਤੇ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਹੈਡ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਵੀ ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਹਨ। ਸ਼੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ 20 ਸਤੰਬਰ ਦਿਨ ਐਤਵਾਰ ਨੂੰ 12 ਵਜੇ ਅੰਮ੍ਰਿਤ ਸੰਚਾਰ ਹੋ ਰਿਹਾ ਹੈ। ਇਸ ਤੋਂ ਇਲਾਵਾ ਬਾਬਾ ਨੰਦ ਸਿੰਘ ਜੀ ਦੀ ਬਰਸੀ ਤੇ ਡਾਕਟਰੀ ਮੈਡੀਕਲ ਫਰੀ ਸੇਵਾ ਅਤੇ ਅੱਖਾਂ ਦੇ ਫਰੀ ਚੈਕ ਅਪ ਕੈਂਪ ਲਾਏ ਜਾਣਗੇ। ਸ਼੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ ਭਾਰੀ ਗਿਣਤੀ ਵਿੱਚ ਸੰਤ ਮਹਾਂਪੁਰਸ਼ ਹਾਜਰੀ ਭਰਨਗੇ ਜਿਸ ਵਿਚ ਸ਼੍ਰੀਮਾਨ ਸੰਤ ਬਾਬਾ ਗੁਰਚਰਨ ਸਿੰਘ ਨਾਨਕਸਰ ਕਲੇਰਾਂ ਵਾਲੇ, ਸ਼੍ਰੀਮਾਨ ਸੰਤ ਬਾਬਾ ਸੇਵਾ ਸਿੰਘ ਨਾਨਕਸਰ ਕਲੇਰਾਂ ਵਾਲੇ, ਸ਼੍ਰੀਮਾਨ ਸੰਤ ਬਾਬਾ ਹਰੀ ਸਿੰਘ ਜ਼ੀਰੇ ਵਾਲੇ, ਭਾਈ ਸਾਹਿਬ ਭਾਈ ਹਰਜਿੰਦਰ ਸਿੰਘ ਯੂ.ਕੇ ਵਾਲੇ, ਬਾਬਾ ਜੋਗਿੰਦਰ ਸਿੰਘ ਜਿੰਦੂ ਨਾਨਕਸਰ ਕਲੇਰਾਂ ਵਾਲੇ, ਸ਼੍ਰੀਮਾਨ ਸੰਤ ਬਾਬਾ ਅਵਤਾਰ ਸਿੰਘ ਮੁਖੀ ਦਲ ਪੰਥ ਬਾਬਾ ਬਿਧੀ ਚੰਦ ਛੀਨਾ, ਸ਼੍ਰੀਮਾਨ ਸੰਤ ਬਾਬਾ ਭਗਤ ਮਿਲਖਾ ਸਿੰਘ ਅਰਮਾਨਪੁਰਾ ਵਾਲੇ, ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ, ਸ਼੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲੇ, ਸੰਤ ਬਾਬਾ ਸ਼ੇਰ ਸਿੰਘ ਨਾਨਕਸਰ ਮਸੀਤਾਂ ਵਾਲੇ, ਬਾਬਾ ਜੁਗਰਾਜ ਸਿੰਘ ਨਾਨਕਸਰ ਵਾਲੇ, ਭਾਈ ਹਰਪ੍ਰੀਤ ਸਿੰਘ ਭੁੱਚੋ ਸਾਹਿਬ ਵਾਲੇ, ਗੁਰ ਪਿਆਰਾ ਨਾਨਕ ਸਿੰਘ ਨਾਨਕਸਰ ਮੰਦਰ ਮੋਹਾਰ ਵਾਲੇ, ਸੰਤ ਹਰੀ ਸਿੰਘ ਹਰੀਕੇ ਪੱਤਣ ਵਾਲੇ, ਬਾਬਾ ਬਲਜੀਤ ਸਿੰਘ ਗੁਰਦੁਆਰਾ ਠਾਠ ਸ਼ੇਰ ਮੁਹੰਮਦ, ਭਾਈ ਮਨਦੀਪ ਸਿੰਘ ਨਾਨਕਸਰ ਕਲੇਰਾਂ ਵਾਲੇ, ਸੰਤ ਬਾਬਾ ਲਖਬੀਰ ਸਿੰਘ ਵੜੈਚ ਨਾਨਕਸਰ ਵਾਲੇ, ਮਾਤਾ ਵਿਪਨਪ੍ਰੀਤ ਕੌਰ ਕੀਰਤਨੀ ਜਥਾ ਲੁਧਿਆਣੇ ਵਾਲੇ, ਬਾਬਾ ਦਰਸ਼ਨ ਸਿੰਘ ਬੋਰੀ ਵਾਲੇ, ਬਾਬਾ ਸਤਨਾਮ ਸਿੰਘ ਵੱਲੀਆ ਢਾਡੀ ਜਥਾ, ਭਾਈ ਬੋਹੜ ਸਿੰਘ ਬਾਰੇ ਕੇ, ਬਾਬਾ ਸਰਬਜੀਤ ਸਿੰਘ ਗੁਰਦੁਆਰਾ ਜਾਮਨੀ ਸਾਹਿਬ, ਹਜ਼ੂਰੀ ਰਾਗੀ ਭਾਈ ਅਰਜਨ ਸਿੰਘ, ਭਾਈ ਗੁਰਬਖ਼ਸ਼ ਸਿੰਘ ਚੰਨਾ, ਭਾਈ ਹਰਨਾਮ ਸਿੰਘ, ਭਾਈ ਸੁਖਦੇਵ ਸਿੰਘ, ਸੁੱਖਾ ਬਲਜੀਤ ਸਿੰਘ ਬੱਬੂ, ਗੁਰਦੁਆਰਾ ਨਾਨਕਸਰ ਛਾਂਗਾ ਖੁਰਦ ਵੀ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਸ਼੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਸਮੂਹ ਪੰਜਾਬ ਭਰ ਦੀਆਂ ਸੰਗਤਾਂ, ਹਰਿਆਣੇ ਦੀਆਂ ਸੰਗਤਾਂ ਅਤੇ ਇਲਾਕੇ ਭਰ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਆਏ ਹੋਏ ਮਹਾਂਪੁਰਸ਼ਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਓ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।



ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸਮਾਗਮ

ਫ਼ਿਰੋਜ਼ਪੁਰ, 08 ਸਤੰਬਰ (ਮਨੋਹਰ ਲਾਲ) :— ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਰਜਿਸਟਰ ਦੀ ਜਨਰਲ ਮੀਟਿੰਗ ਗੁਰਦੁਆਰਾ ਬਾਵਿਆ ਵਿਖੇ ਹੋਈ। ਮੀਟਿੰਗ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜੇ ਨੂੰ ਮੁੱਖ ਰੱਖਦਿਆ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਆਗੂਆਂ ਨੇ ਦੱਸਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ 9 ਸਤੰਬਰ ਦਿਨ ਬੁੱਧਵਾਰ ਦੋ ਸ੍ਰੀ ਅਖੰਡ ਪਾਠ ਸਾਹਿਬ ਗੁਰਦੁਆਰਾ ਗੁਰੂ ਨਾਨਕ ਦਰਬਾਰ ਗਾਂਧੀ ਨਗਰ ਵਿਖੇ ਸਵੇਰੇ 10 ਵਜੇ ਆਰੰਭ ਹੋਣਗੇ। ਉਨ੍ਹਾਂ ਦੱਸਿਆ ਕਿ 11 ਸਤੰਬਰ ਨੂੰ ਸਵੇਰੇ 9 ਵਜੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ, ਉਪਰੰਤ ਚਾਹ ਬ੍ਰੈਡ ਪਕੌੜੇ ਦਾ ਲੰਗਰ ਆਈ ਸੰਗਤ ਵਿਚ ਵਰਤਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ 11 ਸਤੰਬਰ ਦਿਨ ਸ਼ੁਕਰਵਾਰ ਸ਼ਾਮ ਨੂੰ 7 ਵਜੇ ਰਹਿਰਾਸ ਸਾਹਿਬ ਦੇ ਪਾਠ ਉਪਰੰਤ ਭਾਈ ਰਵਿੰਦਰ ਸਿੰਘ ਜੋਨੀ ਨਾਨਕਸਰ ਵਾਲੇ ਸਵਾ ਅੱਠ ਤੋਂ ਲੈ ਕੇ ਸਾਢੇ ਦਸ ਵਜੇ ਤੱਕ ਸੰਗਤਾਂ ਨੂੰ ਕਥਾ ਤੇ ਕੀਰਤਨ ਸਰਵਣ ਕਰਵਾਉਣਗੇ, ਉਪਰੰਤ 10:30 ਵਜੇ ਅਰਦਾਸ ਬੇਨਤੀ ਹੋਵੇਗੀ। ਉਨ੍ਹਾਂ ਦੱਸਿਆ ਕਿ 12 ਸਤੰਬਰ ਦਿਨ ਸ਼ਨੀਵਾਰ ਸ਼ਾਮ 7 ਵਜੇ ਰਹਿਰਾਸ ਸਾਹਿਬ ਦੇ ਪਾਠ ਤੋਂ ਉਪਰੰਤ ਸਵਾ 8 ਵਜੇ ਭਾਈ ਗੁਰਪ੍ਰੀਤ ਸਿੰਘ ਗੁਰਦੁਆਰਾ ਸ਼ਹੀਦਾਂ ਵਾਲੇ ਸੰਗਤਾਂ ਨੂੰ ਕਥਾ ਵਿਚਾਰ ਨਾਲ ਜੋੜਨਗੇ, ਜਦੋਂ ਕਿ ਸਵਾ ਨੌ ਤੋਂ ਸਾਢੇ ਦਸ ਵਜੇ ਤੱਕ ਭਾਈ ਮਹਿਤਾਬ ਸਿੰਘ ਜਲੰਧਰ ਵਾਲੇ ਸੰਗਤਾਂ ਨੂੰ ਕੀਰਤਨ ਸਰਵਣ ਕਰਾਉਣਗੇ, ਉਪਰੰਤ ਸਾਢੇ 10 ਵਜੇ ਅਰਦਾਸ ਬੇਨਤੀ ਹੋਵੇਗੀ। ਉਨ੍ਹਾਂ ਦੱਸਿਆ ਕਿ ਦੋਨੋਂ ਦਿਨ ਗੁਰੂ ਕਾ ਲੰਗਰ ਅਤੁੱਟ ਵਰਤੇਗਾ ਇਲਾਕਾ ਨਿਵਾਸੀ ਗੁਰੂ ਕੀਆਂ ਸੰਗਤਾਂ ਨੂੰ ਬੇਨਤੀ ਹੈ ਇਸ ਪ੍ਰੋਗਰਾਮ ਵਿੱਚ ਵੱਧ ਤੋਂ ਵੱਧ ਹਾਜ਼ਰੀ ਭਰ ਕੇ ਗੁਰੂ ਘਰ ਦੀ ਸੇਵਾ ਸਿਮਰਨ ਕਰਕੇ ਆਪਣਾ ਜੀਵਨ ਸਫਲ ਕਰੀਏ ਜੀ। ਉਨ੍ਹਾਂ ਦੱਸਿਆ ਕਿ ਉਪਰੋਕਤ ਪ੍ਰੋਗਰਾਮ ਰਾਤਰੀ ਦੇ ਦੀਵਾਨ 11 ਸਤੰਬਰ ਅਤੇ 12 ਸਤੰਬਰ ਦੋ ਦਿਨ ਗੁਰਦੁਆਰਾ ਜੱਜਾਂਵਾਲਾ ਜੰਜ ਘਰ ਬਾਂਸੀ ਗੇਟ ਫਿਰੋਜ਼ਪੁਰ ਸ਼ਹਿਰ ਵਿਖੇ ਹੋ ਰਿਹਾ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

# ਲੁਟੇਰਿਆਂ ਦੀ ਲੁੱਟ ਤੋਂ ਪ੍ਰੇਸ਼ਾਨ ਹੋਏ ਲੋਕ

**ਫ਼ਿਰੋਜ਼ਪੁਰ, 08 ਸਤੰਬਰ (ਮਨੋਹਰ ਲਾਲ)** :— ਅਣਪਛਾਤੇ ਲੁਟੇਰਿਆਂ ਦੀ ਲੁੱਟ ਦਾ ਸ਼ਿਕਾਰ ਹੋਏ ਰਮੇਸ਼ ਚੰਦਰ ਮਹਿਤਾ ਪੁੱਤਰ ਮਾਨਸਾ ਰਾਮ ਵਾਸੀ ਮਕਾਨ ਨੰਬਰ 88ਏ, ਗਲੀ ਨੰਬਰ 4, ਦਸਮੇਸ਼ ਨਗਰ ਵਾਟਰ ਟੈਂਕੀ ਫ਼ਿਰੋਜ਼ਪੁਰ ਨੇ ਇਨਸਾਫ ਲਈ ਪੁਲਿਸ ਪ੍ਰਸ਼ਾਸਨ ਨੂੰ ਲਿਖਿਆ ਪੱਤਰ। ਗੱਲਬਾਤ ਕਰਦਿਆਂ ਰਮੇਸ਼ ਚੰਦਰ ਮਹਿਤਾ ਨੇ ਦੱਸਿਆ ਕਿ ਉਹ 7 ਸਤੰਬਰ ਨੂੰ ਸਮਾਂ ਤਕਰੀਬਨ ਸ਼ਾਮ 7:55 ਵਜੇ ਬਰਟ ਰੋਡ ਤੋਂ ਬਸਤੀ ਟੈਂਕਾਂ ਵਾਲੀ ਨੇੜੇ ਅੰਡਰ ਗਰਾਊਂਡ ਪੁੱਲ ਫ਼ਿਰੋਜ਼ਪੁਰ ਸ਼ਹਿਰ ਨੂੰ ਜਾ ਰਿਹਾ ਸੀ ਕਿ ਮੂੰਹ ਸਿਰ ਲਪੇਟੇ ਹੋਏ ਦੋ ਮੋਟਰ ਸਾਈਕਲ ਸਵਾਰਾਂ ਨੇ ਉਸ ਦੇ ਕੁੜਤੇ ਦੀ ਜੇਬ ਕੱਟ ਲਈ। ਪੀੜਤ ਨੇ ਦੱਸਿਆ ਕਿ ਉਸ ਦੀ ਜੇਬ ਵਿਚ ਅੱਠ ਹਜ਼ਾਰ ਰੁਪਏ ਸਮੇਤ ਰੇਲਵੇ ਪਾਸ ਨੰਬਰ 0125727 ਮਿਤੀ 14.08.2026 ਸੀ, ਜੋ ਲੁਟੇਰੇ ਲੁੱਟ ਖੋਹ ਕਰਕੇ ਫਰਾਰ ਹੋ ਗਏ ਹਨ। ਉਨ੍ਹਾਂ ਦੱਸਿਆ ਕਿ ਉਕਤ ਲੁਟੇਰਿਆਂ ਵੱਲੋਂ ਲੁੱਟੇ ਸਮਾਨ ਦੀ ਕਾਫੀ ਭਾਲ ਕੀਤੀ, ਪਰ ਕਿਧਰੇ ਨਹੀਂ ਮਿਲਿਆ। ਉਨ੍ਹਾਂ ਮੰਗ ਕੀਤੀ ਕਿ ਬਿਨ੍ਹਾਂ ਦੇਰੀ ਉਕਤ ਲੁਟੇਰਿਆਂ ਦੀ ਪਹਿਚਾਣ ਕਰਕੇ ਗ੍ਰਿਫਤਾਰ ਕੀਤਾ ਜਾਵੇ ਤਾਂ ਜੋ ਲੋਕਾਂ ਦਾ ਘਰੋਂ ਬਾਹਰ ਨਿਕਲਣਾ ਮੁਨਾਸਿਬ ਹੋ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪ੍ਰਧਾਨ ਝੀਂਡਾ ਦੇ ਖ਼ਿਲਾਫ਼

# ਧਰਨਾ ਦੂਜੇ ਦਿਨ ਵੀ ਮੁੱਖ ਦਫ਼ਤਰ ਜਾਰੀ, ਖੁੱਲ੍ਹੀ ਬਹਿਸ ਦੀ ਮੰਗ



**ਕੁਰੂਕਸ਼ੇਤਰ, 9 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਰਦਾਰ ਗੁਰਤੇਜ ਸਿੰਘ ਵੱਲੋਂ ਕਮੇਟੀ ਦੇ ਮੁੱਖ ਦਫ਼ਤਰ, ਕੁਰੂਕਸ਼ੇਤਰ ਦੇ ਸਾਹਮਣੇ ਸ਼ੁਰੂ ਕੀਤਾ ਗਿਆ ਧਰਨਾ ਅੱਜ ਦੂਜੇ ਦਿਨ ਵੀ ਜਾਰੀ ਰਿਹਾ। ਸਰਦਾਰ ਗੁਰਤੇਜ ਸਿੰਘ ਨੇ ਕਮੇਟੀ ਦੇ ਕੰਮਕਾਜ ਨੂੰ ਲੈ ਕੇ ਕਈ ਸਵਾਲ ਉਠਾਏ ਹਨ ਅਤੇ ਮੰਗ ਕੀਤੀ ਹੈ ਕਿ ਕਮੇਟੀ ਦੇ ਕੰਮਕਾਜ ਵਿੱਚ ਪਾਰਦਰਸ਼ਤਾ, ਜਵਾਬਦੇਹੀ ਅਤੇ ਸਹੀ ਢੰਗ ਨਾਲ ਸਾਂਝੇ ਤੌਰ ’ਤੇ ਫ਼ੈਸਲੇ ਲਏ ਜਾਣ। ਸਰਦਾਰ ਗੁਰਤੇਜ ਸਿੰਘ ਦੀ ਮੰਗ ਨੂੰ ਹਰਿਆਣਾ ਕਮੇਟੀ ਦੇ ਕਈ ਸੀਨੀਅਰ ਮੈਂਬਰਾਂ ਅਤੇ ਸਿੱਖ ਸਮਾਜ ਦੇ ਲੋਕਾਂ ਦਾ ਸਮਰਥਨ ਮਿਲਿਆ ਹੈ। ਇਨ੍ਹਾਂ ਵਿੱਚ ਸੀਨੀਅਰ ਮੈਂਬਰ ਸਰਦਾਰ ਦੀਦਾਰ ਸਿੰਘ ਨਲਵੀ, ਸਰਦਾਰ ਬਲਦੇਵ ਸਿੰਘ ਹਾਬੜੀ, ਸੀਨੀਅਰ ਮੀਤ ਪ੍ਰਧਾਨ ਸਰਦਾਰ ਗੁਰਮੀਤ ਸਿੰਘ ਕਲਕਾ, ਮੀਤ ਪ੍ਰਧਾਨ ਸਰਦਾਰ ਗੁਰਬੀਰ ਸਿੰਘ ਤਲਾਕੌਰ, ਸਰਦਾਰ ਰਾਜਿੰਦਰ ਸਿੰਘ ਬਰਾੜਾ ਅਤੇ ਸਰਪੰਚ ਸਰਦਾਰ ਭੁਪਿੰਦਰ ਸਿੰਘ ਲਾਡੀ ਸ਼ਾਮਲ ਹਨ। ਇਸ ਤੋਂ ਇਲਾਵਾ ਕਈ ਹੋਰ ਸੀਨੀਅਰ ਮੈਂਬਰਾਂ ਅਤੇ ਸਿੱਖ ਸਮਾਜ ਦੇ ਲੋਕਾਂ ਨੇ ਵੀ ਧਰਨੇ ਦਾ ਸਮਰਥਨ ਕੀਤਾ। ਸਮਰਥਨ ਕਰਨ ਵਾਲੇ ਮੈਂਬਰਾਂ ਨੇ ਕਿਹਾ ਕਿ ਇਹ ਕਿਸੇ ਇੱਕ ਵਿਅਕਤੀ ਦਾ ਮਾਮਲਾ ਨਹੀਂ ਹੈ। ਇਹ ਪੂਰੀ ਸਿੱਖ ਸੰਸਥਾ ਅਤੇ ਹਰਿਆਣਾ ਦੀ ਸਿੱਖ ਸੰਗਤ ਨਾਲ ਜੁੜਿਆ ਹੋਇਆ ਮਾਮਲਾ ਹੈ। ਮੈਂਬਰਾਂ ਨੇ ਕਮੇਟੀ ਦੇ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਤੋਂ ਮੰਗ ਕੀਤੀ ਕਿ ਉਹ ਸਾਹਮਣੇ ਆ ਕੇ ਸਰਦਾਰ ਗੁਰਤੇਜ ਸਿੰਘ ਅਤੇ ਹੋਰ ਮੈਂਬਰਾਂ ਨਾਲ ਖੁੱਲ੍ਹੀ ਬਹਿਸ ਕਰਨ ਅਤੇ ਕਮੇਟੀ ਦੇ ਕੰਮਕਾਜ ਨਾਲ ਜੁੜੇ ਸਵਾਲਾਂ ਦੇ ਜਵਾਬ ਦੇਣ। ਨਹੀਂ ਅਸਤੀਫ਼ਾ ਦੇਣ । ਮੈਂਬਰਾਂ ਨੇ ਸਵਾਲ ਕੀਤਾ ਕਿ ਪਿਛਲੇ ਸਮੇਂ ਦੌਰਾਨ ਧਰਮ ਪ੍ਰਚਾਰ, ਗੁਰਦੁਆਰਾ ਪ੍ਰਬੰਧਨ, ਵਿੱਤੀ ਪ੍ਰਬੰਧ, ਸੰਸਥਾ ਦੇ ਵਿਕਾਸ ਅਤੇ ਸੰਗਤ ਦੀ ਭਲਾਈ ਲਈ ਕਿਹੜੇ-ਕਿਹੜੇ ਠੋਸ ਕੰਮ ਕੀਤੇ ਗਏ ਹਨ। ਸਰਦਾਰ ਗੁਰਤੇਜ ਸਿੰਘ ਨੇ ਕਿਹਾ ਕਿ ਇਹ ਧਰਨਾ ਕਿਸੇ ਵਿਅਕਤੀ ਦੇ ਖ਼ਿਲਾਫ਼ ਨਿੱਜੀ ਲੜਾਈ ਨਹੀਂ ਹੈ। ਇਹ HSGMC ਨੂੰ ਮਜ਼ਬੂਤ ਬਣਾਉਣ ਅਤੇ ਇਸ ਨੂੰ ਸਿੱਖ ਸੰਗਤ ਦੇ ਹਿੱਤ ਵਿੱਚ ਸਹੀ ਢੰਗ ਨਾਲ ਚਲਾਉਣ ਦੀ ਮੰਗ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਕਮੇਟੀ ਪ੍ਰਧਾਨ ਦੀ ਕੁਰਸੀ ਕਿਸੇ ਵਿਅਕਤੀ ਦੀ ਨਿੱਜੀ ਜਾਇਦਾਦ ਨਹੀਂ ਹੈ। ਇਹ ਸਿੱਖ ਸੰਗਤ ਦੀ ਅਮਾਨਤ ਹੈ ਅਤੇ ਇਸ ਲਈ ਹਰ ਮੈਂਬਰ ਅਤੇ ਲੀਡਰਸ਼ਿਪ ਨੂੰ ਸੰਗਤ ਪ੍ਰਤੀ ਜਵਾਬਦੇਹ ਹੋਣਾ ਚਾਹੀਦਾ ਹੈ।



**“ਮੁੱਦਾ ਕੁਰਸੀ ਦਾ ਨਹੀਂ, ਕੌਮ ਅਤੇ ਸੰਸਥਾ ਦੇ ਭਵਿੱਖ ਦਾ ਹੈ।”**

ਧਰਨੇ ਵਿੱਚ ਸ਼ਾਮਲ ਮੈਂਬਰਾਂ ਨੇ ਮੰਗ ਕੀਤੀ ਕੇ ਹਰਿਆਣਾ ਕਮੇਟੀ ਪ੍ਰਧਾਨ ਸਾਹਮਣੇ ਆਵੇ, ਗੱਲਬਾਤ ਕਰੇ ਅਤੇ ਉਠਾਏ ਗਏ ਸਵਾਲਾਂ ਦੇ ਸਪੱਸ਼ਟ ਜਵਾਬ ਦੇਵੇ।

### ਪੰਜਾਬ ਦੀ ਸਿਆਸਤ ’ਚ ਸਰਗਰਮ ਭੂਮਿਕਾ ਨਿਭਾਅ ਰਿਹਾ ਐਡਵੋਕੇਟ ਬਿਕਰਮਜੀਤ ਪਾਸੀ

# ਲਗਾਤਾਰ ਤੀਜੀ ਵਾਰ ਸਟੇਟ ਸਪੋਕਸਪਰਸਨ ਦੀ ਜ਼ਿੰਮੇਵਾਰੀ, ਪੰਜਾਬ ਦੀ ਤਰੱਕੀ ਤੇ ਬਨੂੜ ਦਾ ਵਿਕਾਸ ਮੁੱਖ ਟੀਚਾ

**ਲੰਡਨ/ ਬਨੂੜ, 9 ਸਤੰਬਰ (ਸਰਬਜੀਤ ਸਿੰਘ ਬਨੂੜ)**- ਐਡਵੋਕੇਟ ਬਿਕਰਮਜੀਤ ਪਾਸੀ ਪੰਜਾਬ ਦੀ ਸਿਆਸਤ ਵਿੱਚ ਬਨੂੜ ਅਤੇ ਇਲਾਕੇ ਦੀ ਆਵਾਜ਼ ਬੁਲੰਦ ਕਰਨ ਲਈ ਸਰਗਰਮ ਭੂਮਿਕਾ ਨਿਭਾਅ ਰਿਹਾ ਹੈ।ਧਰਮ ਨਾਲ ਜੁੜੀ ਆਸਥਾ, ਸਮਾਜ ਸੇਵਾ ਦੀ ਭਾਵਨਾ ਅਤੇ ਲੋਕਾਂ ਨਾਲ ਸਿੱਧਾ ਰਾਬਤਾ ਉਨ੍ਹਾਂ ਦੀ ਕਾਰਜਸ਼ੈਲੀ ਦੇ ਮੁੱਖ ਪਹਿਲੂ ਹਨ।ਉਹ ਬਨੂੜ ਦੇ ਵਿਕਾਸ ਨੂੰ ਆਪਣੀ ਸਿਆਸੀ ਸਰਗਰਮੀ ਦਾ ਪ੍ਰਮੁੱਖ ਮਕਸਦ ਦੱਸਦੇ ਹਨ।

ਪਾਸੀ ਨੇ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਨੂੰ ਲਗਾਤਾਰ ਤੀਜੀ ਵਾਰ ਸਟੇਟ ਸਪੋਕਸਪਰਸਨ ਦੀ ਜ਼ਿੰਮੇਵਾਰੀ ਸੌਂਪੇ ਜਾਣ ’ਤੇ ਭਰੋਸਾ ਪ੍ਰਗਟਾਇਆ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਇਹ ਅਹੁਦਾ ਕੇਵਲ ਸਨਮਾਨ ਨਹੀਂ, ਸਗੋਂ ਸਰਕਾਰ ਦੀਆਂ ਨੀਤੀਆਂ ਅਤੇ ਫ਼ੈਸਲਿਆਂ ਨੂੰ ਲੋਕਾਂ ਤੱਕ ਪਹੁੰਚਾਉਣ ਅਤੇ ਜਨਤਾ ਦੇ ਸਵਾਲਾਂ ਦਾ ਜਵਾਬ ਦੇਣ ਦੀ ਜ਼ਿੰਮੇਵਾਰੀ ਵੀ ਹੈ।

ਉਨ੍ਹਾਂ ਅਨੁਸਾਰ ਸਿਆਸਤ ਦਾ ਅਸਲ ਮਕਸਦ ਲੋਕਾਂ ਦੇ ਵਿਚਕਾਰ ਰਹਿ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਹੈ। ਪਾਸੀ ਨੇ ਕਿਹਾ ਕਿ ਉਹ ਆਪਣੇ ਪੇਸ਼ੇ ਅਤੇ ਸਿਆਸੀ ਜ਼ਿੰਮੇਵਾਰੀਆਂ ਦੇ ਨਾਲ-ਨਾਲ ਸਮਾਜ ਸੇਵਾ ਲਈ ਵੀ ਵਚਨਬੱਧ ਹਨ ਅਤੇ ਬਨੂੜ ਦੇ ਵਿਕਾਸ ਲਈ ਆਪਣੀਆਂ ਕੋਸ਼ਿਸ਼ਾਂ ਜਾਰੀ ਰੱਖਣਗੇ।



ਐਡਵੋਕੇਟ ਬਿਕਰਮਜੀਤ ਪਾਸੀ ਨੇ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਦੀ ਤਰੱਕੀ, ਲੋਕਾਂ ਦੀ ਭਲਾਈ ਅਤੇ ਬਨੂੜ ਦਾ ਸਰਬਪੱਖੀ ਵਿਕਾਸ ਉਨ੍ਹਾਂ ਦੇ ਮੁੱਖ ਟੀਚੇ ਹਨ। ਉਨ੍ਹਾਂ ਕਿਹਾ, “ਪੰਜਾਬ ਸਰਕਾਰ ਦੇ ਸਪੋਕਸਮੈਨ ਵਜੋਂ ਮੈਂ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਲੋਕ-ਹਿੱਤ ਨੀਤੀਆਂ ਨੂੰ ਸੂਬੇ ਦੇ ਹਰ ਵਰਗ ਤੱਕ ਪਹੁੰਚਾਉਣ ਅਤੇ ਲੋਕਾਂ ਦੀ ਆਵਾਜ਼ ਸਰਕਾਰ ਤੱਕ ਬੁਲੰਦ ਕਰਨ ਲਈ ਹਮੇਸ਼ਾ ਯਤਨਸ਼ੀਲ ਰਹਾਂਗਾ।ਬਨੂੜ ਦੀ ਮਿੱਟੀ ਨਾਲ ਜੁੜਿਆ ਹੋਣ ਕਰਕੇ ਆਪਣੇ ਇਲਾਕੇ ਦਾ ਵਿਕਾਸ ਮੇਰੀ ਵਿਸ਼ੇਸ਼ ਤਰਜੀਹ ਰਹੇਗੀ।ਜ਼ਿਕਰਯੋਗ ਹੈ ਕਿ ਐਡਵੋਕੇਟ ਬਿਕਰਮਜੀਤ ਪਾਸੀ ਰੋਜ਼ਾਨਾ ਵੱਖ-ਵੱਖ ਟੀਵੀ ਚੈਨਲਾਂ ’ਤੇ ਹੋਣ ਵਾਲੀਆਂ ਸਿਆਸੀ ਬਹਿਸਾਂ ਵਿੱਚ ਨਿਯਮਿਤ ਤੌਰ ’ਤੇ ਹਿੱਸਾ ਲੈਂਦੇ ਹਨ। ਉਹ ਰੋਜ਼ਾਨਾ ਸੂਬਾਈ ਤੇ ਨੈਸ਼ਨਲ ਚੈਨਲਾਂ ਤੇ ਚਾਰ-ਪੰਜ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਪੰਜਾਬ ਅਤੇ ਦੇਸ਼ ਦੇ ਵੱਖ-ਵੱਖ ਮੁੱਦਿਆਂ ’ਤੇ ਤਰਕਪੂਰਨ ਵਿਚਾਰ-ਚਰਚਾ ਕਰਦਿਆਂ ਆਪਣੀ ਪਾਰਟੀ ਦਾ ਪੱਖ ਮਜ਼ਬੂਤੀ ਨਾਲ ਪੇਸ਼ ਕਰਨ ਦੀ ਸਮਰੱਥਾ ਰੱਖਦੇ ਹਨ।

# ਸ਼ਹੀਦਾਂ ਦੀ ਯਾਦ ਵਿਚ 11 ਸਤੰਬਰ ਨੂੰ ਹੋਵੇਗਾ ਵਿਸ਼ੇਸ਼ ਸਮਾਗਮ : ਧਾਲੀਵਾਲ

**ਫ਼ਿਰੋਜ਼ਪੁਰ, 08 ਸਤੰਬਰ (ਮਨੋਹਰ ਲਾਲ)** :— ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 11 ਸਤੰਬਰ 2026 ਨੂੰ ਸ਼ਹੀਦ ਮਾਤਾ ਅੰਮਿਤਾ ਦੇਵੀ ਸ਼ਹੀਦੀ ਸਮਾਰਕ ਪਿੰਡ ਮਹਰਾਜਪੁਰ ਸੀਤੋ ਗੁੰਨੋ ਤਹਿਸੀਲ ਅਬੋਹਰ ਜਿਲ੍ਹਾ ਫਾਜ਼ਿਲਕਾ ਵਿਖੇ ਵਣ ਸ਼ਹੀਦੀ ਦਿਵਸ ਮਨਾਇਆ ਜਾਏਗਾ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਨੇ ਦੱਸਿਆ ਕਿ ਇਸ ਵਣ ਸ਼ਹੀਦੀ ਦਿਵਸ ਦੀਆਂ ਤਿਆਰੀਆਂ ਅਤੇ ਸਮਾਗਮ ਦੀ ਰੂਪਰੇਖਾ ਤਿਆਰ ਕਰਨ ਲਈ ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਵੱਲੋਂ ਵਣ ਰੇਂਜ ਅਫ਼ਸਰ ਅਬੋਹਰ ਅਤੇ ਵਣ ਰੇਂਜ ਅਫ਼ਸਰ ਜੰਗਲੀ ਜੀਵ ਅਬੋਹਰ ਨਾਲ ਮਿਤੀ 9 ਸਤੰਬਰ ਦਿਨ ਬੁੱਧਵਾਰ ਸਵੇਰੇ 11 ਵਜੇ ਵਿਸ਼ੇਸ਼ ਮੀਟਿੰਗ ਵਣ ਰੇਂਜ ਦਫਤਰ ਅਬੋਹਰ ਵਿੱਖੇ ਹੋਵੇਗੀ। ਇਸ ਮੀਟਿੰਗ ਵਿੱਚ ਵੱਖ—ਵੱਖ ਰੇਜਾਂ ਦੇ ਵਣ ਮੁਲਾਜਮ, ਸੇਵਾ ਮੁਕਤ ਵਣ ਕਰਮਚਾਰੀ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਣਗੇ। ਇਸ ਮੀਟਿੰਗ ਸਬੰਧੀ ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਬਲਵਿੰਦਰ ਸਿੰਘ ਸੰਧੂ, ਸਰਪਰਸਤ ਜਗਦੀਪ ਸਿੰਘ ਢਿੱਲੋਂ ਅਤੇ ਜਨਰਲ ਸਕੱਤਰ ਮੋਹਿੰਦਰ ਸਿੰਘ ਧਾਲੀਵਾਲ ਨੇ ਸਾਂਝੇ ਪ੍ਰੈਸ ਬਿਆਨ ਰਾਹੀਂ ਦੱਸਿਆ ਕਿ ਸਾਲ 2005 ਤੋਂ ਇਹ ਵਣ ਸ਼ਹੀਦੀ ਦਿਵਸ ਭੁਪਾਲ ਮੱਧ ਪ੍ਰਦੇਸ਼ ਤੋਂ ਉਨ੍ਹਾਂ ਵਣ ਸ਼ਹੀਦਾਂ ਦੀ ਯਾਦ ਵਿੱਚ ਮਨਾਉਣਾ ਸ਼ੁਰੂ ਕੀਤਾ ਗਿਆ ਸੀ ਜਿਨਾਂ ਅਪਣੀ ਅਪਣੀ ਸ਼ਹੀਦੀ ਲੈਂਡ ਮਾਫੀਆ, ਜੰਗਲੀ ਜੀਵਾਂ ਦੀ ਰਾਖੀ ਲਈ ਸ਼ਿਕਾਰੀਆਂ ਨਾਲ ਅਤੇ ਰੁੱਖਾਂ ਦੀ ਰਾਖ਼ੀ ਕਰਦੇ ਦਿਤੀ ਸੀ। ਉਨ੍ਹਾਂ ਦੱਸਿਆ ਕਿ ਇਸੇ ਲੜੀ ਵਿੱਚ ਰਾਜਸਥਾਨ ਦੇ ਜ਼ਿਲ੍ਹਾ ਜੋਧਪੁਰ ਦੇ ਖੇਜਰੀ ਪਿੰਡ ਵਿਖੇ ਰੁੱਖਾਂ ਦੀ ਰਾਖ਼ੀ ਕਰਦੇ ਮਾਤਾ ਅੰਮ੍ਰਿਤਾ ਦੇਵੀਂ ਦੀ ਅਗਵਾਈ ਵਿੱਚ ਆਸਪਾਸ ਦੇ ਇਲਾਕਿਆਂ ਦੇ ਤਕਰੀਬਨ 363 ਲੋਕਾਂ ਨੇ ਸ਼ਹੀਦੀਆਂ ਪ੍ਰਾਪਤ ਕੀਤੀਆਂ, ਜਿੰਨਾ ਦੀ ਯਾਦ ਵਿੱਚ ਪੰਜਾਬ ਸਰਕਾਰ ਅਤੇ ਵਣ ਵਿਭਾਗ ਵੱਲੋਂ ਸੀਤੋ ਗੁੰਨੋ ਦੇ ਨਜਦੀਕ ਪਿੰਡ ਮਹਿਰਾਜਪੁਰ ਤਹਿਸੀਲ ਅਬੋਹਰ ਜਿਲ੍ਹਾ ਫਾਜ਼ਿਲਕਾ ਵਿਖੇ ਛੇ ਏਕੜ ਦਾ ਬਹੁਤ ਸੁੰਦਰ ਪਾਰਕ ਬਣਾਇਆ ਗਿਆ ਹੈ ਜਿਥੇ ਜੋਧਪੁਰ ਦੇ ਰਾਜਾ ਅਭੇ ਸਿੰਘ ਵੱਲੋਂ ਰੁੱਖਾਂ ਦੀ ਕਟਾਈ ਲਈ ਭੇਜੇ ਸੈਨਿਕਾਂ ਨੂੰ ਰੁੱਖ ਕੱਟਣ ਤੋਂ ਰੋਕਣ ਸਮੇਂ 363 ਲੋਕਾਂ ਸ਼ਹੀਦੀਆਂ ਪ੍ਰਾਪਤ ਕਰਨ ਵਾਲ਼ੇ ਸ਼ਹੀਦਾਂ ਦੇ ਨਾਮ ਦਰਜ਼ ਕੀਤੇ ਗਏ ਹਨ। ਇਸ ਬਾਰੇ ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਵੱਲੋਂ ਮਿਤੀ 26/8/2026 ਨੂੰ ਪ੍ਰਧਾਨ ਮੁੱਖ ਵਣ ਪਾਲ ਪੰਜਾਬ ਨਾਲ ਮੀਟਿੰਗ ਕਰਕੇ ਸ਼ਹੀਦ ਮਾਤਾ ਅੰਮ੍ਰਿਤਾ ਦੇਵੀ ਪਾਰਕ ਦੀ ਸਾਂਭ ਸੰਭਾਲ ਲਈ ਵਿਸ਼ੇਸ਼ ਫੰਡ ਦੇਣ ਅਤੇ ਵਣ ਵਿਭਾਗ ਦੇ ਸ਼ਹੀਦ ਹੋਏ ਵਣ ਮੁਲਾਜ਼ਮਾਂ ਦੇ ਵਾਰਸਾਂ ਨੂੰ ਸਨਮਾਨਿਤ ਕਰਨ ਦੀ ਮੰਗ ਕੀਤੀ। ਵਣ ਸ਼ਹੀਦੀ ਦਿਵਸ ਨੂੰ ਕਾਮਯਾਬ ਕਰਨ ਲਈ ਮੀਟਿੰਗ ਵਿੱਚ ਬਾਰੀਕੀ ਨਾਲ ਵਿਚਾਰ ਵਟਾਂਦਰਾ ਕੀਤਾ ਜਾਵੇਗਾ।

# ਭਗਵੰਤ ਮਾਨ ਸਰਕਾਰ ਪੰਜਾਬ ਨੂੰ ਚਿੱਟਾ ਨਸ਼ਾ ਮੁਕਤ ਕਰਨ ਵਿੱਚ ਫੇਲ੍ਹ ਸਾਬਿਤ ਹੋਈ:-ਜਥੇਦਾਰ ਹਰਚੰਦ ਸਿੰਘ ਚਕਰ

**ਐਡਮਿੰਟਨ/ਕਨੇਡਾ, 9 ਸਤੰਬਰ (ਜਗਮੀਤ ਸਿੰਘ ਬਾਠ)**-ਪੰਜਾਬ ਵਿੱਚ ਚਿੱਟੇ ਵਰਗੇ ਮਾਰੂ ਨਸ਼ੇ ਨਾਲ ਪੰਜਾਬ ਦੇ ਨੌਜਵਾਨ ਮਰ ਰਹੇ ਹਨ ਜੋ ਕਿ ਬਹੁਤ ਚਿੰਤਾ ਦਾ ਵਿਸ਼ਾ ਹੈ ਜਿਸ ਸਬੰਧੀ ਜਾਗਰੂਕ ਲੋਕ, ਸਮਾਜ ਸੇਵੀ ਜੱਥੇਬੰਦੀਆਂ ਅਤੇ ਧਾਰਮਿਕ ਜਥੇਬੰਦੀ ਆਂ ਸਮੇਂ -ਸਮੇਂ ਅਵਾਜ ਬੁਲੰਦ ਕਰਦੀਆਂ ਰਹਿੰਦੀਆਂ ਹਨ ਪ੍ਰੰਤੂ ਚਿੱਟੇ ਨਸ਼ੇ ਤੇ ਸਿਆਸਤ ਕਰਦਿਆ 2017 ਵਿੱਚ ਸ੍ਰੀ ਦਮਦਮਾ ਸਾਹਿਬ ਦੀ ਧਰਤੀ ਤੇ ਕੈਪਟਨ ਅਮਰਿੰਦਰ ਸਿੰਘ ਨੇ ਗੁੱਟਕਾ ਸਾਹਿਬ ਹੱਥ ਵਿੱਚ ਫੜ੍ਹ ਕੇ ਸੌਹ ਖਾਧੀ ਸੀ ਕਿ ਮੈਂ ਆਪਣੀ ਸਰਕਾਰ ਬਣਨ ਤੋਂ ਚਾਰ ਮਹੀਨਿਆਂ ਵਿੱਚ ਨਸ਼ਾ ਮੁਕਤ ਪੰਜਾਬ ਬਣਾ ਦਿਆਂਗਾ ਪ੍ਰੰਤੂ ਪੰਜ ਸਾਲਾਂ ਵਿੱਚ ਵੀ ਨਸ਼ਾ ਬੰਦ ਨਹੀਂ ਹੋਇਆ 2022 ਵਿੱਚ ਆਮ ਆਦਮੀ ਦੇ ਨਾਮ ਤੇ ਬਣਾਈ ਪਾਰਟੀ (ਕੇਜਰੀਵਾਲ ਐਂਡ ਕੰਪਨੀ) ਨੇ ਵੀ ਚਿੱਟੇ ਨਸ਼ੇ ਤੇ ਸਿਆਸਤ ਕਰਦਿਆ ਪੰਜਾਬ ਦੇ ਲੋਕਾਂ ਨਾਲ ਵਾਅਦਾ ਕੀਤਾ ਕਿ ਸਾਡੀ ਸਰਕਾਰ ਬਣਾਓ ਪੰਜਾਬ ਵਿੱਚੋਂ ਚਿੱਟਾ ਇੱਕ ਮਹੀਨੇ ਵਿੱਚ ਬੰਦ ਕਰ ਦਿਆਂਗੇ ਪੰਜਾਬ ਦੇ ਲੋਕਾਂ ਨੇ ਵਿਸਵਾਸ਼ ਕਰਦਿਆ ਵੱਡੀ ਗਿਣਤੀ ਵਿੱਚ ਵੋਟਾ ਪਾ ਪੂਰਨ ਬਹੁਮਤ ਨਾਲ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਬਣਾਈ ਸਰਕਾਰ ਨੇ ਨਸ਼ਾ ਮੁਕਤ ਪੰਜਾਬ ਦੀ ਮੁਹਿੰਮ ਵੀ ਚਲਾਈ ਜਿਸ ਦਾ ਕੋਈ ਵੀ ਰਿਜ਼ਲਟ ਸਾਹਮਣੇ ਨਹੀਂ ਆਇਆ ਇਸ ਸਰਕਾਰ ਦਾ ਸਮਾਂ ਪੂਰਾ ਹੋਣ ਵਿੱਚ ਵੀ ਕੁੱਝ ਮਹੀਨੇ ਬਾਕੀ ਰਹਿੰਦੇ ਹਨ ਪਰ ਚਿੱਟਾ ਨਸ਼ਾ ਬੰਦ ਹੋਣ ਦੀ ਬਜਾਏ ਵਧ ਗਿਆ ਹੈ ਪੂਰੇ ਪੰਜਾਬ ਵਿੱਚ ਹਰ ਰੋਜ ਚਿੱਟੇ ਨਸ਼ੇ ਨਾਲ ਮੌਤਾਂ ਦੀ ਗਿਣਤੀ ਵਿੱਚ ਵਾਧਾ ਹੋ ਰਿਹਾ ਹੈ ਪੰਜਾਬ ਸਰਕਾਰ ਦੇ ਪਿੰਡਾਂ ਵਿੱਚ ਸੰਗਤ ਦਰਸ਼ਨ ਪ੍ਰੋਗਰਾਮਾਂ ਦੌਰਾਨ ਲੋਕਾਂ ਵੱਲੋਂ ਸੁਆਲ ਕੀਤੇ ਜਾਂਦੇ ਹਨ ਲੋਕਾਂ ਦੇ ਸੁਆਲਾਂ ਦੇ ਜਵਾਬ ਦੇਣ ਦੀ ਬਜਾਏ ਉਹਨਾਂ ਨੂੰ ਪੁਲਸ ਥਾਣਿਆਂ ਵਿੱਚ ਲਿਜਾ ਕੇ ਤਸੱਦਦ ਕੀਤਾ ਜਾਂਦਾ ਹੈ ਇਹਨਾਂ ਗੱਲਾਂ ਦਾ ਪ੍ਰਗਟਾਵਾ ਜਥੇਦਾਰ ਹਰਚੰਦ ਸਿੰਘ ਚਕਰ ਪੰਜਾਬ ਪ੍ਰਧਾਨ ਪੰਥਕ ਅਕਾਲੀ ਦਲ (ਜੋ ਇਸ ਸਮੇਂ ਕਨੇਡਾ ਫੇਰੀ ਤੇ ਹਨ ) ਨੇ ਵਿਸੇਸ਼ ਮਿਲਣੀ ਦੌਰਾਨ ਕੀਤਾ ਉਹਨਾਂ ਅੱਗੇ ਕਿਹਾ ਕਿ ਇਨਸਾਫ ਪਸੰਦ ਲੋਕ,ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦਾ ਭਲਾ ਚਾਹੁਣ ਵਾਲੀਆ ਸਿਆਸੀ ਪਾਰਟੀਆ,ਨਿਹੰਗ ਸਿੰਘ ਜਥੇਬੰਦੀਆ,ਧਾਰਮਿਕ ਜਥੇਬੰਦੀਆਂ ਅਤੇ ਕਿਸਾਨ ਯੂਨੀਅਨਾਂ ਨੂੰ ਇੱਕ ਨਿਸ਼ਾਨ ਸਾਹਿਬ ਹੇਠ ਇਕੱਠੇ ਹੋ ਕੇ 2027 ਦੀਆ ਵਿਧਾਨ ਸਭਾ ਚੋਣਾਂ ਵਿੱਚ ਆਪਣੇ ਉਮੀਦਵਾਰ ਮੈਦਾਨ ਵਿੱਚ ਉਤਾਰਨੇ ਚਾਹੀਦੇ ਹਨ



# ਢਿੱਲੋਂ ਦੀ ਕੋਠੀ ਤੇ ਲੱਗੀ ਪੀਐਮ ਮੋਦੀ ਦੀ ਫੋਟੋ ਤੇ ਸਿਆਹੀ ਮਲਣ ਅਤੇ ਪਾੜ ਕੇ ਸਿੱਟਣ ਵਾਲੇ ਹੁੱਲੜਬਾਜਾਂ ਤੇ ਕਾਨੂੰਨੀ ਕਾਰਵਾਈ ਦੀ ਮੰਗ ਲਈ ਐੱਸ ਐੱਸ ਪੀ ਨੂੰ ਦਿੱਤਾ ਮੰਗ ਪੱਤਰ: ਕੈਪਟਨ ਸਿੱਧੂ

**ਬਰਨਾਲਾ, 8 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਡੈਮੋਕਰੇਸੀ ਵਿੱਚ ਹਰ ਇੱਕ ਨੂੰ ਅਧਿਕਾਰ ਹੈ ਕਿ ਉਹ ਰੋਸ ਪ੍ਰਦਰਸ਼ਨ ਕਰੇ ਪ੍ਰੰਤੂ ਜਿਸ ਤਰ੍ਹਾਂ ਦਾ ਰੋਸ ਪ੍ਰਦਰਸ਼ਨ ਕਾਂਗਰਸੀ ਯੂਥ ਵਰਕਰਾਂ ਨੇ ਭਾਜਪਾ ਦੇ ਸੂਬਾ ਪ੍ਰਧਾਨ ਸਰਦਾਰ ਕੇਵਲ ਸਿੰਘ ਢਿੱਲੋਂ ਦੀ ਕੋਠੀ ਅੱਗੇ ਕੀਤਾ ਇਹ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਕੋਠੀ ਦੀ ਬਾਹਰਲੀ ਕੰਧ ਤੇ ਲੱਗੇ ਹੋਰਡਿੰਗ ਵਿੱਚ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ ਦੀ ਤਸਵੀਰ ਉੱਤੇ ਸਿਆਹੀ ਮਲਣ ਅਤੇ ਸੂਬਾ ਪ੍ਰਧਾਨ ਅਤੇ ਹਾਈ ਕਮਾਂਡ ਦੀਆਂ ਫੋਟੋਜ਼ ਲੱਗੀਆਂ ਸਨ ਉਸ ਹੋਰਡਿੰਗ ਨੂੰ ਪਾੜ ਕੇ ਸਿੱਟਣਾ ਬਹੁਤ ਹੀ ਮੰਦਭਾਗੀ ਗੱਲ ਹੈ ਅਸੀਂ ਜਿਲਾ ਪ੍ਰਸ਼ਾਸਨ ਤੋਂ ਪੁਰਜੋਰ ਮੰਗ ਕਰਦੇ ਆਂ ਕਿ ਉਕਤ ਹੁਲੜਬਾਜਾਂ ਤੇ ਸਖਤ ਤੋਂ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਇਹ ਮੰਗ ਭਾਜਪਾ ਦੇ ਸੀਨੀਅਰ ਆਗੂ ਕੈਪਟਨ ਗੁਰਜਿੰਦਰ ਸਿੰਘ ਸਿੱਧੂ ਨੇ ਸਾਬਕਾ ਸੈਨਿਕਾਂ ਦੇ ਵਫਦ ਦੇ ਨਾਲ਼ ਅੱਜ ਐਸ ਪੀ ਬਰਨਾਲਾ ਨੂੰ ਮੰਗ ਪੱਤਰ ਦੇਕੇ ਕੀਤੀ ਉਹਨਾਂ ਕਿਹਾ ਕਿ ਪ੍ਰੋਟੋਕਾਲ ਮੁਤਾਬਕ ਸ੍ਰੀ ਨਰਿੰਦਰ ਮੋਦੀ ਜੀ ਸਮੁੱਚੇ ਦੇਸ਼ ਦੀ ਦੁਨੀਆ ਵਿੱਚ ਅਗਵਾਈ ਕਰਦੇ ਨੇ ਅਤੇ ਉਹਨਾਂ ਦੀ ਫੋਟੋ ਦਾ ਨਿਰਾਦਰ ਪੂਰੇ ਦੇਸ਼ ਦਾ ਨਿਰਾਦਰ ਹੈ ਸੰਵਿਧਾਨ ਦਾ ਨਿਰਾਦਰ ਹੈ ਕਿਉਂਕਿ ਉਹ ਸੰਵਿਧਾਨਿਕ ਤੌਰ ਤੇ ਦੇਸ਼ ਦੇ ਪ੍ਰਧਾਨ ਮੰਤਰੀ ਹਨ ਕਲ ਸਾਡੇ ਜ਼ਿਲ੍ਹਾ ਪ੍ਰਧਾਨ ਨਰਿੰਦਰ ਗਰਗ ਨੀਟਾ ਨੈ ਭੀ ਇਸ ਖਿਲਾ੍ਫ ਜ਼ੋਰਦਾਰ ਵਿਰੋਧ ਕੀਤਾ ਹੈ ਇਸ ਲਈ ਅਸੀਂ ਪੁਰਜੋਰ ਮੰਗ ਕਰਦੇ ਹਾ ਕਿ ਜਿਸ ਬੰਦੇ ਨੇ ਵੀ ਇਹ ਘਿਨਾਉਣੀ ਹਰਕਤ ਕੀਤੀ ਹੈ ਉਸ ਤੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ ਇਸ ਮੌਕੇ ਸੂਬੇਦਾਰ ਰਾਜ ਸਿੰਘ ਕੈਪਟਨ ਬਿੱਕਰ ਸਿੰਘ ਵਾਰੰਟ ਅਫ਼ਸਰ ਬਲਵਿੰਦਰ ਸਿੰਘ ਢੀਂਡਸਾ। ਹੌਲਦਾਰ ਬਸੰਤ ਸਿੰਘ ਓਗੋਕੇ ਹੌਲਦਾਰ ਰੂਪ ਸਿੰਘ ਆਦਿ ਆਗੂ ਹਾਜਰ ਸਨ।

### ਸੰਗਤ ਦੀ ਸਹੂਲਤ ਲਈ ਗੁਰਦੁਆਰਾ ਬੰਗਲਾ ਸਾਹਿਬ 'ਚ

# ਕੜਾਹ ਪ੍ਰਸਾਦਿ ਪਰਚੀ ਲਈ ਲਗੀ ਆਟੋਮੈਟਿਕ ਸੈਲਫ਼-ਸਰਵਿਸ ਮਸ਼ੀਨ



ਨਵੀਂ ਦਿੱਲੀ, 8 ਸਤੰਬਰ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੀ ਚਰਨਛੋਹ ਪ੍ਰਾਪਤ ਇਤਿਹਾਸਕ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਸੰਗਤ ਦੀ ਸਹੂਲਤ ਲਈ ਕੜਾਹ ਪ੍ਰਸਾਦਿ ਦੀ ਪਰਚੀ ਪ੍ਰਾਪਤ ਕਰਨ ਵਾਸਤੇ ਆਟੋਮੈਟਿਕ ਸੈਲਫ਼-ਸਰਵਿਸ ਮਸ਼ੀਨ ਸਥਾਪਿਤ ਕੀਤੀ ਗਈ ਹੈ। ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਮਸ਼ੀਨ ਦੀ ਸ਼ੁਰੂਆਤ ਹੈੱਡ ਗ੍ਰੰਥੀ ਗਿਆਨੀ ਰਣਜੀਤ ਸਿੰਘ ਵੱਲੋਂ ਅਰਦਾਸ ਉਪਰੰਤ ਕੀਤੀ ਗਈ। ਇਹ ਮਸ਼ੀਨ ਐਕਸਿਸ ਬੈਂਕ ਵੱਲੋਂ ਸਥਾਪਿਤ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਮਸ਼ੀਨ 'ਤੇ ਮੌਜੂਦ ਕਿਊਆਰ ਕੋਡ ਰਾਹੀਂ ਸੰਗਤ ਬਿਨਾਂ ਲਾਈਨ ਵਿੱਚ ਲੱਗਿਆਂ ਕੜਾਹ ਪ੍ਰਸਾਦਿ ਦੀ ਪਰਚੀ ਆਸਾਨੀ ਨਾਲ ਪ੍ਰਾਪਤ ਕਰ ਸਕੇਗੀ। ਗੁਰਪੁਰਬਾਂ ਅਤੇ ਛੁੱਟੀ ਵਾਲੇ ਦਿਨਾਂ ਦੌਰਾਨ ਵੱਡੀ ਗਿਣਤੀ ਵਿੱਚ ਪਹੁੰਚਣ ਵਾਲੀ ਸੰਗਤ ਲਈ ਇਹ ਸਹੂਲਤ ਵਿਸ਼ੇਸ਼ ਤੌਰ 'ਤੇ ਲਾਹੇਵੰਦ ਰਹੇਗੀ। ਕਾਲਕਾ ਅਤੇ ਕਾਹਲੋਂ ਨੇ ਕਿਹਾ ਕਿ ਸੰਗਤ ਦੀ ਸਹੂਲਤ ਅਤੇ ਬਿਹਤਰ ਸੇਵਾ ਨੂੰ ਧਿਆਨ ਵਿੱਚ ਰੱਖਦਿਆਂ ਆਉਣ ਵਾਲੇ ਸਮੇਂ ਵਿੱਚ ਦਿੱਲੀ ਦੇ ਹੋਰ ਗੁਰਦੁਆਰਾ ਸਾਹਿਬਾਨ ਵਿਖੇ ਵੀ ਅਜਿਹੀਆਂ ਮਸ਼ੀਨਾਂ ਸਥਾਪਿਤ ਕੀਤੀਆਂ ਜਾਣਗੀਆਂ। ਉਨ੍ਹਾਂ ਇਸ ਉਪਰਾਲੇ ਲਈ ਐਕਸਿਸ ਬੈਂਕ ਦੇ ਅਧਿਕਾਰੀਆਂ ਦਾ ਧੰਨਵਾਦ ਕੀਤਾ।

### ਜਗਰਾਉਂ 'ਚ ਬਿਜਲੀ ਮੁਲਾਜ਼ਮਾਂ ਵੱਲੋਂ ਪੰਜਾਬ ਸਰਕਾਰ ਵਿਰੁੱਧ ਰੋਸ ਮੁਜ਼ਾਹਰਾ

# ਡੀ.ਏ.ਜਾਰੀ ਨਾ ਕੀਤਾ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕਰਾਂਗੇ : ਆਗੂ



**ਜਗਰਾਉਂ, (ਵਰਿਆਮ ਹਠੂਰ)**-ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ ਦੀ ਸਾਂਝੀ ਤਾਲਮੇਲ ਕਮੇਟੀ ਦੇ ਸੱਦੇ 'ਤੇ ਸਿਵਿਲ ਸਕੱਤਰੇਤ ਅਤੇ ਜ਼ਿਲਾ ਸਕੱਤਰੇਤ ਦੇ ਕਰਮਚਾਰੀਆਂ ਦੇ ਹੜਤਾਲ ਦੇ ਸਮਰਥਨ ਵਿੱਚ ਅੱਜ ਜਗਰਾਉਂ ਵਿਖੇ ਬਿਜਲੀ ਮੁਲਾਜ਼ਮਾਂ ਵੱਲੋਂ ਟੈਕਨੀਕਲ ਸਰਵਿਸ ਯੂਨੀਅਨ ਤੇ ਜੁਆਇੰਟ ਫੋਰਮ ਪੰਜਾਬ ਦੀ ਅਗਵਾਈ ਹੇਠ ਰੋਸ ਮੁਜ਼ਾਹਰਾ ਕੀਤਾ ਗਿਆ। ਇਸ ਮੌਕੇ ਬਿਜਲੀ ਮੁਲਾਜ਼ਮਾਂ ਨੂੰ ਸੰਬੋਧਨ ਕਰਦੇ ਹੋਏ ਟੀ.ਐਸ.ਯੂ. ਦੇ ਡਵੀਜ਼ਨ ਪ੍ਰਧਾਨ ਤੇ "ਬਿਜਲੀ ਕਾਮਾ" ਪੰਜਾਬ ਦੇ ਕੈਸ਼ੀਅਰ ਅਵਤਾਰ ਸਿੰਘ ਕਲੇਰ, ਜੋਨਲ ਪ੍ਰਧਾਨ ਸੁਖਵਿੰਦਰ ਸਿੰਘ ਕਾਉਂਕੇ ਤੇ ਡਵੀਜ਼ਨ ਆਗੂ ਪਰਮਜੀਤ ਸਿੰਘ ਚੀਮਾਂ ਨੇ ਪੰਜਾਬ ਸਰਕਾਰ ਦੇ ਮੁਲਾਜ਼ਮਾਂ ਪ੍ਰਤੀ ਅੱਖੜ ਰਵਈਏ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਮੰਗ ਕੀਤੀ ਕਿ ਪੰਜਾਬ ਭਰ ਦੇ ਸਾਰੇ ਮੁਲਾਜ਼ਮਾਂ ਦਾ 18 ਪ੍ਰਤੀਸ਼ਤ ਡੀ.ਏ. ਸਮੇਤ ਬਕਾਇਆ ਜਾਰੀ ਕੀਤਾ ਜਾਵੇ, 2004 ਤੋਂ ਬਾਅਦ ਭਾਰਤੀ ਹੋਏ ਸਾਰੇ ਮੁਲਾਜ਼ਮਾਂ ਉੱਪਰ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ, 17 ਜੁਲਾਈ 2020 ਨੂੰ ਜਾਰੀ ਕੇਂਦਰੀ ਤਨਖਾਹ ਸਕੇਲ ਦੇਣ ਦਾ ਪੱਤਰ ਰੱਦ ਕੀਤਾ ਜਾਵੇ, ਨਵੀਂ ਭਰਤੀ ਉੱਪਰ 35400 ਦਾ ਸਕੇਲ ਲਾਗੂ ਕੀਤਾ ਜਾਵੇ, ਮੁਲਾਜ਼ਮ ਆਗੂਆਂ ਦੀਆਂ ਕੀਤੀਆਂ ਗਈਆਂ ਨਜਾਇਜ਼ ਬਦਲੀਆਂ ਰੱਦ ਕੀਤੀਆਂ ਜਾਣ, ਤਨਖਾਹਾਂ ਸਬੰਧੀ ਗਲਤ ਅੰਕੜੇ ਪੇਸ਼ ਕਰਕੇ ਮੁਲਾਜ਼ਮਾਂ ਨੂੰ ਬਦਨਾਮ ਕਰਨਾ ਬੰਦ ਕੀਤਾ ਜਾਵੇ। ਆਗੂਆਂ ਨੇ ਆਖਿਆ ਕਿ ਜੇਕਰ ਮੰਗਾਂ ਨਾ ਮੰਨੀਆਂ ਗਈਆਂ, ਤਾਂ ਸੰਘਰਸ਼ ਨੂੰ ਹੋਰ ਵੀ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਵਿੰਦਰ ਸਿੰਘ ਸਵੱਦੀ, ਭੁਪਿੰਦਰ ਸਿੰਘ ਸੇਖੋਂ, ਅਪਤਿੰਦਰ ਸਿੰਘ ਸਿੱਧੂ, ਮਨਜੀਤ ਕੁਮਾਰ, ਅਮਨਦੀਪ ਸਿੰਘ ਡੱਲਾ, ਅਜਮੇਰ ਸਿੰਘ ਕਲੇਰ, ਕੁਲਦੀਪ ਸਿੰਘ ਮਲਕ, ਸੁਖਚੈਨ ਸਿੰਘ ਜੇਈ, ਹਰਪ੍ਰੀਤ ਸਿੰਘ ਜੇਈ, ਹਰਮੇਲ ਸਿੰਘ ਜੇਈ, ਹਰਵਿੰਦਰ ਸਿੰਘ ਚੀਮਨਾਂ ਜੇਈ, ਹਰਦੀਪ ਸਿੰਘ ਢੋਲਣ, ਰਣਜੀਤ ਸਿੰਘ, ਅੰਮ੍ਰਿਤਪਾਲ ਸਿੰਘ, ਰਾਮ ਚੰਦਰ, ਮਨਦੀਪ ਸਿੰਘ ਭਦੌੜ, ਕਰਮਜੀਤ ਸਿੰਘ, ਮਨਦੀਪ ਸਿੰਘ ਕਮਾਲਪੁਰਾ, ਗੁਰਪ੍ਰੀਤ ਸਿੰਘ, ਸੁਰਿੰਦਰ ਸਿੰਘ ਛਿੰਦਾ ਕਲੇਰ, ਗੁਰਿੰਦਰ ਸਿੰਘ ਡਾਂਗੀਆਂ, ਮਾਨਵਪ੍ਰੀਤ ਸਿੰਘ, ਅਲੋਕ ਕੁਮਾਰ ਹਰਿਆਣਾ, ਰਿੰਕੂ ਸਿੰਘ, ਇੰਦਰਜੀਤ ਸਿੰਘ, ਤਕਦੀਰ ਸਿੰਘ, ਸਨਮ ਕਾਉਂਕੇ, ਸਿਮਰਨ ਸਿੰਘ, ਪਵਨਦੀਪ ਸਿੰਘ, ਅਮਰਜੀਤ ਸਿੰਘ ਆਦਿ ਨੇ ਵੀ ਪੰਜਾਬ ਸਰਕਾਰ ਦੇ ਮੁਲਾਜ਼ਮ ਵਿਰੋਧੀ ਅੜੀਅਲ ਰਵੱਈਏ ਦੀ ਆਲੋਚਨਾ ਕਰਦਿਆਂ ਤਿੱਖੀ ਨਾਹਰੇਬਾਜੀ ਕੀਤੀ।



# ਸੈਂਟ ਪੀਟਰ ਕੌਨਵੇਂਟ ਸਕੂਲ ਦੀ ਡਾਇਰੈਕਟਰ ਰਣਜੀਤ ਸੰਧੂ ਸਨਮਾਨਿਤ



**ਚੌਕ ਮਹਿਤਾ, 8 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਾਣ ਧੀਆਂ 'ਤੇ ਸਮਾਜ ਭਲਾਈ ਸੋਸਾਇਟੀ (ਰਜਿ) ਅੰਮ੍ਰਿਤਸਰ ਵੱਲੋਂ ਅਧਿਆਪਕ ਦਿਵਸ ਮੌਕੇ ਸੈਂਟ ਪੀਟਰ ਕੌਂਨਵੇਂਟ ਸਕੂਲ ਨਰੈਣਗੜ (ਛੇਹਰਟਾ) ਵਿਖ਼ੇ ਕਰਵਾਏ ਗਏ ਸਾਦੇ ਅਤੇ ਪ੍ਰਭਾਵਸ਼ਾਲੀ ਸਮਾਰੋਹ ਦੌਰਾਨ ਸਕੂਲ ਦੇ ਡਾਇਰੈਕਟਰ ਸ਼੍ਰੀਮਤੀ ਰਣਜੀਤ ਸੰਧੂ ਨੂੰ ਅਧਿਆਪਕ ਵਰਗ ਅਤੇ ਸਮਾਜ ਦੀ ਭਲਾਈ ਲਈ ਨਿਭਾਈਆਂ ਗਈਆਂ ਸ਼ਾਨਦਰ ਸੇਵਾਵਾਂ ਪ੍ਰਦਾਨ ਕਰਨ ਬਦਲੇ ਵਿਸ਼ੇਸ ਤੌਰ ਤੇ ਸਨਮਾਨਿਤ ਕੀਤਾ ਗਿਆ 9 ਇਸ ਮੌਕੇ ਪ੍ਰਧਾਨ ਗੁਰਿੰਦਰ ਸਿੰਘ ਮੱਟੂ ਨੇ ਵਧੇਰੇ ਜਾਣਕਾਰੀ ਦਿੰਦਿਆਂ ਕਿਹਾ ਸ਼੍ਰੀਮਤੀ ਸੰਧੂ ਨੇ ਆਪਣੇ ਲੰਮੇ ਅਧਿਆਪਨ ਜੀਵਨ ਦੌਰਾਨ ਸਿੱਖਿਆ ਨੂੰ ਸਿਰਫ਼ ਕਿਤਾਬੀ ਗਿਆਨ ਤੱਕ ਸੀਮਿਤ ਨਹੀਂ ਰੱਖਿਆ,ਸਗੋਂ ਵਿਦਿਆਰਥੀਆਂ ਵਿੱਚ ਚੰਗੇ ਸੰਸਕਾਰ, ਅਨੁਸ਼ਾਸਨ ,ਮਾਨਵਤਾ, ਜ਼ਿੰਮੇਵਾਰੀ ਅਤੇ ਸਮਾਜ ਪ੍ਰਤੀ ਆਪਣੀ ਭੂਮਿਕਾ ਨਿਭਾਉਣ ਦੀ ਭਾਵਨਾ ਪੈਦਾ ਕਰਨ ਲਈ ਨਿਰੰਤਰ ਯਤਨ ਕੀਤੇ ਹਨ ਅਤੇ ਵੱਖ-ਵੱਖ ਸਮਾਜਿਕ ਯੋਗਦਾਨ ਪਾਉਣ ਸਦਕਾ ਸਨਮਾਨ ਚਿੰਨ੍ਹ ,ਸਨਮਾਨ ਪੱਤਰ ਅਤੇ ਦੁਸ਼ਾਲਾ ਭੇਟ ਕਰਕੇ ਉਨ੍ਹਾਂ ਦੀਆਂ ਲੰਮੀ ਅਤੇ ਨਿਰਸਵਾਰਥ ਸੇਵਾਵਾਂ ਪ੍ਰਤੀ ਧੰਨਵਾਦ ਅਤੇ ਸਤਿਕਾਰ ਪ੍ਰਗਟ ਕੀਤਾ ਗਿਆ। ਸੰਸਥਾ ਵੱਲੋਂ ਉਨ੍ਹਾਂ ਨੂੰ ਹਾਰਦਿਕ ਵਧਾਈ ਦਿੰਦਿਆਂ ਭਵਿੱਖ ਵਿੱਚ ਵੀ ਸਿੱਖਿਆ,ਖੇਡਾਂ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਇਸੇ ਤਰ੍ਹਾਂ ਯੋਗਦਾਨ ਪਾਉਂਦੇ ਰਹਿਣ ਦੀ ਕਾਮਨਾ ਕੀਤੀ ਗਈ। ਮੈਡਮ ਰਣਜੀਤ ਕੌਰ ਸੰਧੂ ਨੇ ਸੰਸਥਾ ਅਤੇ ਸਮੂਹ ਅਹੁਦੇਦਾਰਾਂ ਦਾ ਹਾਰਦਿਕ ਧੰਨਵਾਦ ਕੀਤਾ। ਉਨ੍ਹਾਂ ਆਪਣੀ ਇਸ ਵਿਲੱਖਣ ਪ੍ਰਾਪਤੀ ਨੂੰ ਆਪਣੇ ਸਵਰਗਵਾਸੀ ਪਤੀ ਨੂੰ ਸਮਰਪਿਤ ਕੀਤਾ। ਇਸ ਮੌਕੇ ਪ੍ਰਧਾਨ ਗੁਰਿੰਦਰ ਸਿੰਘ ਮੱਟੂ, ਫਾਦਰ ਪੀਕੇ ਜੌਨ,ਮੈਡਮ ਵੰਦਨਾ ਅਤੇ ਦਮਨਪ੍ਰੀਤ ਕੌਰ ਮੌਜੂਦ ਸਨ

# ਸੰਤ ਬਾਬਾ ਗੁਰਬਖਸ਼ ਸਿੰਘ ਖ਼ਾਲਸਾ ਅਕੈਡਮੀ, ਜੱਬੋਵਾਲ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਮਨਾਇਆ ਅਧਿਆਪਕ ਦਿਵਸ



**ਚੌਕ ਮਹਿਤਾ, 8 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸੰਤ ਬਾਬਾ ਮਲਕੀਤ ਸਿੰਘ ਜੀ ਨੇ ਦੱਸਿਆ ਕਿ ਇੱਕ ਅਧਿਆਪਕ ਵਿਦਿਆਰਥੀਆਂ ਲਈ ਚਾਨਣ ਮੁਨਾਰਾ ਅਤੇ ਮਾਰਗ-ਦਰਸ਼ਕ ਹੈ। ਖ਼ਾਲਸਾ ਅਕੈਡਮੀ ਦੇ ਮੁਖੀ ਸੰਤ ਬਾਬਾ ਮਲਕੀਤ ਸਿੰਘ ਜੀ ਦੀ ਸਰਪ੍ਰਸਤੀ ਹੇਠ ਯੂਅਰ ਸੇਵਾ ਸੰਸਥਾ ਯੂ ਕੇ ਵੱਲੋਂ ਚਲਾਏ ਜਾ ਰਹੇ ਵਿੱਦਿਅਕ ਅਦਾਰੇ ਸੰਤ ਬਾਬਾ ਗੁਰਬਖ਼ਸ਼ ਸਿੰਘ ਜੀ ਖਾਲਸਾ ਅਕੈਡਮੀ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਕੱਲ੍ਹ 5 ਸਤੰਬਰ ਵਾਲੇ ਦਿਨ ਮੈਨੇਜਮੈਂਟ ਕਮੇਟੀ ਦੇ ਸਹਿਯੋਗ ਸਦਕਾ ਅਧਿਆਪਕ ਦਿਵਸ ਮਨਾਇਆ। ਇਸ ਮੌਕੇ ਮੁੱਖ ਸੇਵਾਦਾਰ ਭਾਈ ਮਲਕੀਤ ਸਿੰਘ ਜੀ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਗੁਰੂ ਸਾਹਿਬ ਜੀ ਸਾਡੇ ਸਾਰਿਆਂ ਉਸਤਾਦਾਂ ਦੇ ਵੀ ਉਸਤਾਦ ਹਨ ਕਿਉਂਕਿ ਸਾਰੇ ਅਧਿਆਪਕ ਗੁਰੂ ਸਾਹਿਬ ਕੋਲੋਂ ਅਸੀਸ ਲੈ ਕੇ ਹੀ ਵਿੱਦਿਆ ਵੰਡਦੇ ਹਨ। ਭਾਈ ਅਮਰੀਕ ਸਿੰਘ ਜੀ ਨੇ ਗੁਰਬਾਣੀ ਵਿੱਚੋਂ ਪਰਮਾਣ ਦੇ ਕੇ ਗੁਰੂ, ਉਸਤਾਦ, ਅਧਿਆਪਕ ਬਾਰੇ ਚਾਨਣਾ ਪਾਇਆ। ਪ੍ਰਿੰਸੀਪਲ ਭਾਈ ਸੁਰਿੰਦਰਜੀਤ ਸਿੰਘ ਨੇ ਅਕੈਡਮੀ ਦੇ ਸਾਰੇ ਪਰਿਵਾਰ ਨੂੰ ਵਧਾਈਆਂ ਵੀ ਦਿੱਤੀਆਂ ਅਤੇ ਅਧਿਆਪਕਾਂ ਨੂੰ ਦੱਸਿਆ ਕਿ ਤੁਹਾਡਾ ਵਿਦਿਆਰਥੀਆਂ ਪ੍ਰਤੀ ਸਬਰ, ਦਿਆਲਤਾ ਅਤੇ ਲਗਨ ਇਹਨਾਂ ਦਾ ਜੀਵਨ ਬਦਲ ਸਕਦੀ ਹੈ ਅਤੇ ਅਖ਼ੀਰ ਵਿੱਚ ਭਾਈ ਤੇਜਬੀਰ ਸਿੰਘ ਜੀ ਨੇ ਸਮੂਹ ਅਧਿਆਪਕਾਂ ਦਾ ਬੱਚਿਆਂ ਪ੍ਰਤੀ ਜਿਗਿਆਸਾ, ਮਿਹਨਤ ਅਤੇ ਸਮਰਪਣ ਲਈ ਧੰਨਵਾਦ ਕੀਤਾ ਅਤੇ ਸਾਰਿਆਂ ਨੂੰ ਹਰ ਇੱਕ ਭਾਸ਼ਾ ਸਿੱਖਣ ਲਈ ਪ੍ਰੇਰਿਤ ਕੀਤਾ ਤਾਂ ਜੋ ਆਪਾਂ ਵਿੱਦਿਆ ਦੇ ਹਰ ਇੱਕ ਪੱਖ ਤੋਂ ਕਾਮਯਾਬ ਹੋ ਸਕੀਏ। ਸਮੁੱਚੀ ਮੈਨੇਜਮੈਂਟ ਅਤੇ ਪ੍ਰਿੰਸੀਪਲ ਸਾਹਿਬ ਵੱਲੋਂ ਅਧਿਆਪਕ, ਉਸਤਾਦ ਸਹਿਬਾਨ ਅਤੇ ਬਾਕੀ ਸਾਰੇ ਸਟਾਫ਼ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਇਸ ਖ਼ੁਸ਼ੀ ਦੇ ਮੌਕੇ ਤੇ ਸੁਪਰਡੈਂਟ ਭਾਈ ਗੁਰਪਿੰਦਰ ਸਿੰਘ, ਭਾਈ ਸਤਵੰਤ ਸਿੰਘ, ਡਾਕਟਰ ਭਾਈ ਹਰਜੀਤ ਸਿੰਘ, ਭਾਈ ਸੁਖਚੈਨ ਸਿੰਘ, ਭਾਈ ਸੁਖਦੇਵ ਸਿੰਘ, ਭਾਈ ਬੂਟਾ ਸਿੰਘ, ਭਾਈ ਨਿਸ਼ਾਨ ਸਿੰਘ, ਭਾਈ ਹੁਸਨਪ੍ਰੀਤ ਸਿੰਘ, ਭਾਈ ਅਰਜਨ ਸਿੰਘ ਅਤੇ ਭਾਈ ਅਮਨਦੀਪ ਸਿੰਘ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਖੇਡਾਂ ਵਤਨ ਪੰਜਾਬ ਦੀਆਂ-2026 ਅਧੀਨ

# ਬਲਾਕ ਪੱਧਰੀ ਖੇਡਾਂ ਦਾ ਪਹਿਲਾ ਦਿਨ ਉਤਸ਼ਾਹ ਨਾਲ ਸੰਪੰਨ



**ਜੰਡਿਆਲਾ ਗੁਰੂ , 8 ਸਤੰਬਰ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਸਰਕਾਰ ਅਤੇ ਖੇਡ ਵਿਭਾਗ ਪੰਜਾਬ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ, ਖੇਡ ਪ੍ਰਤਿਭਾ ਨੂੰ ਉਤਸ਼ਾਹਿਤ ਕਰਨ ਅਤੇ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਹੋਰ ਮਜ਼ਬੂਤ ਕਰਨ ਦੇ ਮਕਸਦ ਨਾਲ 'ਖੇਡਾਂ ਵਤਨ ਪੰਜਾਬ ਦੀਆਂ-2026' ਅਧੀਨ ਬਲਾਕ ਪੱਧਰੀ, ਜ਼ਿਲ੍ਹਾ ਪੱਧਰੀ ਅਤੇ ਰਾਜ ਪੱਧਰੀ ਖੇਡਾਂ ਕਰਵਾਈਆਂ ਜਾ ਰਹੀਆਂ ਹਨ।ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫ਼ਸਰ ਅੰਮ੍ਰਿਤਸਰ ਸ੍ਰ. ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਬਲਾਕ ਪੱਧਰੀ ਖੇਡਾਂ ਦਾ ਪਹਿਲਾ ਪੜਾਅ 8 ਤੋਂ 11 ਸਤੰਬਰ 2026 ਤੱਕ ਅਤੇ ਦੂਜਾ ਪੜਾਅ 14 ਤੋਂ 17 ਸਤੰਬਰ 2026 ਤੱਕ ਕਰਵਾਇਆ ਜਾ ਰਿਹਾ ਹੈ। ਅੱਜ ਪਹਿਲੇ ਪੜਾਅ ਅਧੀਨ ਅੰਡਰ-14 ਵਰਗ ਦੀਆਂ ਖੇਡਾਂ ਦੀ ਸ਼ੁਰੂਆਤ ਕੀਤੀ ਗਈ।ਉਨ੍ਹਾਂ ਦੱਸਿਆ ਕਿ ਬਲਾਕ ਪੱਧਰ 'ਤੇ ਐਥਲੈਟਿਕਸ, ਫੁੱਟਬਾਲ, ਕਬੱਡੀ ਨੈਸ਼ਨਲ ਸਟਾਈਲ, ਕਬੱਡੀ ਸਰਕਲ ਸਟਾਈਲ, ਵਾਲੀਬਾਲ ਸਮੈਸ਼ਿੰਗ, ਵਾਲੀਬਾਲ ਸ਼ੂਟਿੰਗ ਅਤੇ ਖੋ-ਖੋ ਦੇ ਮੁਕਾਬਲੇ ਕਰਵਾਏ ਜਾ ਰਹੇ ਹਨ।ਬਲਾਕ ਅਜਨਾਲਾ ਵਿਖੇ ਖੇਡਾਂ ਸਰਕਾਰੀ ਕਾਲਜ ਅਜਨਾਲਾ ਵਿਖੇ ਕਰਵਾਈਆਂ ਗਈਆਂ। ਇਨ੍ਹਾਂ ਖੇਡਾਂ ਦਾ ਉਦਘਾਟਨ ਹਲਕਾ ਅਜਨਾਲਾ ਦੇ ਵਿਧਾਇਕ ਸ੍ਰ. ਕੁਲਦੀਪ ਸਿੰਘ ਧਾਲੀਵਾਲ ਵੱਲੋਂ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਖਿਡਾਰੀਆਂ ਨੂੰ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਅਤੇ ਵੱਧ ਤੋਂ ਵੱਧ ਖੇਡਾਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਸਿਹਤਮੰਦ ਜੀਵਨ ਜਿਊਣ ਦੇ ਨਾਲ-ਨਾਲ ਅਨੁਸ਼ਾਸਨ ਅਤੇ ਟੀਮ ਭਾਵਨਾ ਦੀ ਸਿੱਖਿਆ ਵੀ ਦਿੰਦੀਆਂ ਹਨ।ਬਲਾਕ ਅਟਾਰੀ ਵਿਖੇ ਖੇਡਾਂ ਓਲੰਪੀਅਨ ਸ਼ਮਸ਼ੇਰ ਸਿੰਘ ਸੀਨੀਅਰ ਸੈਕੰਡਰੀ ਸਕੂਲ ਅਟਾਰੀ ਵਿਖੇ ਕਰਵਾਈਆਂ ਗਈਆਂ। ਬਲਾਕ ਪੱਧਰੀ ਖੇਡਾਂ ਦਾ ਉਦਘਾਟਨ ਏ.ਡੀ.ਸੀ. ਸ੍ਰ. ਜਸਵਿੰਦਰ ਸਿੰਘ ਅਤੇ ਐਸ.ਡੀ.ਐਮ. ਅੰਮ੍ਰਿਤਸਰ-2 ਸ੍ਰ. ਗੁਰਮੰਦਰ ਸਿੰਘ ਵੱਲੋਂ ਕੀਤਾ ਗਿਆ।ਵਾਲੀਬਾਲ: ਅੰਡਰ-14 ਲੜਕਿਆਂ ਦੇ ਮੁਕਾਬਲੇ ਵਿੱਚ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਅਟਾਰੀ ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਅੰਡਰ-14 ਲੜਕੀਆਂ ਦੇ ਮੁਕਾਬਲੇ ਵਿੱਚ ਵੀ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਅਟਾਰੀ ਦੀ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਫੁੱਟਬਾਲ: ਅੰਡਰ-14 ਲੜਕਿਆਂ ਦੇ ਮੁਕਾਬਲੇ ਵਿੱਚ ਓਲੰਪੀਅਨ ਸ਼ਮਸ਼ੇਰ ਸਿੰਘ ਸੀਨੀਅਰ ਸੈਕੰਡਰੀ ਸਕੂਲ ਅਟਾਰੀ ਨੇ ਪਹਿਲਾ ਸਥਾਨ ਅਤੇ ਮਾਊਂਟ ਲਿਟਰਾ ਜੀ ਸਕੂਲ ਨੇ ਦੂਜਾ ਸਥਾਨ ਹਾਸਲ ਕੀਤਾ।ਬਲਾਕ ਵੇਰਕਾ ਵਿਖੇ ਖੇਡਾਂ ਮੈਰੀਟੋਰੀਅਸ ਸਕੂਲ ਵਿਖੇ ਕਰਵਾਈਆਂ ਗਈਆਂ। ਇਨ੍ਹਾਂ ਖੇਡਾਂ ਦਾ ਉਦਘਾਟਨ ਹਲਕਾ ਪੱਛਮੀ ਦੇ ਵਿਧਾਇਕ ਡਾ. ਜਸਬੀਰ ਸਿੰਘ ਸੰਧੂ ਦੇ ਭਰਾ ਸ੍ਰ. ਦਵਿੰਦਰ ਸਿੰਘ ਸੰਧੂ ਵੱਲੋਂ ਕੀਤਾ ਗਿਆ।ਕਬੱਡੀ ਨੈਸ਼ਨਲ ਸਟਾਈਲ: ਅੰਡਰ-14 ਲੜਕੀਆਂ ਦੇ ਮੁਕਾਬਲੇ ਵਿੱਚ ਬਾਬਾ ਦੀਪ ਸਿੰਘ ਸਪੋਰਟਸ ਕਲੱਬ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।ਕਬੱਡੀ ਸਰਕਲ ਸਟਾਈਲ: ਅੰਡਰ-14 ਲੜਕਿਆਂ ਦੇ ਮੁਕਾਬਲੇ ਵਿੱਚ ਸ਼ਹੀਦ ਭਗਤ ਸਿੰਘ ਯੂਥ ਕਲੱਬ ਮਾਨਾਂਵਾਲਾ ਨੇ ਪਹਿਲਾ ਸਥਾਨ ਹਾਸਲ ਕੀਤਾ।ਐਥਲੈਟਿਕਸ: ਅੰਡਰ-14 ਲੜਕਿਆਂ ਦੀ 600 ਮੀਟਰ ਦੌੜ ਵਿੱਚ ਅਰਸ਼ਦੀਪ ਸਿੰਘ, ਸ.ਸ.ਸ.ਸ. ਝੰਮੇਵਾਲ ਨੇ ਪਹਿਲਾ, ਸੁਖਮਨਜੀਤ ਸਿੰਘ, ਸ.ਸ.ਸ. ਵਡਾਲਾ ਜੌਹਲ ਨੇ ਦੂਜਾ ਅਤੇ ਲਵਪ੍ਰੀਤ ਸਿੰਘ, ਖਾਲਸਾ ਸ.ਸ.ਸ. ਨਵਾਂ ਪਿੰਡ ਨੇ ਤੀਜਾ ਸਥਾਨ ਹਾਸਲ ਕੀਤਾ।ਅੰਡਰ-14 ਲੜਕੀਆਂ ਦੀ 600 ਮੀਟਰ ਦੌੜ ਵਿੱਚ ਵਿਪਨਪ੍ਰੀਤ ਕੌਰ, ਕਾਨਵੈਂਟ ਸਕੂਲ ਜੰਡਿਆਲਾ ਨੇ ਪਹਿਲਾ, ਜਸਨਪ੍ਰੀਤ ਕੌਰ, ਸ.ਹ.ਸ. ਕਾਲਾ ਨੇ ਦੂਜਾ ਅਤੇ ਰੂਬਲਪ੍ਰੀਤ ਕੌਰ, ਸ.ਹ.ਸ. ਕਾਲਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਬਲਾਕ ਤਰਸਿੱਕਾ ਵਿਖੇ ਖੇਡਾਂ ਸ.ਸ.ਸ. ਸਕੂਲ ਤਰਸਿੱਕਾ ਵਿਖੇ ਕਰਵਾਈਆਂ ਗਈਆਂ। ਬਲਾਕ ਪੱਧਰੀ ਖੇਡਾਂ ਦਾ ਉਦਘਾਟਨ ਸਕੂਲ ਦੇ ਪ੍ਰਿੰਸੀਪਲ ਸ੍ਰੀ ਦੀਪਕ ਕੁਮਾਰ ਵੱਲੋਂ ਕੀਤਾ ਗਿਆ।ਬਲਾਕ ਚੌਗਾਵਾਂ ਵਿਖੇ ਖੇਡਾਂ ਮੇਵਾਂ ਸਿੰਘ ਸਪੋਰਟਸ ਸਟੇਡੀਅਮ ਲੋਪੋਕੇ ਵਿਖੇ ਕਰਵਾਈਆਂ ਗਈਆਂ।ਕਬੱਡੀ ਸਰਕਲ ਸਟਾਈਲ: ਅੰਡਰ-14 ਲੜਕਿਆਂ ਦੇ ਮੁਕਾਬਲੇ ਵਿੱਚ ਸ.ਸ.ਸ.ਸ. ਸਕੂਲ ਸਾਰੰਗੜਾ ਨੇ ਪਹਿਲਾ, ਭਟੇਵੰਡ ਕਲੱਬ ਨੇ ਦੂਜਾ ਅਤੇ ਸਤਿਆ ਭਾਰਤੀ ਸਕੂਲ ਚੌਗਾਵਾਂ ਨੇ ਤੀਜਾ ਸਥਾਨ ਹਾਸਲ ਕੀਤਾ।ਕਬੱਡੀ ਨੈਸ਼ਨਲ ਸਟਾਈਲ: ਅੰਡਰ-14 ਲੜਕਿਆਂ ਦੇ ਮੁਕਾਬਲੇ ਵਿੱਚ ਸ.ਸ.ਸ.ਸ. ਸਕੂਲ ਸਾਰੰਗੜਾ ਨੇ ਪਹਿਲਾ ਅਤੇ ਭਿੱਟੇਵੱਢ ਕਲੱਬ ਨੇ ਦੂਜਾ ਸਥਾਨ ਪ੍ਰਾਪਤ ਕੀਤਾ।ਜ਼ਿਲ੍ਹਾ ਖੇਡ ਅਫ਼ਸਰ ਸ੍ਰ. ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਬਲਾਕ ਪੱਧਰੀ ਖੇਡਾਂ ਵਿੱਚ ਖਿਡਾਰੀਆਂ ਵੱਲੋਂ ਭਾਰੀ ਉਤਸ਼ਾਹ ਨਾਲ ਭਾਗ ਲਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਦੀ ਊਰਜਾ ਨੂੰ ਸਹੀ ਦਿਸ਼ਾ ਦੇਣ ਦੇ ਨਾਲ-ਨਾਲ ਉਨ੍ਹਾਂ ਵਿੱਚ ਅਨੁਸ਼ਾਸਨ, ਸਹਿਯੋਗ ਅਤੇ ਮੁਕਾਬਲੇ ਦੀ ਭਾਵਨਾ ਪੈਦਾ ਕਰਦੀਆਂ ਹਨ। ਇਸ ਮੌਕੇ ਖੇਡ ਵਿਭਾਗ ਦੇ ਕੋਚਿਜ਼ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਸ਼ੇਰੋਂ ਖੰਡ ਮਿੱਲ ਮੋਰਚੇ ਦੇ 111ਵੇਂ ਦਿਨ ਪੰਜਾਬ ਸਰਕਾਰ ਖਿਲਾਫ਼ ਕੀਤੀ ਨਾਅਰੇਬਾਜ਼ੀ

## ਮਾਨ ਸਰਕਾਰ ਕੀਤੇ ਵਾਅਦੇ ਮੁਤਾਬਕ ਖੰਡ ਮਿੱਲ ਚਾਲੂ ਕਰੇ : ਐਸ .ਕੇ ਐਮ



ਤਰਨ ਤਾਰਨ, 8 ਸਤੰਬਰ (ਆਵਾਜ਼ਿ ਕੌਮ ਬਿਊਰੋ)- ਸ਼ੇਰੋਂ ਖੰਡ ਮਿੱਲ ਮੋਰਚੇ ਦੇ 111 ਵੇਂ ਦਿਨ ਸਯੁੰਕਤ ਕਿਸਾਨ ਮੋਰਚੇ ਦੇ ਆਗੂਆਂ ਨੇ ਪੰਜਾਬ ਸਰਕਾਰ ਖਿਲਾਫ਼ ਜੋਰਦਾਰ ਨਾਅਰੇਬਾਜ਼ੀ ਕੀਤੀ । ਇਸ ਮੌਕੇ ਤੇ ਸਯੁੰਕਤ ਕਿਸਾਨ ਮੋਰਚੇ ਦੇ ਆਗੂਆਂ ਰਤਨ ਸਿੰਘ ਢੰਡ ,ਤਰਸੇਮ ਸਿੰਘ ਲੁਹਾਰ ,ਮਨਜੀਤ ਸਿੰਘ ਬੱਗੂ ,ਰਾਜਗੋਬਿੰਦ ਸਿੰਘ ਜਮਾਲਪੁਰ , ਜਸਬੀਰ ਸਿੰਘ ਨਿੱਝਰ ਆਦਿ ਨੇ ਕਿਹਾ ਕਿ ਸ਼ੇਰੋਂ ਖੰਡ ਮਿੱਲ ਮੁੜ ਚਾਲੂ ਕਰਨ ਦੇ ਮਾਮਲੇ ਤੇ ਕੀਤੇ ਵਾਅਦੇ ਤੋਂ ਪੰਜਾਬ ਦੀ ਮਾਨ ਸਰਕਾਰ ਮੁੱਕਰ ਗਈ ਹੈ ।ਆਗੂਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਕਹਿਣੀ ਅਤੇ ਕਥਨੀ ਵਿੱਚ ਜ਼ਮੀਨ ਅਸਮਾਨ ਦਾ ਫਰਕ ਹੈ ਕਿਉਂਕਿ ਆਪ ਸਰਕਾਰ ਸ਼ਹੀਦੇ ਆਜ਼ਮ ਭਗਤ ਸਿੰਘ ਦੀ ਬਸੰਤੀ ਪੱਗ ਬੰਨ ਕੇ ਪੰਜਾਬ ਦੇ ਲੋਕਾਂ ਨੂੰ ਮੂਰਖ ਬਣਾ ਰਹੀ ਹੈ ਜਦ ਕਿ ਸ਼ਹੀਦ ਭਗਤ ਸਿੰਘ ਦੀ ਵਿਚਾਰਧਾਰਾ ਨਾਲ ਆਮ ਆਦਮੀ ਪਾਰਟੀ ਦਾ ਦੂਰ ਦਾ ਵੀ ਵਾਹ ਵਾਸਤਾ ਨਹੀਂ ਹੈ । ਕਿਸਾਨ ਆਗੂਆਂ ਨੇ ਕਿਹਾ ਕਿ ਮਾਨ ਸਰਕਾਰ ਰਵਾਇਤੀ ਪਾਰਟੀਆਂ ਤੋਂ ਦੋ ਕਦਮ ਅੱਗੇ ਹੋ ਕੇ ਲੋਕ ਵਿਰੋਧੀ ਨੀਤੀਆਂ ਲਾਗੂ ਕਰਨ ਦੇ ਇਲਾਵਾ ਸੂਬੇ ਨੂੰ ਕਰਜ਼ੇ ਦੇ ਮੱਕੜ ਜਾਲ ਵਿੱਚ ਫ਼ਸਾ ਰਹੀ ਹੈ । ਇਸ ਮੌਕੇ ਤੇ ਕਿਸਾਨ ਆਗੂਆਂ ਗੁਰਪ੍ਰੀਤ ਸਿੰਘ ਗੰਡੀਵਿੰਡ , ਜੱਸਾ ਸਿੰਘ ਕੱਦਗਿੱਲ , ਗੁਰਚਰਨ ਸਿੰਘ ਸਭਰਾ , ਸਰਬਜੀਤ ਸਿੰਘ , ਬਲਵਿੰਦਰ ਸਿੰਘ ਮੁੰਡਾਪਿੰਡ , ਕਾਰਜ ਸਿੰਘ ਕੈਰੋਂ , ਅੰਮ੍ਰਿਪਾਲ ਸਿੰਘ ਬਾਕੀਪੁਰ , ਅਗਰੇਜ ਸਿੰਘ , ਅਮਰਜੀਤ ਸਿੰਘ ਚੱਕ ਮਹਿਰ, ਸੂਬੇਦਾਰ ਜਸਪਾਲ ਸਿੰਘ, ਬਲਕਾਰ ਸਿੰਘ ਕੋਟ, ਹਰਭਜਨ ਸਿੰਘ ਚੂਸਲੇਵੜ੍ਹ , ਪ੍ਰਿੰਸੀਪਲ ਦਲਬੀਰ ਸਿੰਘ ਦਿਉਲ, ਮੰਗਲ ਸਿੰਘ ਮੁਗਲ ਚੱਕ , ਬਾਬਾ ਮਹਿੰਦਰ ਸਿੰਘ ਵੈਂਈਪੂਈ , ਗੁਰਮੇਜ ਸਿੰਘ ਗੋਰਖਾ , ਅਜਮੇਰ ਸਿੰਘ ਕੱਲਾ ਆਦਿ ਨੇ ਮਾਨ ਸਰਕਾਰ ਕੋਲੋਂ ਮੰਗ ਕੀਤੀ ਕਿ ਸ਼ੇਰੋਂ ਖੰਡ ਮਿੱਲ ਤੁਰੰਤ ਚਾਲੂ ਕੀਤੀ ਜਾਵੇ ।

# ਸਿੰਘ ਸਾਹਿਬ ਬਾਬਾ ਜੋਗਾ ਸਿੰਘ ਨੇ ਹਰਮੇਸ਼ ਕੌਰ ਜੋਧੇ ਦੀ ਪੁਸਤਕ 'ਸ਼੍ਰੀ ਮਿਸਲ ਸ਼ਹੀਦਾਂ ਤਰਨਾ ਦਲ ਬਾਬਾ ਬਕਾਲਾ ਸਾਹਿਬ' ਸੰਗਤਾਂ ਨੂੰ ਕੀਤੀ ਅਰਪਿਤ



**ਬਾਬਾ ਬਕਾਲਾ ਸਾਹਿਬ, 8 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਅੱਜ ਇੱਥੇ ਮਿਸਲ ਸ਼ਹੀਦਾਂ ਤਰਨਾ ਦਲ ਬਾਬਾ ਬਕਾਲਾ ਸਾਹਿਬ ਦੇ ਹੈੱਡਕੁਆਟਰ ਗੁਰਦੁਆਰਾ ਛੇਵੀਂ ਪਾਤਸ਼ਾਹੀ ਬਾਬਾ ਬਕਾਲਾ ਸਾਹਿਬ ਵਿਖੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਇਕ ਵਿਸ਼ੇਸ਼ ਉਪਰਾਲੇ ਤਹਿਤ ਕਰਵਾਏ ਗਏ ਇਕ ਸਮਾਗਮ ਦੌਰਾਨ, ਮਿਸਲ ਸ਼ਹੀਦਾਂ ਤਰਨਾ ਦਲ ਬਾਬਾ ਬਕਾਲਾ ਸਾਹਿਬ ਦੇ 16ਵੇਂ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਜੋਗਾ ਸਿੰਘ ਨੇ ਪ੍ਰੋ: ਹਰਮੇਸ਼ ਕੌਰ ਜੋਧੇ (ਸਾ: ਜ਼ਿਲ੍ਹਾ ਭਾਸ਼ਾ ਅਫਸਰ) ਦੀ ਲਿਖੀ ਧਾਰਮਿਕ ਪੁਸਤਕ 'ਸ਼੍ਰੋਮਣੀ ਪੰਥ ਅਕਾਲੀ ਸ੍ਰੀ ਮਿਸਲ ਸ਼ਹੀਦਾਂ ਤਰਨਾ ਦਲ ਬਾਬਾ ਬਕਾਲਾ ਸਾਹਿਬ' ਸੰਗਤਾਂ ਨੂੰ ਕੀਤੀ ਅਰਪਿਤ ਕੀਤੀ ।ਗਿਆਨੀ ਗੁਰਵਿੰਦਰ ਸਿੰਘ ਨੰਗਲੀ (ਟਕਸਾਲ ਭਾਈ ਨੰਦ ਲਾਲ ਜੀ) ਦੇ ਵਿਸ਼ੇਸ਼ ਸਹਿਯੋਗ ਸਦਕਾ ਪ੍ਰਕਾਸ਼ਿਤ ਇਸ ਪੁਸਤਕ ਨੂੰ ਸੰਗਤਾਂ ਦੇ ਅਰਪਿਤ ਕਰਦਿਆਂ ਸਿੰਘ ਸਾਹਿਬ ਜਥੇਦਾਰ ਬਾਬਾ ਜੋਗਾ ਸਿੰਘ ਨੇ ਕਿਹਾ ਕਿ ਸਿੱਖ ਇਤਿਹਾਸ ਵਿੱਚ ਮਿਸਲ ਸ਼ਹੀਦਾਂ ਤਰਨਾ ਦਲ ਬਾਬਾ ਬਕਾਲਾ ਸਾਹਿਬ ਦਾ ਬੜਾ ਸ਼ਾਨਾਮੱਤਾ ਇਤਿਹਾਸ ਹੈ ਅਤੇ ਨਿਹੰਗ ਸਿੰਘਾਂ ਦੀਆਂ ਕੁਰਬਾਨੀਆਂ ਨੂੰ ਸਦਾ ਯਾਦ ਰੱਖਿਆ ਜਾਵੇਗਾ ।ਇਸ ਮੌਕੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ, ਖਜ਼ਾਨਚੀ ਮਾ: ਮਨਜੀਤ ਸਿੰਘ ਵੱਸੀ, ਮੀਤ ਪ੍ਰਧਾਨ ਡਾ: ਕੁਲਵੰਤ ਸਿੰਘ ਬਾਠ, ਸੂਬੇਦਾਰ ਹਰਜਿੰਦਰ ਸਿੰਘ ਨਿੱਝਰ, ਅਜੀਤ ਸਿੰਘ ਸਠਿਆਲਵੀ, ਸਰਬਜੀਤ ਸਿੰਘ ਪੱਡਾ, ਬਲਵਿੰਦਰ ਸਿੰਘ ਅਠੌਲਾ, ਸੰਤੋਖ ਸਿੰਘ ਪੰਨੂੰ, ਮਹਿਲਾ ਵਿੰਗ ਦੇ ਪ੍ਰਧਾਨ ਸੁਖਵੰਤ ਕੌਰ ਵੱਸੀ, ਮੀਤ ਪ੍ਰਧਾਨ ਹਰਵਿੰਦਰਜੀਤ ਕੌਰ ਬਾਠ ਤੋਂ ਇਲਾਵਾ ਤਰਨਾ ਦਲ ਦੇ ਬਾਬਾ ਸੁੱਖਾ ਸਿੰਘ, ਬਾਬਾ ਬਲਰਾਜ ਸਿੰਘ (ਗੁ: ਗੋਬਿੰਦਗੜ੍ਹ ਸਾਹਿਬ), ਇੰਦਰਜੀਤ ਸਿੰਘ, ਸੁਖਵਿੰਦਰ ਸਿੰਘ, ਜਸਵਿੰਦਰ ਸਿੰਘ (ਸਾਰੇ ਨੀਡਜ਼ ਹੌਲਸੇਲ), ਜ: ਜਰਨੈਲ ਸਿੰਘ ਚੀਮਾਂਬਾਠ, ਬਲਬੀਰ ਸਿੰਘ ਬਾਊ ਅਤੇ ਹੋਰ ਹਾਜ਼ਰ ਸਨ।

# ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 650 ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਹੋਵੇਗਾ ਪਠਲਾਵਾ ਸੰਸਥਾ ਦਾ ਸਲਾਨਾ ਸਹਾਇਤਾ ਵੰਡ ਸਮਾਗਮ : ਸ ਇੰਦਰਜੀਤ ਸਿੰਘ ਵਾਰੀਆ

## ਸਮਾਗਮ ਗੁਰਦੁਆਰਾ ਸ਼ਹੀਦ ਬਾਬਾ ਬੇਅੰਤ ਸਿੰਘ ਚੌਹੜਾ,ਕੋਟ ਪੱਲੀਆਂ ਬੰਗਾ ਤੋਂ ਗੜ੍ਹਸ਼ੰਕਰ ਰੋਡ ਤੇ ਹੋਵੇਗਾ



**ਪਿਛਲੇ** ਤਿੰਨ ਦਹਾਕਿਆਂ ਤੋਂ ਨਿਰੰਤਰ ਸਮਾਜ ਸੇਵਾ ਦੇ ਨਿਵੇਕਲੇ ਮਾਰਗ ਤੇ ਚਲ ਕੇ ਇਕ ਖਾਸ ਪਹਿਚਾਣ ਬਣਾ ਚੁੱਕੀ ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਦੀ ਮਾਸਿਕ ਮੀਟਿੰਗ, ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ ਜੀ ਦੀ ਰਹਿਨੁਮਾਈ ਹੇਠ ਵਾਰੀਆ ਪਰਿਵਾਰ ਦੇ ਗ੍ਰਹਿ ਪਿੰਡ ਪਠਲਾਵਾ ਵਿਖੇ ਪਾਰਕ ਵਿਚ ਹਈ। ਮੀਟਿੰਗ ਦੌਰਾਨ ਲਏ ਫੈਸਲਿਆਂ ਦੀ ਪ੍ਰੈਸ ਨੂੰ ਜਾਣਕਾਰੀ ਸਾਂਝੀ ਕਰਦਿਆਂ ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ, ਧਾਰਮਿਕ ਵਿੰਗ ਦੇ ਮੁਖੀ ਜਥੇਦਾਰ ਸਵਰਨਜੀਤ ਸਿੰਘ ਪਠਲਾਵਾ, ਪ੍ਰਧਾਨ ਸ ਪ੍ਰਮਜੀਤ ਸਿੰਘ ਸੂਰਾਪੁਰ, ਜਨਰਲ ਸਕੱਤਰ ਮਾ ਤਰਲੋਚਨ ਸਿੰਘ ਪਠਲਾਵਾ ਅਤੇ ਸੰਸਥਾ ਦੇ ਮੁੱਖ ਬੁਲਾਰੇ ਲੈਕਚਰਾਰ ਤਰਸੇਮ ਪਠਲਾਵਾ ਨੇ ਸਾਂਝੇ ਤੌਰ ਤੇ ਆਖਿਆ ਕਿ ਸੰਸਥਾ ਦਾ 29 ਵਾਂ ਸਲਾਨਾ ਸਹਾਇਤਾ ਵੰਡ ਸਮਾਗਮ ਧੰਨ ਧੰਨ ਸ਼੍ਰੀ ਗੁਰੂ ਰਵਿਦਾਸ ਜੀ ਮਹਾਰਾਜ ਜੀ ਦੇ 650 ਸਾਲਾਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਹੋਵੇਗਾ। ਉਹਨਾਂ ਨੇ ਇਹ ਵੀ ਦੱਸਿਆ ਕਿ ਇਹ ਸਮਾਗਮ ਗੁਰਦੁਆਰਾ ਸ਼ਹੀਦ ਬਾਬਾ ਬੇਅੰਤ ਸਿੰਘ ਚੌਹੜਾ,ਕੋਟ ਪੱਲੀਆਂ ਬੰਗਾ ਤੋਂ ਗੜ੍ਹਸ਼ੰਕਰ ਰੋਡ ਤੇ ਹੋਵੇਗਾ। ਸੰਸਥਾ ਦੇ ਸੀਨੀਅਰ ਉਪ ਚੇਅਰਮੈਨ ਸ ਤਰਲੋਚਨ ਸਿੰਘ ਵਾਰੀਆ, ਸਰਪ੍ਰਸਤ ਸ ਬਲਵੀਰ ਸਿੰਘ ਐਕਸ ਆਰਮੀ ਸਾਹਿਬ ,ਕਾਰਜਕਾਰੀ ਪ੍ਰਧਾਨ ਸ ਬਲਵੀਰ ਸਿੰਘ ਯੂ ਕੇ, ਡਾਕਟਰ ਸੰਜੀਵ ਕੁਮਾਰ ਐਮਾਂ ਜਟਾਂ,ਮਾ ਰਮੇਸ਼ ਕੁਮਾਰ ਅਤੇ ਮੀਡੀਆ ਇੰਚਾਰਜ ਹਰਜੀਤ ਸਿੰਘ ਜੀਤਾ ਨੇ ਹੋਰ ਵੇਰਵੇ ਸਾਂਝੇ ਕਰਦਿਆਂ ਦੱਸਿਆ ਕਿ ਇਸ ਮੁਬਾਰਕ ਅਵਸਰ ਤੇ ਸੰਸਥਾ ਵਲੋਂ ਸਤਿਗੁਰੂ ਰਵਿਦਾਸ ਜੀ ਮਹਾਰਾਜ ਜੀ ਦੇ ਜੀਵਨ , ਉਹਨਾਂ ਦੁਆਰਾ ਰਚਿਤ ਬਾਣੀ ਜੋਂ ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿਚ ਸਵਾਏਮਾਨ ਹੈ ਦੀ ਰੌਸ਼ਨੀ ਵਿਚ ਇਕ ਨਿਵੇਕਲਾ, ਏਕ ਨੂਰ, ਸੋਵੀਨਾਰ ਰਿਲੀਜ਼ ਕੀਤਾ ਜਾਵੇਗਾ। ਇਸ ਤੋਂ ਇਲਾਵਾ ਗੁਰੂ ਜੀ ਦੇ ਮੁਖਾਰਬਿੰਦ ਤੋਂ ਉਚਾਰਣ ਕੀਤੀ ਬਾਣੀ ਦਾ ਮਨੋਹਰ ਕੀਰਤਨ ਹੋਵੇਗਾ। ਇਲਾਕੇ ਦੀਆਂ ਸਮਾਜ ਸੇਵਾ ਨੂੰ ਸਮਰਪਿਤ ਮਹੱਤਵਪੂਰਨ ਸ਼ਖ਼ਸੀਅਤ ਅਤੇ ਸੰਸਥਾਵਾਂ ਦਾ ਸਨਮਾਨ ਵੀ ਕੀਤਾ ਜਾਵੇਗਾ। ਲੋੜਵੰਦ ਗਰੀਬ ਪਰਿਵਾਰ ਦੀਆਂ ਬਹੂ ਬੇਟੀਆਂ ਨੂੰ ਸਿਲਾਈ ਕਢਾਈ ਦੇ ਰੁਜ਼ਗਾਰ ਮੁਖੀ ਕਿਤੇ ਨਾਲ ਜੋੜਨ ਹਿਤ ਸਿਲਾਈ ਮਸ਼ੀਨਾਂ ਅਤੇ ਸਰੀਰਕ ਤੌਰ ਤੇ ਅਪੰਗ ਵਿਅਕਤੀਆਂ ਨੂੰ ਵੀਹਲ ਚੇਅਰਾਂ/ਟ੍ਰਾਈਸਾਈਕਲ ਵੀ ਦਿਤੇ ਜਾਣਗੇ। ਇਸ ਤੋਂ ਇਲਾਵਾ ਗੁਰੂ ਜੀ ਦੇ ਜੀਵਨੀ ਤੇ ਲਿਖਿਆ ਸਾਹਿਤ ਵੀ ਸੰਗਤਾਂ ਵਿਚ ਮੁਫ਼ਤ ਵੰਡਿਆ ਜਾਵੇਗਾ। ਵਾਤਾਵਰਨ ਦੀ ਸ਼ੁਧਤਾ ਲਈ ਹਾਈਬ੍ਰਿਡ ਛਾਂਦਾਰ ਅਤੇ ਫਲਦਾਰ ਬੂਟਿਆਂ ਦਾ ਲੰਗਰ ਵੀ ਵੰਡਿਆ ਜਾਵੇਗਾ। ਇਸ ਅਵਸਰ ਤੇ ਹੋਰਨਾਂ ਤੋਂ ਇਲਾਵਾ ਸੰਸਥਾ ਦੇ ਡਾਇਰੈਕਟਰ ਸੇਹਤ ਸੇਵਾਵਾਂ ਡਾਕਟਰ ਪਰਮਿੰਦਰ ਸਿੰਘ ਵਾਰੀਆ,ਵਾਈਸ ਪ੍ਰਧਾਨ ਸ੍ਰੀ ਸਤੀਸ਼ ਕੁਮਾਰ ਐਮਾਂ ਜਟਾਂ,ਡਾ ਕੁਲਦੀਪ ਰਾਜ ਬੰਗਾ,, ਜਤਿੰਦਰਪਾਲ ਸਿੰਘ ਸੂਰਾਪੁਰ, ਰਜਿੰਦਰ ਸਿੰਘ ਜਿੰਦਾ, ਪ੍ਰੈਸ ਸਕੱਤਰ ਮਾ ਸੁਰਿੰਦਰ ਸਿੰਘ ਕਰਮ, ਸੰਦੀਪ ਕੁਮਾਰ ਗੌੜ, ਪਰਮਿੰਦਰ ਸਿੰਘ ਰਾਣਾ,ਰਣਜੀਤ ਸਿੰਘ ਰਾਜੂ,,ਦੀਪ ਚੰਦ ਬਰੇਲੀ, ਸ ਅਜੀਤ ਸਿੰਘ ਇਸਤਰੀ ਵਿੰਗ ਦੇ ਚੇਅਰਪਰਸਨ ਸ੍ਰੀਮਤੀ ਕੁਲਵਿੰਦਰ ਕੌਰ ਵਾਰੀਆ, ਮੈਡਮ ਸਰਬਜੀਤ ਕੌਰ ਪਠਲਾਵਾ, ਮੈਡਮ ਕਮਲਜੀਤ ਕੌਰ ਐਮਾਂ ਜਟਾਂ ਹਾਜ਼ਰ ਸਨ। **-ਰਿਪੋਰਟ ਹਰਪ੍ਰੀਤ ਸਿੰਘ ਪਠਲਾਵਾ**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243